Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 98 Chief Editor : Chowdhary Prabhjit Singh, Editor : Chhatarpal Singh 98146-32807, Thursday 1 October 2026 Price : 2 Rs. 

## ਹਾਈਕੋਰਟ ਨੇ ਪੰਜਾਬ ਸਰਕਾਰ ਤੋਂ ਸੋਸ਼ਲ ਮੀਡੀਆ ’ਤੇ ਫਰਜ਼ੀ ਪੋਸਟਾਂ ਖਿਲਾਫ ਕਾਰਵਾਈ ਦੀ ਮੰਗੀ ਰਿਪੋਰਟ

**ਚੰਡੀਗੜ੍ਹ, 30 ਸਤੰਬਰ**
**-ਜੀ. ਐਸ. ਤੁੰਗ-**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਵਿੱਚ ਹੋਈ ਹਿੰਸਾ, ਅੱਗ ਲਗਾਉਣ ਅਤੇ ਭੰਨਤੋੜ ਦਾ ਮਾਮਲਾ ਪਟੀਸ਼ਨ ਦਾਖ਼ਲ ਹੋਣ ਤੋਂ ਬਾਅਦ ਨਿਆਂਇਕ ਘੇਰੇ ਵਿੱਚ ਆ ਗਿਆ ਹੈ। ਇਸ ’ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਬੁੱਧਵਾਰ ਨੂੰ ਪੰਜਾਬ ਸਰਕਾਰ ਤੋਂ ਸਥਿਤੀ ਰਿਪੋਰਟ ਤਲਬ ਕੀਤੀ ਹੈ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਡਿਵੀਜ਼ਨ ਬੈਂਚ ਨੇ ਸਾਫ ਕੀਤਾ ਕਿ ਰਿਪੋਰਟ ਵਿੱਚ ਇਹ ਸਪੱਸ਼ਟ ਕੀਤਾ ਜਾਵੇ ਕਿ ਸੋਸ਼ਲ ਮੀਡੀਆ ਪੋਸਟ ਵਿੱਚ ਜ਼ਿਕਰ ਕੀਤੀ ਘਟਨਾ ਅਸਲ ਵਿੱਚ ਵਾਪਰੀ ਸੀ ਜਾਂ ਨਹੀਂ। ਬੈਂਚ ਨੇ ਸੁਣਵਾਈ ਦੌਰਾਨ ਮੌਖਿਕ ਟਿੱਪਣੀ ਕੀਤੀ ਕਿ ਸੋਸ਼ਲ ਮੀਡੀਆ ਪੋਸਟਾਂ ਸਿਰਫ਼ ਪਰੇਸ਼ਾਨੀ ਦਾ ਸਾਧਨ ਬਣ ਗਈਆਂ ਹਨ।

ਵਿਦਿਆਰਥੀਆਂ ਵਿੱਚ ਫੈਲੀ ਇਸ ਅਪੁਸ਼ਟ ਪੋਸਟ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਕੈਂਪਸ ਵਿੱਚ ਇੱਕ ਕਰਮਚਾਰੀ ਨੇ ਵਿਦਿਆਰਥਣ ਨਾਲ ਜਬਰ ਜਨਾਹ ਕੀਤਾ ਅਤੇ ਯੂਨੀਵਰਸਿਟੀ ਨੇ ਉਸ ਨੂੰ ਘਰ ਭੇਜ ਦਿੱਤਾ। ਪਟੀਸ਼ਨਰ ਨੇ ਜੋੜਿਆ ਕਿ ਪੋਸਟ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਬਾਅਦ ਵਿੱਚ ਲੜਕੀ ਨੇ ਆਪਣੀ ਜਾਨ ਦੇ ਦਿੱਤੀ। ਬੈਂਚ ਨੇ



ਸੂਬਾ ਸਰਕਾਰ ਤੋਂ ਪੁੱਛਿਆ ਕਿ ਜਦੋਂ ਅਜਿਹੀ ਕੋਈ ਘਟਨਾ ਨਹੀਂ ਵਾਪਰੀ ਸੀ ਅਤੇ ਗਲਤ ਖ਼ਬਰ ਫੈਲਾਈ ਗਈ, ਤਾਂ ਸਰਕਾਰ ਦੀਆਂ ਕੀ ਜ਼ਿੰਮੇਵਾਰੀਆਂ ਸਨ। ਦੂਜੇ ਪਾਸੇ, ਸਰਕਾਰ ਨੇ ਕਿਹਾ ਕਿ ਮਾਮਲੇ ਦੀ ਜਾਂਚ ਚੱਲ ਰਹੀ ਹੈ ਅਤੇ ਇਸ ਸਮੇਂ ਇਹ ਨਹੀਂ ਕਿਹਾ ਜਾ ਸਕਦਾ ਕਿ ਘਟਨਾ ਨਹੀਂ ਵਾਪਰੀ।

ਹਾਲਾਂਕਿ, ਬੈਂਚ ਨੇ ਸਪੱਸ਼ਟਤਾ ਮੰਗੀ ਕਿ ਜੇਕਰ ਘਟਨਾ ਵਾਪਰੀ ਹੈ ਤਾਂ ਕੀ ਕਾਰਵਾਈ ਕੀਤੀ ਗਈ ਅਤੇ ਜੇਕਰ ਨਹੀਂ ਵਾਪਰੀ ਤਾਂ ਸੋਸ਼ਲ ਮੀਡੀਆ ਪੋਸਟ ਨੂੰ ਹਟਾਉਣ ਅਤੇ ਅੱਗੇ ਦੀ ਕਾਰਵਾਈ ਲਈ ਪੁਲੀਸ ਕਮਿਸ਼ਨਰ ਦੇ ਦਸਤਖ਼ਤ ਹੇਠ ਰਿਪੋਰਟ ਦਾਖ਼ਲ ਕੀਤੀ ਜਾਵੇ। ਮਾਮਲੇ ਦੀ ਅਗਲੀ ਸੁਣਵਾਈ 8 ਅਕਤੂਬਰ ਨੂੰ ਹੋਵੇਗੀ।

ਪਟੀਸ਼ਨਰ ਵੱਲੋਂ ਸੀਨੀਅਰ ਵਕੀਲ ਗੌਰਵ ਚੋਪੜਾ ਪੇਸ਼ ਹੋਏ, ਜਦਕਿ ਭਾਰਤ ਵੱਲੋਂ ਐਡੀਸ਼ਨਲ ਸੌਲਿਸਿਟਰ ਜਨਰਲ ਸਤਿਆ ਪਾਲ ਜੈਨ ਅਤੇ ਪੰਜਾਬ ਸਰਕਾਰ ਵੱਲੋਂ ਸੀਨੀਅਰ ਵਕੀਲ ਤੇ ਏ.ਏ.ਜੀ. ਚੰਚਲ ਕੇ. ਸਿੰਗਲਾ ਨੇ ਦਲੀਲਾਂ ਦਿੱਤੀਆਂ।

ਸੀ.ਬੀ.ਆਈ. ਜਾਂਚ ਦੀ ਮੰਗ ਕਰਨ ਵਾਲੀ ਇਹ ਪਟੀਸ਼ਨ ਵਿਦਿਆਰਥੀ ਰਵੀ ਰਾਜ ਨੇ ਦਾਖ਼ਲ ਕੀਤੀ ਹੈ। ਪਟੀਸ਼ਨ ਵਿੱਚ ਦੱਸਿਆ ਗਿਆ ਕਿ ਯੂਨੀਵਰਸਿਟੀ ਦੇ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਰਾਜ ਸਭਾ ਮੈਂਬਰ ਹਨ, ਜੋ ਅਪਰੈਲ 2026 ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਸਨ ਅਤੇ ਸੂਬੇ ਵਿੱਚ ਅਗਲੇ ਸਾਲ ਦੇ ਸ਼ੁਰੂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ।

ਪਟੀਸ਼ਨ ਮੁਤਾਬਿਕ, ਉਸ ਪੋਸਟ ਅਤੇ ਵਟਸਐਪ ਸੁਨੇਹਿਆਂ ਦੇ ਆਧਾਰ ’ਤੇ ਕਰੀਬ 2,000 ਵਿਦਿਆਰਥੀ ਹੋਸਟਲ ਜੀ.ਐੱਚ.-3 ਬਾਹਰ ਇਕੱਠੇ ਹੋਏ ਅਤੇ ਰਾਤ ਕਰੀਬ 2 ਵਜੇ ਫਗਵਾੜਾ ਤੇ ਜਲੰਧਰ ਵਿਚਕਾਰ ਨੈਸ਼ਨਲ ਹਾਈਵੇਅ ਨੰਬਰ 44 ਨੂੰ ਜਾਮ ਕਰ ਦਿੱਤਾ। ਵਿਦਿਆਰਥੀਆਂ ਅਤੇ ਬਾਹਰੀ ਲੋਕਾਂ ਨੇ ਕਈ ਇਮਾਰਤਾਂ ਨੂੰ ਅੱਗ ਲਗਾ ਦਿੱਤੀ, ਦਰਵਾਜ਼ੇ, ਸ਼ੀਸ਼ੇ ਤੋੜ ਦਿੱਤੇ ਅਤੇ ਸਟਾਫ ’ਤੇ ਹਮਲਾ ਕੀਤਾ। ਪਟੀਸ਼ਨਰ ਨੇ ਦੋਸ਼ ਲਾਇਆ ਕਿ ਜ਼ਿਆਦਾਤਰ ਹਿੰਸਾ ਕਰਨ ਵਾਲੇ ਬਾਹਰੀ ਲੋਕ ਸਨ ਜੋ ਤਲਵਾਰਾਂ, ਰਾਡਾਂ, ਬੰਦੂਕਾਂ ਅਤੇ ਦਾਤਰਾਂ ਨਾਲ ਲੈਸ ਹੋ ਕੇ ਆਏ ਸਨ। ਉਨ੍ਹਾਂ ਨੇ ਗੇਟ ਤੋੜੇ, ਸੀ.ਸੀ.ਟੀ.ਵੀ. ਕੈਮਰੇ, ਕੰਪਿਊਟਰ ਅਤੇ ਏ.ਟੀ.ਐੱਮ. ਤਬਾਹ ਕਰ ਦਿੱਤੇ ਅਤੇ ਲੁੱਟਮਾਰ ਕੀਤੀ। ਪਟੀਸ਼ਨਰ ਨੇ ਇਹ ਵੀ ਦੋਸ਼ ਲਾਇਆ ਕਿ ਪੁਲੀਸ ਨੂੰ ਰਾਤ 1:45 ਵਜੇ ਹੀ ਇਕੱਠ ਬਾਰੇ ਪਤਾ ਲੱਗ ਗਿਆ ਸੀ, ਪਰ ਘੰਟਿਆਂਬੱਧੀ ਹਿੰਸਾ ਜਾਰੀ ਰਹੀ ਅਤੇ ਕੋਈ ਗ੍ਰਿਫ਼ਤਾਰੀ ਨਹੀਂ ਹੋਈ।

## ਨਸ਼ੇ ਦੇ ਖ਼ਾਤਮੇ ਲਈ ਜਲੰਧਰ ਆਉਣਾ ਮੇਰੇ ਲਈ ਭਾਗਾਂ ਵਾਲੀ ਗੱਲ: ਅਮਿਤ ਸ਼ਾਹ

**ਜਲੰਧਰ, 30 ਸਤੰਬਰ**
**-ਛਤਰਪਾਲ ਸਿੰਘ-**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਪਰਾਗਪੁਰ ਵਿਖੇ ਭਾਜਪਾ ਦੀ ਵੱਡੀ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਲਈ ਸਭ ਤੋਂ ਜ਼ਿਆਦਾ ਬਲਿਦਾਨ ਪੰਜਾਬ ਨੇ ਦਿੱਤਾ ਹੈ। ਮੈਂ ਪੰਜਾਬ ਦੀਆਂ ਮਾਤਵਾਂ ਨੂੰ ਹੱਥ ਜੋੜ ਕੇ ਪ੍ਰਣਾਮ ਕਰਦਾ ਹਾਂ। ਆਪ ਸਰਕਾਰ ਨੇ ਚਿੱਟੇ ਦੇ ਵਪਾਰ ਨੂੰ ਖੁੱਲੇਆਮ ਚੱਲਜ਼ਣ ਦਿੱਤਾ। ਪੰਜਾਬ ਦੀਆਂ ਚੋਣਾਂ ਵਿਚ ਕਿਸਾਨਾਂ ਦੇ, ਕਾਨੂੰਨ ਵਿਵਸਥਾ, ਮਹਿਲਾ ਸੁਰੱਖਿਆ ਆਦਿ ਕਈ ਮੁੱਦੇ ਹਨ।ਭਾਜਪਾ ਨਸ਼ਾ ਮੁਕਤ ਪੰਜਾਬ ਦਾ ਮੁੱਦਾ ਲੈ ਕੇ ਪੰਜਾਬ ਦੀਆਂ ਚੋਣਾਂ ਲੜਨ ਵਾਲੀ ਹੈ। ਚੋਣਾਂ ਵਿਚ ਭਾਜਪਾ ਨੂੰ ਵੋਟ ਪਾਓ। ਮੈਂ ਵਾਅਦਾ ਕਰਦਾ ਹਾਂ ਕਿ ਜੇਕਰ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣੀ ਤਾਂ 31 ਦਸੰਬਰ 2029 ਤੋਂ ਪਹਿਲਾਂ ਪੰਜਾਬ ਨੂੰ ਚਿੱਟੇ ਦੇ ਵਪਾਰ ਤੋਂ ਮੁਕਤ ਕਰ ਦੇਵਾਂਗੇ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਜਲੰਧਰ ਪਹੁੰਚੇ, ਜਿੱਥੇ ਉਨ੍ਹਾਂ ਪਰਾਗਪੁਰ ਵਿਖੇ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਆਖਰੀ ਪੜ੍ਹਾਅ ਦੀ ਮਹਾਰੈਲੀ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ਵਿਚ ਗੁਰੂਆਂ ਦੀ ਧਰਤੀ ਨੂੰ ਪ੍ਰਣਾਮ ਕਰਦੇ ਹੋਏ ਅਮਿਤ ਸ਼ਾਹ ਨੇ ਕਿਹਾ ਕਿ ਜਲੰਧਰ



ਵਿਚ ਆਉਣਾ ਮੇਰੇ ਲਈ ਖ਼ੁਸ਼ਕਿਸਮਤੀ ਵਾਲੀ ਗੱਲ ਹੈ ਪਰ ਨਸ਼ਾ ਖ਼ਤਮ ਕਰਨ ਲਈ ਮੇਰੇ ਲਈ ਇਥੇ ਆਉਣਾ ਪਰਮ ਸੌਭਾਗ ਵਾਲੀ ਗੱਲ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਤੁਸੀਂ ਭਾਜਪਾ ਦਾ ਸਮਰਥਨ ਕਰੋ, ਅਸੀਂ 31 ਦਸੰਬਰ 2029 ਤੋਂ ਪਹਿਲਾਂ ਪੰਜਾਬ ਨੂੰ ਚਿੱਟੇ ਤੋਂ ਮੁਕਤ ਕਰਾਂਗੇ। ਅਸੀਂ ਜੋ ਕਿਹਾ ਕਿ ਉਹ ਕਰਕੇ ਵਿਖਾਇਆ ਹੈ, ਕਮਸ਼ੀਰ ਨੂੰ ਅੱਤਵਾਦ ਤੋਂ ਮੁਕਤ ਕੀਤਾ ਹੈ। ਭਾਜਪਾ ਸਿਰਫ਼ ਪੰਜਾਬ ਵਿਚ ਨਸ਼ੇ ਦੇ ਮੁੱਦੇ ’ਤੇ ਹੀ ਚੋਣ ਲੜੇਗੀ। ਆਮ ਆਦਮੀ ਪਾਰਟੀ ’ਤੇ ਸ਼ਬਦੀ ਹਮਲੇ ਕਰਦੇ ਹੋਏ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚਿੱਟੇ ਦੇ ਕਾਰੋਬਾਰ ਸ਼ਰੇਆਮ ਚੱਲਣ ਦਿੱਤਾ। ਹੁਣ ਸਮਾਂ ਆ ਗਿਆ ਹੈ ਪੰਜਾਬ ਨੂੰ ਚਿੱਟਾ ਮੁਕਤ ਕੀਤਾ ਜਾਵੇ। ਮੈਂ ਪੰਜਾਬ ਦੇ ਨੌਜਵਾਨਾਂ ਅਤੇ ਮਾਵਾਂ ਨੂੰ ਕਹਿਣ ਆਇਆ ਹਾਂ ਕਿ 31 ਦਸੰਬਰ 2029 ਤੋਂ ਬਾਅਦ ਤੁਹਾਡੇ ਬੱਚਿਆਂ ਨੂੰ ਚਿੱਟਾ ਉਪਲੱਬਧ ਕਰਵਾਉਣ ਵਾਲਾ ਕੋਈ ਨਹੀਂ ਬਚੇਗਾ। ਮੈਂ ਪੀੜਤ ਪਰਿਵਾਰਾਂ ਨੂੰ ਮਿਲਣ ਆਇਆ ਹਾਂ। ਮੈਂ ਭਗਵੰਤ ਮਾਨ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਜੇਕਰ ਪੰਜਾਬ ਨੂੰ ਕੁਝ ਨਾ ਦੇ ਕੇ ਨਸ਼ਾ ਮੁਕਤ ਪੰਜਾਬ ਬਣਾਉਂਦੇ ਤਾਂ ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਨੂੰ ਮੁਆਫ਼ ਕਰ ਦਿੰਦੀ। ਸਾਡੀ ਸਰਕਾਰ ਆਉਣ ’ਤੇ ਨੌਜਾਵਾਨਾਂ ਨੂੰ ਰੋਜ਼ਗਾਰ ਦਿੱਤਾ ਜਾਵੇਗਾ। ਪੰਜਾਬ ’ਚ ਸਿਰਫ਼ ਭਾਜਪਾ ਨਸ਼ੇ ਦੇ ਮੁੱਦੇ ’ਤੇ ਚੋਣ ਲੜੇਗੀ। ਐੱਮ. ਐੱਸ. ਪੀ. ਮੁੱਦੇ ’ਤੇ ਬੋਲਦੇ ਹੋਏ ਅਮਿਤ ਸ਼ਾਹ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਐੱਮ. ਐੱਸ. ਪੀ. ਵਾਲਾ ਵਾਅਦਾ ਪੂਰਾ ਨਹੀਂ ਕੀਤਾ। ਕਿਸਾਨਾਂ ਲਈ ਅਮਿਤ ਸ਼ਾਹ ਨੇ ਵੱਡਾ ਐਲਾਨ ਕਰਦੇ ਹੋਏ ਕਿਹਾ ਕਿ ਪੰਜਾਬ ’ਚ ਕਿਸਾਨਾਂ ਦੀਆਂ ਪਰੇਸ਼ਾਨੀਆਂ ਦਾ ਹੱਲ ਕੀਤਾ ਜਾਵੇਗਾ। ਹਰਿਆਣਾ ਵਿਚ ਕਿਸਾਨਾਂ ਨੂੰ ਐੱਮ. ਐੱਸ. ਪੀ. ਦਿੱਤੀ ਜਾ ਰਹੀ। ਪੰਜਾਬ ਦੀ ਵਿੱਤੀ ਹਾਲਤ ਨੂੰ ਠੀਕ ਕੀਤਾ ਜਾਵੇਗਾ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਸ਼ੇਸ਼ ਹੈਲੀਕਾਪਟਰ ਰਾਹੀਂ ਸਿੱਧੇ ਜਲੰਧਰ ਸਥਿਤ ਇਤਿਹਾਸਕ ‘ਸ੍ਰੀ ਦੇਵੀ ਤਲਾਬ ਮੰਦਿਰ’ ਵਿਖੇ ਨਤਮਸਤਕ ਹੋਣ ਤੋਂ ਬਾਅਦ ਰੈਲੀ ਲਈ ਰਵਾਨਾ ਹੋ ਗਏ ਹਨ। ਅੱਜ ਸਵੇਰੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਸਮੇਤ ਦੇਵੀ ਤਲਾਬ ਮੰਦਿਰ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਖ਼ਾਲਿਸਤਾਨੀ ਧਮਕੀ ਤੋਂ ਬਾਅਦ ਕੇਂਦਰੀ ਏਜੰਸੀਆਂ ਅਤੇ ਪੰਜਾਬ ਪੁਲੀਸ ਵੱਲੋਂ ਮੰਦਿਰ ਪਰਿਸਰ ਅਤੇ ਆਸ-ਪਾਸ ਦੇ ਇਲਾਕਿਆਂ ’ਚ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ।

ਇਸ ਤੋਂ ਪਹਿਲਾਂ ਜਲੰਧਰ ਦੇ ਕਈ ਨਿੱਜੀ ਸਕੂਲਾਂ ਨੂੰ ਸਵੇਰੇ 7:07 ਵਜੇ ਪ੍ਰਾਪਤ ਹੋਈ ਇੱਕ ਸਨਸਨੀਖੇਜ਼ ਈਮੇਲ ਵਿੱਚ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ’ਤੇ ਆਈਈਡੀ (954) ਬੰਬ ਧਮਾਕੇ ਕਰਨ ਦੀ ਧਮਕੀ ਦਿੱਤੀ ਗਈ ਸੀ। ਇਸ ਈਮੇਲ ’ਚ ਖ਼ਾਸ ਸਮਾਂ ਤੈਅ ਕਰਦਿਆਂ ਚਿਤਾਵਨੀ ਦਿੱਤੀ ਗਈ ਹੈ ਕਿ ਜਲੰਧਰ ਦੇ ‘ਸਕੂਲਾਂ’ ਵਿੱਚ ਸਵੇਰੇ 11:11 ਵਜੇ, ਸ੍ਰੀ ਦੇਵੀ ਤਲਾਬ ਮੰਦਿਰ ਵਿੱਚ ਦੁਪਹਿਰ 12:11 ਵਜੇ, ਅਦਾਲਤ ਕੰਪਲੈਕਸ ਵਿੱਚ 2:11 ਵਜੇ ਅਤੇ ਇੱਕ ਦਫ਼ਤਰ ਵਿੱਚ ਦੁਪਹਿਰ 3:11 ਵਜੇ ਧਮਾਕੇ ਕੀਤੇ ਜਾਣਗੇ। ਇਸ ਈਮੇਲ ਦੀ ਜ਼ਿੰਮੇਵਾਰੀ ‘ਖ਼ਾਲਿਸਤਾਨ ਆਰਮੀ’ ਵੱਲੋਂ ਲਈ ਗਈ ਹੈ। ਈਮੇਲ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਅਮਿਤ ਸ਼ਾਹ ਦੀ ਰੈਲੀ ਦੀ ਸਟੇਜ ਅਤੇ ਰੈਲੀ ਵਾਲੀ ਥਾਂ ਵੱਲ ਲੋਕਾਂ ਨੂੰ ਲੈ ਕੇ ਜਾ ਰਹੀਆਂ ਬੱਸਾਂ ਵਿੱਚ ਬੰਬ ਫਿੱਟ ਕੀਤੇ ਗਏ ਸਨ। ਇਸ ਤੋਂ ਪਹਿਲਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਜਲੰਧਰ ’ਚ ਨਸ਼ਾ ਵਿਰੋਧੀ ਰੈਲੀ ਨੂੰ ਸੰਬੋਧਨ ਕਰਨ ਲਈ ਹੋ ਰਹੀ ਫੇਰੀ ਵਾਲੇ ਦਿਨ ਹੀ ਸ਼ਹਿਰ ਦੇ ਮੁੱਖ ਚੌਂਕਾਂ ਅਤੇ ਸੜਕਾਂ ’ਤੇ ਭਾਜਪਾ ਸਰਕਾਰ ਤੋਂ ਤਿੱਖੇ ਸਵਾਲ ਪੁੱਛਦੇ ਹੋਏ ਕਈ ਹੋਰਡਿੰਗਜ਼ ਲਗਾਏ ਗਏ ਸਨ। ਰੈਲੀ ਵੱਲ ਜਾਂਦੀਆਂ ਸਾਰੀਆਂ ਪ੍ਰਮੁੱਖ ਸੜਕਾਂ ’ਤੇ ਇੱਕ ਪਾਸੇ ਜਿੱਥੇ ਭਾਜਪਾ ਵੱਲੋਂ ਅਮਿਤ ਸ਼ਾਹ ਦੇ ਸਵਾਗਤੀ ਬੋਰਡ ਲਗਾਏ ਗਏ ਸਨ।

## ਅੰਮ੍ਰਿਤਸਰ ਵਿੱਚ ਨਸ਼ਾ ਤਸਕਰੀ ਤੇ ਗੈਰ-ਕਾਨੂੰਨੀ ਹਥਿਆਰਾਂ ਦੇ 3 ਨੈੱਟਵਰਕ ਬੇਨਕਾਬ, 5 ਮੁਲਜ਼ਮ ਗ੍ਰਿਫ਼ਤਾਰ

**ਅੰਮ੍ਰਿਤਸਰ, 30 ਸਤੰਬਰ**
**-ਜੀ. ਐਸ. ਤੁੰਗ-**

: ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਖ਼ਿਲਾਫ਼ ਕਾਰਵਾਈ ਕਰਦਿਆਂ ਤਿੰਨ ਕਥਿਤ ਨੈੱਟਵਰਕਾਂ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕੀਤਾ ਹੈ। ਪੁਲਿਸ ਨੇ ਇਸ ਕਾਰਵਾਈ ਦੌਰਾਨ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 3.267 ਕਿਲੋਗ੍ਰਾਮ ਹੈਰੋਇਨ, 13 ਪਿਸਤੌਲ ਅਤੇ 22 ਜ਼ਿੰਦਾ ਕਾਰਤੂਸ ਬਰਾਮਦ ਕਰਨ ਦੀ ਜਾਣਕਾਰੀ ਦਿੱਤੀ ਹੈ। ਪੁਲਿਸ ਅਨੁਸਾਰ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਗ੍ਰਿਫ਼ਤਾਰ ਵਿਅਕਤੀ ਕਥਿਤ ਤੌਰ ’ਤੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਨਾਲ ਜੁੜੇ ਹੋਏ ਸਨ। ਅਧਿਕਾਰੀਆਂ ਵੱਲੋਂ ਹੁਣ ਇਸ ਮਾਮਲੇ ਨਾਲ ਸਬੰਧਤ ਹੋਰ ਵਿਅਕਤੀਆਂ ਅਤੇ ਨੈੱਟਵਰਕ ਦੇ ਸੰਪਰਕਾਂ ਬਾਰੇ ਜਾਣਕਾਰੀ ਇਕੱਠੀ




ਕੀਤੀ ਜਾ ਰਹੀ ਹੈ।

ਜਾਂਚ ਟੀਮਾਂ ਵੱਲੋਂ ਬਰਾਮਦ ਕੀਤੀ ਗਈ ਹੈਰੋਇਨ ਅਤੇ ਹਥਿਆਰਾਂ ਦੇ ਸਰੋਤ ਦਾ ਪਤਾ ਲਗਾਉਣ ਦੇ ਨਾਲ-ਨਾਲ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਸਮੱਗਰੀ ਕਿਨ੍ਹਾਂ ਲੋਕਾਂ ਤੱਕ ਪਹੁੰਚਾਈ ਜਾਣੀ ਸੀ। ਪੁਲਿਸ ਵੱਲੋਂ ਮੁਲਜ਼ਮਾਂ ਦੇ ਪਿਛਲੇ ਅਤੇ ਅਗਲੇ ਸੰਪਰਕਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਨੇ ਦੱਸਿਆ ਕਿ ਮਾਮਲੇ ਸਬੰਧੀ ਅੰਮ੍ਰਿਤਸਰ ਦੇ ਡੀ-ਡਿਵੀਜ਼ਨ ਅਤੇ ਛੇਹਰਟਾ ਥਾਣਿਆਂ ਵਿੱਚ ਵੱਖ-ਵੱਖ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਗ੍ਰਿਫ਼ਤਾਰ ਮੁਲਜ਼ਮਾਂ ਤੋਂ ਪੁੱਛਗਿੱਛ ਜਾਰੀ ਹੈ ਤਾਂ ਜੋ ਕਥਿਤ ਨੈੱਟਵਰਕ ਦੇ ਹੋਰ ਮੈਂਬਰਾਂ ਦੀ ਪਛਾਣ ਕੀਤੀ ਜਾ ਸਕੇ।

ਇਸ ਤੋਂ ਇਲਾਵਾ ਜਾਂਚ ਏਜੰਸੀਆਂ ਵੱਲੋਂ ਨੈੱਟਵਰਕ ਨਾਲ ਜੁੜੇ ਕਥਿਤ ਵਿਦੇਸ਼ੀ ਹੈਂਡਲਰਾਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਦੌਰਾਨ ਜੇਕਰ ਹੋਰ ਵਿਅਕਤੀਆਂ ਦੀ ਸ਼ਮੂਲੀਅਤ ਸਾਹਮਣੇ ਆਉਂਦੀ ਹੈ ਤਾਂ ਉਨ੍ਹਾਂ ਖ਼ਿਲਾਫ਼ ਵੀ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਕਮਿਸ਼ਨਰੇਟ ਪੁਲਿਸ ਮੁਤਾਬਕ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਨਾਲ ਜੁੜੇ ਨੈੱਟਵਰਕਾਂ ਨੂੰ ਤੋੜਨ ਲਈ ਜਾਂਚ ਅੱਗੇ ਵੀ ਜਾਰੀ ਰਹੇਗੀ।

ਅਧਿਕਾਰੀਆਂ ਨੇ ਕਿਹਾ ਕਿ ਮਾਮਲੇ ਵਿੱਚ ਅਗਲੇਰੀ ਜਾਂਚ ਦੇ ਆਧਾਰ ’ਤੇ ਹੋਰ ਜਾਣਕਾਰੀਆਂ ਸਾਹਮਣੇ ਆ ਸਕਦੀਆਂ ਹਨ।

## ਡਾ. ਬਲਬੀਰ ਸਿੰਘ ਨੇ ਛੇ ਨਵ-ਨਿਯੁਕਤ ਫੂਡ ਸੇਫਟੀ ਅ.ਫਸਰਾਂ ਨੂੰ ਨਿਯੁਕਤੀ ਪੱਤਰ ਸੌਂਪੇ

**ਚੰਡੀਗੜ੍ਹ 30 ਸਤੰਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸੂਬੇ ਭਰ ਵਿੱਚ ਭੋਜਨ ਸੁਰੱਖਿਆ ਨਿਯਮਾਂ ਨੂੰ ਲਾਗੂ ਕਰਨ ਅਤੇ ਨਿਗਰਾਨ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ, ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਇੱਥੇ ਆਪਣੇ ਦਫ਼ਤਰ ਵਿਖੇ ਫੂਡ ਸੇਫਟੀ ਵਿਭਾਗ ਵਿੱਚ ਛੇ ਨਵ-ਨਿਯੁਕਤ ਫੂਡ ਸੇਫਟੀ ਅਫਸਰਾਂ (ਐਫਐਸਓਜ਼) ਨੂੰ ਨਿਯੁਕਤੀ ਪੱਤਰ ਸੌਂਪੇ।

ਨਵ-ਨਿਯੁਕਤ ਅਧਿਕਾਰੀਆਂ ਵਿੱਚ ਅਨੀਸ਼ ਪਾਲ ਸਿੰਘ, ਸ਼ਿਵਾਲੀ ਬਾਵਾ, ਗੁਰਲੀਨ ਕੌਰ, ਈਸ਼ਾ ਰਾਣੀ, ਪ੍ਰਿਯੰਕਾ ਅਤੇ ਸ਼ੁਭਮ ਸ਼ਰਮਾ ਸ਼ਾਮਲ ਹਨ।



ਨਵ-ਨਿਯੁਕਤ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ, ਡਾ. ਬਲਬੀਰ ਸਿੰਘ ਨੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਲਗਨ ਨਾਲ ਨਿਭਾਉਣ ਅਤੇ ਜਨਤਕ ਸਿਹਤ ਲਈ ਪੇਸ਼ੇਵਰ ਢੰਗ ਤੇ ਵਚਨਬੱਧਤਾ ਨਾਲ ਅਣਥੱਕ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਹਰੇਕ ਨਾਗਰਿਕ ਲਈ ਸੁਰੱਖਿਅਤ ਅਤੇ ਮਿਆਰੀ ਭੋਜਨ ਯਕੀਨੀ ਬਣਾਉਣਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਲੋਕਾਂ ਦੀ ਸਿਹਤ ਦੀ ਰਾਖੀ ਲਈ ਪੂਰੀ ਇਮਾਨਦਾਰੀ ਅਤੇ ਚੌਕਸੀ ਨਾਲ ਆਪਣੇ ਫਰਜ਼ ਨਿਭਾਉਣ ਲਈ ਉਤਸ਼ਾਹਿਤ ਕੀਤਾ।

ਸਿਹਤ ਮੰਤਰੀ ਨੇ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਦੀ ਨਿਯੁਕਤੀ ਨਾਲ ਫੂਡ ਸੇਫਟੀ ਵਿਭਾਗ ਦੀ ਸਮਰੱਥਾ ਵਿੱਚ ਕਾਫ਼ੀ ਵਾਧਾ ਹੋਵੇਗਾ ਅਤੇ ਸੂਬੇ ਭਰ ਵਿੱਚ ਜ਼ਮੀਨੀ ਪੱਧਰ ’ਤੇ ਨਿਗਰਾਨੀ ਅਤੇ ਨਿਯਮਾਂ ਦੇ ਲਾਗੂਕਰਨ ਵਿੱਚ ਮਜ਼ਬੂਤੀ ਆਵੇਗੀ। ਉਨ੍ਹਾਂ ਦੱਸਿਆ ਕਿ ਨਵ-ਨਿਯੁਕਤ ਅਧਿਕਾਰੀ ਭੋਜਨ ਸੁਰੱਖਿਆ ਨਿਯਮਾਂ ਨੂੰ ਸਖਤੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਉਣਗੇ, ਖਾਣ-ਪੀਣ ਵਾਲੇ ਪਦਾਰਥਾਂ ਨਾਲ ਸਬੰਧਤ ਅਦਾਰਿਆਂ ਦੀ ਨਿਯਮਤ ਜਾਂਚ ਕਰਨਗੇ, ਖਾਣ-ਪੀਣ ਵਾਲੀਆਂ ਵਸਤਾਂ ਦੇ ਨਮੂਨੇ ਲੈਣ ਅਤੇ ਜਾਂਚ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਗੇ ਅਤੇ ਭੋਜਨ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਤੁਰੰਤ ਤੇ ਸਖ਼ਤ ਕਾਰਵਾਈ ਯਕੀਨੀ ਬਣਾਉਣਗੇ। ਡਾ. ਬਲਬੀਰ ਸਿੰਘ ਨੇ ਅੱਗੇ ਦੱਸਿਆ ਕਿ ਲਾਗੂ ਭੋਜਨ ਸੁਰੱਖਿਆ ਕਾਨੂੰਨਾਂ ਅਤੇ ਨਿਯਮਾਂ ਤਹਿਤ ਇਹਨਾਂ ਫੂਡ ਸੇਫਟੀ ਅਫਸਰਾਂ ਨੂੰ ਵਿਭਾਗੀ ਲੋੜਾਂ ਅਨੁਸਾਰ ਸੂਬੇ ਭਰ ਵਿੱਚ ਰਣਨੀਤਕ ਤੌਰ ’ਤੇ ਤਾਇਨਾਤ ਕੀਤਾ ਜਾਵੇਗਾ।

ਨਵ-ਨਿਯੁਕਤ ਅਧਿਕਾਰੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ, ਸਿਹਤ ਮੰਤਰੀ ਨੇ ਉਨ੍ਹਾਂ ਨੂੰ ਆਪਣੀਆਂ ਅਧਿਕਾਰਤ ਡਿਊਟੀਆਂ ਪੂਰੀ ਲਗਨ ਨਾਲ ਨਿਭਾਉਣ ਲਈ ਕਿਹਾ ਤਾਂ ਜੋ ਸੂਬੇ ਭਰ ਦੇ ਖਪਤਕਾਰਾਂ ਲਈ ਮਿਲਾਵਟ-ਰਹਿਤ, ਸਾਫ਼-ਸੁਥਰੇ ਅਤੇ ਮਿਆਰੀ ਭੋਜਨ ਪਦਾਰਥ ਯਕੀਨੀ ਬਣਾਏ ਜਾ ਸਕਣ।

ਇਸ ਮੌਕੇ ਸਿਹਤ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ, ਸਿਹਤ ਸੇਵਾਵਾਂ ਦੇ ਡਾਇਰੈਕਟਰ ਡਾ. ਹਿਤਿੰਦਰ ਕੌਰ, ਸਿਹਤ ਸੇਵਾਵਾਂ (ਪਰਿਵਾਰ ਭਲਾਈ) ਦੇ ਡਾਇਰੈਕਟਰ ਡਾ. ਅਦਿਤੀ ਸਲਾਰੀਆ ਅਤੇ ਜੁਆਇੰਟ ਕਮਿਸ਼ਨਰ ਫੂਡ ਸੇਫਟੀ ਡਾ. ਅਮਿਤ ਜੋਸ਼ੀ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

## ਵਿਦੇਸ਼ਾਂ ’ਚ ਬੈਠੇ ਅਪਰਾਧੀਆਂ ਨਾਲ ਸੰਪਰਕ ਦੇ ਦੋਸ਼, ਸਾਬਕਾ ਫੌਜੀ ਸਮੇਤ ਦੋ ਗ੍ਰਿਫ਼ਤਾਰ



**ਪਟਿਆਲਾ, 30 ਸਤੰਬਰ**
**-ਜੀ. ਐਸ. ਤੁੰਗ-**

ਪਟਿਆਲਾ ਪੁਲਿਸ ਦੀ ਸੀ.ਆਈ.ਏ. ਟੀਮ ਨੇ ਥਾਣਾ ਅਰਬਨ ਅਸਟੇਟ ਦੇ ਇਲਾਕੇ ਵਿੱਚ ਕਾਰਵਾਈ ਕਰਦਿਆਂ ਕਥਿਤ ਤੌਰ ’ਤੇ ਅਪਰਾਧਿਕ ਗਿਰੋਹਾਂ ਨਾਲ ਸੰਪਰਕ ਰੱਖ ਕੇ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਸਾਬਕਾ ਫੌਜੀ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਮੁਤਾਬਕ ਮੁਲਜ਼ਮਾਂ ਕੋਲੋਂ 7 ਪਿਸਤੌਲ ਅਤੇ ਰੌਂਦ ਬਰਾਮਦ ਕੀਤੇ ਗਏ ਹਨ। ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਤੇਜਿੰਦਰ ਸਿੰਘ ਉਰਫ਼ ਫੌਜੀ ਅਤੇ ਰਾਹੁਲ, ਦੋਵੇਂ ਜ਼ਿਲ੍ਹਾ ਪਟਿਆਲਾ ਦੇ ਵਸਨੀਕਾਂ ਵਜੋਂ ਹੋਈ ਹੈ। ਇਹ ਕਾਰਵਾਈ ਸੀ.ਆਈ.ਏ. ਪਟਿਆਲਾ ਦੇ ਮੁਖੀ ਸਿਮਰਨਜੀਤ ਸਿੰਘ ਸ਼ੇਰਗਿੱਲ ਦੀ ਅਗਵਾਈ ਵਾਲੀ ਟੀਮ ਵੱਲੋਂ ਕੀਤੀ ਗਈ।

ਐਸ.ਐਸ.ਪੀ. ਹਰਮਨਦੀਪ ਸਿੰਘ ਹੰਸ ਨੇ ਦੱਸਿਆ ਕਿ ਪੁਲਿਸ ਦੀ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਤੇਜਿੰਦਰ ਸਿੰਘ ਉਰਫ਼ ਫੌਜੀ ਦਾ ਅਪਰਾਧਿਕ ਪਿਛੋਕੜ ਹੈ। ਉਹ ਪਹਿਲਾਂ ਭਾਰਤੀ ਫੌਜ ਵਿੱਚ ਸਿਪਾਹੀ ਵਜੋਂ ਸੇਵਾ ਨਿਭਾ ਚੁੱਕਾ ਹੈ, ਪਰ ਅਪਰਾਧਿਕ ਮਾਮਲਿਆਂ ਕਾਰਨ ਉਸ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਸੀ। ਪੁਲਿਸ ਅਨੁਸਾਰ ਉਸ ਖ਼ਿਲਾਫ਼ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਵਿੱਚ ਕਰੀਬ 10 ਮਾਮਲੇ ਦਰਜ ਹਨ। ਪੁਲਿਸ ਅਨੁਸਾਰ ਸਾਲ 2022 ਵਿੱਚ ਕਬੱਡੀ ਖਿਡਾਰੀ ਧਰਮਿੰਦਰ ਭਿੰਦਾ ਦੇ ਕਤਲ ਦੇ ਮਾਮਲੇ ਵਿੱਚ ਵੀ ਤੇਜਿੰਦਰ ਸਿੰਘ ਦਾ ਨਾਮ ਸਾਹਮਣੇ ਆਇਆ ਸੀ। ਇਸ ਮਾਮਲੇ ਵਿੱਚ ਉਹ ਮਈ 2026 ਵਿੱਚ ਜ਼ਮਾਨਤ ’ਤੇ ਬਾਹਰ ਆਇਆ ਸੀ। ਪੁਲਿਸ ਦੀ ਪੁੱਛਗਿੱਛ ਦੌਰਾਨ ਇਹ ਵੀ ਸਾਹਮਣੇ ਆਉਣ ਦੀ ਗੱਲ ਕਹੀ ਗਈ ਹੈ ਕਿ ਮੁਲਜ਼ਮ ਵਿਦੇਸ਼ਾਂ ਵਿੱਚ ਰਹਿ ਰਹੇ ਲਾਰੈਂਸ ਬਿਸ਼ਨੋਈ ਗੈਂਗ ਨਾਲ ਜੁੜੇ ਭਗੌੜਿਆਂ ਅਤੇ ਜੇਲ੍ਹਾਂ ਵਿੱਚ ਬੰਦ ਕੁਝ ਅਪਰਾਧੀਆਂ ਦੇ ਸੰਪਰਕ ਵਿੱਚ ਸੀ। ਪੁਲਿਸ ਨੂੰ ਸ਼ੱਕ ਹੈ ਕਿ ਇਨ੍ਹਾਂ ਸੰਪਰਕਾਂ ਰਾਹੀਂ ਹਥਿਆਰ ਪੰਜਾਬ ਵਿੱਚ ਲਿਆਂਦੇ ਗਏ ਸਨ। ਫਿਲਹਾਲ ਪੁਲਿਸ ਇਹ ਪਤਾ ਲਗਾਉਣ ਵਿੱਚ ਜੁਟੀ ਹੋਈ ਹੈ ਕਿ ਬਰਾਮਦ ਕੀਤੇ ਗਏ ਹਥਿਆਰ ਕਿਸ ਵਿਅਕਤੀ ਜਾਂ ਵਿਅਕਤੀਆਂ ਨੂੰ ਸਪਲਾਈ ਕੀਤੇ ਜਾਣੇ ਸਨ ਅਤੇ ਇਨ੍ਹਾਂ ਦੀ ਵਰਤੋਂ ਕਿਸੇ ਸੰਭਾਵਿਤ ਵਾਰਦਾਤ ਲਈ ਕੀਤੀ ਜਾਣੀ ਸੀ ਜਾਂ ਨਹੀਂ। ਅਧਿਕਾਰੀਆਂ ਮੁਤਾਬਕ ਪੁੱਛਗਿੱਛ ਪੂਰੀ ਹੋਣ ਤੋਂ ਬਾਅਦ ਮਾਮਲੇ ਸਬੰਧੀ ਹੋਰ ਜਾਣਕਾਰੀ ਸਾਹਮਣੇ ਆ ਸਕਦੀ ਹੈ। ਪੁਲਿਸ ਨੇ ਦੋਵੇਂ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਅਤੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।




ਪਬਲਿਕ ਨੋਟਿਸ
ਖੁੱਲ੍ਹੀ ਬੋਲੀ ਨੀਲਾਮੀ
ਦੀ ਪਿਸ਼ੌਰ ਭਾਈ ਕੀ ਖੇਤੀਬਾੜੀ ਬਹੁਮੰਤਵੀ ਸਹਿਕਾਰੀ ਸਭਾ




ਮਿਤੀ: 7 ਅਕਤੂਬਰ 2026 (ਦਿਨ ਬੁੱਧਵਾਰ, ਸਮਾਂ: ਸਵੇਰੇ 11:30 ਵਜੇ
ਸਥਾਨ: ਸਹਿਕਾਰੀ ਸਭਾ ਪਿਸ਼ੌਰ ਭਾਈ ਕੀ
ਬਾਕੀ ਸ਼ਰਤਾਂ ਮੌਕੇ ’ਤੇ ਦੱਸੀਆਂ ਜਾਣਗੀਆਂ
ਸੰਪਰਕ ਨੰ: ਪ੍ਰਧਾਨ-88724-80965, ਸਕੱਤਰ 99156-59877

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

# ਸੰਪਾਦਕੀ

## ਤਅੱਸੁਬ-ਏ-ਨਸਲ ਕਸ਼ਮਕਸ਼, ਲਹੂ ਵਿੱਚ ਲਿਖੀ ਸਰਗੁਜ਼ਸ਼ਤ

29 ਸਤੰਬਰ 1914 ਦਾ ਬੱਜ ਬੱਜ ਘਾਟ ਸਾਕਾ ਭਾਰਤੀ ਇਤਿਹਾਸ, ਪੰਜਾਬੀ ਪਰਵਾਸ ਅਤੇ ਸਿੱਖ ਸੰਘਰਸ਼ ਦੀ ਇੱਕ ਦਰਦਨਾਕ ਘਟਨਾ ਹੈ। ਇਸ ਦੀ ਜੜ੍ਹ ਕਾਮਾਗਾਟਾ ਮਾਰੂ ਦੇ ਸਫ਼ਰ ਵਿੱਚ ਸੀ। ਬਾਬਾ ਗੁਰਦਿੱਤ ਸਿੰਘ ਨੇ 1914 ਵਿੱਚ ਜਪਾਨੀ ਜਹਾਜ਼ ਕਾਮਾਗਾਟਾ ਮਾਰੂ ਰਾਹੀਂ ਭਾਰਤੀ ਯਾਤਰੀਆਂ ਨੂੰ ਕੈਨੇਡਾ ਲਿਜਾਣ ਦੀ ਕੋਸ਼ਿਸ਼ ਕੀਤੀ। ਜਹਾਜ਼ 23 ਮਈ ਨੂੰ ਵੈਨਕੂਵਰ ਪਹੁੰਚਿਆ, ਜਿਸ ਵਿੱਚ ਕੁੱਲ 376 ਯਾਤਰੀ—340 ਸਿੱਖ, 24 ਮੁਸਲਮਾਨ ਅਤੇ 12 ਹਿੰਦੂ ਸਨ।

ਉਸ ਸਮੇਂ ਕੈਨੇਡਾ ਵਿੱਚ ਏਸ਼ੀਆਈ, ਖ਼ਾਸ ਕਰਕੇ ਭਾਰਤੀ ਪਰਵਾਸ ਨੂੰ ਰੋਕਣ ਲਈ ਨਸਲ ਆਧਾਰਿਤ ਕਾਨੂੰਨ ਲਾਗੂ ਸਨ। 1908 ਦੀਆਂ ਪਾਬੰਦੀਆਂ ਵਿੱਚ ਲਗਾਤਾਰ ਸਫ਼ਰ ਦੀ ਸ਼ਰਤ ਰੱਖੀ ਗਈ ਸੀ, ਜਿਸ ਕਾਰਨ ਭਾਰਤ ਤੋਂ ਕੈਨੇਡਾ ਜਾਣਾ ਜ਼ਮੀਨੀ ਤੌਰ ’ਤੇ ਲਗਭਗ ਅਸੰਭਵ ਬਣਾਇਆ ਗਿਆ। ਕਾਮਾਗਾਟਾ ਮਾਰੂ ਦੇ ਯਾਤਰੀਆਂ ਨੂੰ ਦੋ ਮਹੀਨੇ ਜਹਾਜ਼ ’ਤੇ ਹੀ ਰੋਕ ਕੇ ਰੱਖਿਆ ਗਿਆ ਅਤੇ ਉਨ੍ਹਾਂ ਨੂੰ ਕੈਨੇਡਾ ਵਿੱਚ ਉਤਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ।

ਸਥਾਨਕ ਦੱਖਣੀ ਏਸ਼ੀਆਈ ਭਾਈਚਾਰੇ ਨੇ ਯਾਤਰੀਆਂ ਦੇ ਹੱਕ ਵਿੱਚ ਕਾਨੂੰਨੀ ਲੜਾਈ ਲੜੀ, ਧਨ ਇਕੱਠਾ ਕੀਤਾ ਅਤੇ ਵਕੀਲ ਕੀਤਾ, ਪਰ ਅਦਾਲਤੀ ਕੋਸ਼ਿਸ਼ ਅਸਫਲ ਰਹੀ। ਆਖ਼ਰ 23 ਜੁਲਾਈ 1914 ਨੂੰ ਜਹਾਜ਼ ਨੂੰ ਭਾਰਤ ਵਾਪਸ ਭੇਜ ਦਿੱਤਾ ਗਿਆ।

29 ਸਤੰਬਰ ਨੂੰ ਕਾਮਾਗਾਟਾ ਮਾਰੂ ਕਲਕੱਤਾ ਨੇੜੇ ਬੱਜ ਬੱਜ ਘਾਟ ਪਹੁੰਚਿਆ। ਬ੍ਰਿਟਿਸ਼ ਹਕੂਮਤ ਯਾਤਰੀਆਂ ਨੂੰ ਪੰਜਾਬ ਭੇਜਣ ਲਈ ਵਿਸ਼ੇਸ਼ ਰੇਲਗੱਡੀ ਰਾਹੀਂ ਲਿਜਾਣਾ ਚਾਹੁੰਦੀ ਸੀ। ਸਰਕਾਰੀ ਨਜ਼ਰੀਏ ਵਿੱਚ ਕੁਝ ਯਾਤਰੀ ਗ਼ਦਰਵਾਦੀ ਜਾਂ ਬਗਾਵਤੀ ਸਰਗਰਮੀਆਂ ਨਾਲ ਜੁੜੇ ਹੋਣ ਦਾ ਸ਼ੱਕ ਸੀ।

ਇਸ ਮੌਕੇ ਯਾਤਰੀਆਂ ਅਤੇ ਪੁਲਿਸ-ਫ਼ੌਜ ਵਿਚਕਾਰ ਟਕਰਾਅ ਹੋਇਆ। ਭਾਰਤ ਸਰਕਾਰ ਵੱਲੋਂ ਆਜ਼ਾਦੀ ਦੀ ਯਾਦ ਵਿੱਚ ਮਨਾਇਆ ਗਿਆ ਰਾਸ਼ਟਰੀ ਸਮਾਰੋਹ ਦੇ ਇਤਿਹਾਸਕ ਰਿਕਾਰਡ ਅਨੁਸਾਰ, ਯਾਤਰੀਆਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿੱਚ ਸ਼ੋਭਾ ਯਾਤਰਾ ਕੱਢੀ ਅਤੇ ਟਕਰਾਅ ਵਿੱਚ 18 ਸਿੱਖ ਮਾਰੇ ਗਏ ਤੇ 25 ਜ਼ਖ਼ਮੀ ਹੋਏ।

ਕੈਨੇਡਾ ਦੇ ਪਾਰਕਸ ਵਿੱਚ ਕੈਨੇਡਾ ਦੇ ਇਤਿਹਾਸਕ ਰਿਕਾਰਡ ਵਿੱਚ ਮੌਤਾਂ ਦੀ ਗਿਣਤੀ 20 ਦੱਸੀ ਗਈ ਹੈ ਅਤੇ ਕਈ ਹੋਰ ਜ਼ਖ਼ਮੀ ਹੋਣ ??? 200 ਤੋਂ ਵੱਧ ਲੋਕਾਂ ਦੇ ਬਿਨਾਂ ਮੁਕੱਦਮੇ ਕੈਦ ਕੀਤੇ ਜਾਣ ਦਾ ਜ਼ਿਕਰ ਹੈ। ਵੱਖ-ਵੱਖ ਸਰੋਤਾਂ ਵਿੱਚ ਅੰਕੜਿਆਂ ਦੇ ਇਸ ਫ਼ਰਕ ਨੂੰ ਦਰਜ ਕਰਨਾ ਇਤਿਹਾਸਕ ਸਾਵਧਾਨੀ ਲਈ ਜ਼ਰੂਰੀ ਹੈ।

ਬੱਜ ਬੱਜ ਘਾਟ ਸਾਕੇ ਨੂੰ ਸਿਰਫ਼ ਇੱਕ ਪੁਲਿਸ ਗੋਲੀਕਾਂਡ ਵਜੋਂ ਦੇਖਿਆ ਜਾਣਾ, ਇਸ ਦੇ ਵੱਡੇ ਇਤਿਹਾਸਕ ਸੰਦਰਭ ਨੂੰ ਛੋਟਾ ਕਰ ਦੇਵੇਗਾ। ਇਸ ਦੇ ਪਿੱਛੇ ਬਸਤੀਵਾਦ, ਨਸਲੀ ਵਿਤਕਰਾ, ਪਰਵਾਸੀ ਹੱਕ, ਬ੍ਰਿਟਿਸ਼ ਸਾਮਰਾਜ ਦੀ ਰਾਜਨੀਤੀ ਅਤੇ ਭਾਰਤੀਆਂ ਵਿੱਚ ਉਭਰ ਰਹੀ ਆਜ਼ਾਦੀ ਦੀ ਚੇਤਨਾ ਇਕੱਠੇ ਕੰਮ ਕਰ ਰਹੇ ਸਨ।

ਕਾਮਾਗਾਟਾ ਮਾਰੂ ਦੇ ਯਾਤਰੀਆਂ ਨੇ ਵਿਦੇਸ਼ੀ ਧਰਤੀ ’ਤੇ ਨਸਲੀ ਪਾਬੰਦੀਆਂ ਨੂੰ ਚੁਣੌਤੀ ਦਿੱਤੀ; ਬੱਜ ਬੱਜ ਘਾਟ ’ਤੇ ਉਨ੍ਹਾਂ ਨੂੰ ਬਸਤੀਵਾਦੀ ਸ਼ੱਕ ਅਤੇ ਦਮਨ ਦਾ ਸਾਹਮਣਾ ਕਰਨਾ ਪਿਆ। ਇਸੇ ਕਰਕੇ ਇਹ ਘਟਨਾ ਪੰਜਾਬੀ ਪਰਵਾਸੀ ਇਤਿਹਾਸ ਦੇ ਨਾਲ-ਨਾਲ ਭਾਰਤੀ ਆਜ਼ਾਦੀ ਦੇ ਸੰਘਰਸ਼ ਨਾਲ ਵੀ ਡੂੰਘੀ ਤਰ੍ਹਾਂ ਜੁੜੀ ਹੋਈ ਹੈ।

ਕਾਮਾਗਾਟਾ ਮਾਰੂ ਅਤੇ ਬੱਜ ਬੱਜ ਘਾਟ ਦੀ ਗਾਥਾ ਅੱਜ ਵੀ ਇਹ ਸਵਾਲ ਖੜ੍ਹਾ ਕਰਦੀ ਹੈ, ਕਿ ਨਾਗਰਿਕਤਾ, ਮਨੁੱਖੀ ਮਰਯਾਦਾ ਅਤੇ ਪਰਵਾਸੀ ਹੱਕਾਂ ਨੂੰ ਨਸਲ ਅਤੇ ਸਾਮਰਾਜੀ ਤਾਕਤ ਤੋਂ ਕਿੰਨਾ ਪ੍ਰਭਾਵਿਤ ਕੀਤਾ ਜਾ ਸਕਦਾ ਹੈ?

ਕੈਨੇਡਾ ਨੇ 2016 ਵਿੱਚ ਕਾਮਾਗਾਟਾ ਮਾਰੂ ਘਟਨਾ ਨੂੰ ਰਾਸ਼ਟਰੀ ਇਤਿਹਾਸਕ ਮਹੱਤਤਾ ਵਾਲੀ ਘਟਨਾ ਵਜੋਂ ਮਾਨਤਾ ਦਿੱਤੀ ਅਤੇ ਉਸੇ ਸਾਲ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੰਸਦ ਵਿੱਚ ਸਰਕਾਰੀ ਭੂਮਿਕਾ ਲਈ ਰਸਮੀ ਮਾਫ਼ੀ ਵੀ ਮੰਗੀ। ਬੱਜ ਬੱਜ ਘਾਟ ਦੀ ਘਟਨਾ ਸਦਾ ਯਾਦ ਰੱਖੀ ਜਾਣ। ਅਲੀ ਉਹ ਇਤਿਹਾਸ ਦੀ ਯਾਦ ਹੈ ਜਿਸ ਵਿੱਚ ਪਰਵਾਸੀ ਹੱਕ, ਨਸਲੀ ਬਰਾਬਰੀ, ਬਸਤੀਵਾਦ ਵਿਰੋਧ ਅਤੇ ਪੰਜਾਬੀਆਂ ਦੀ ਅਡੋਲਤਾ ਇੱਕੋ ਘਟਨਾ ਵਿੱਚ ਟਕਰਾਉਂਦੇ ਦਿਖਾਈ ਦਿੰਦੇ ਹਨ।


ਸ਼ਹੀਦੇ ਆਜ਼ਮ

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807



Shaheed-e-Azam Printed, publĺished and owned by Harjinder Chaudhary printed at Raftaar Printing Press, Factory Area, Patiaĺa and publĺished at Office Shaheed-e-Azam, Dukhniwaran Chowk Patiala.

Editor : Chhatarpal Singh

PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala

Editor-in-Chief : Prabhjit Singh

Editor : Chhatarpal Singh

Contact : 93165-23260, 98146-32807

Email : seanewspatiala@gmail.com

www.shaheedeazamnews.com

For Advertisement : 93165-23260, 98146-32807


# ਸ਼ਹਾਦਤ ਦਾ ਸਤਿਕਾਰ, ਗੁਰਦੁਆਰਾ ਸੱਭਿਆਚਾਰ




ਗੁਰਮੀਤ ਸਿੰਘ ਤੁੰਗ

ਬਿਊਰੋ ਚੀਫ਼.

9855221193


ਸਿੱਖ ਇਤਿਹਾਸ ਸ਼ਹਾਦਤਾਂ ਨਾਲ ਭਰਿਆ ਹੋਇਆ ਹੈ। ਗੁਰੂ ਅਰਜਨ ਦੇਵ ਜੀ ਮਹਾਰਾਜ ਤੋਂ ਲੈ ਕੇ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ , ਛੋਟੇ ਸਾਹਿਬਜ਼ਾਦਿਆਂ, ਵੱਡੇ ਸਾਹਿਬਜ਼ਾਦਿਆਂ, ਚਮਕੌਰ ਦੇ ਸ਼ਹੀਦਾਂ, ਬਾਬਾ ਦੀਪ ਸਿੰਘ ਜੀ ਅਤੇ ਅਣਗਿਣਤ ਸਿੰਘ-ਸਿੰਘਣੀਆਂ ਤੱਕ, ਸਿੱਖ ਪਰੰਪਰਾ ਨੇ ਸੱਚ, ਧਰਮ, ਨਿਆਂ ਅਤੇ ਮਨੁੱਖੀ ਆਜ਼ਾਦੀ ਲਈ ਆਪਣਾ ਸਭ ਕੁਝ ਵਾਰਨ ਵਾਲਿਆਂ ਨੂੰ ਅਦੁੱਤੀ ਸਤਿਕਾਰ ਦਿੱਤਾ ਹੈ।

ਇਸ ਆਰਟੀਕਲ ਲਿਖਣ ਦੇ ਮੂਡ ਤਹਿਤ ਦਾਸ ਨੂੰ ਪੁੱਛੇ ਸਵਾਲਾਂ ਮੁਤਾਬਿਕ:-

ਕੀ ਸ਼ਹੀਦ ਦਾ ਸਤਿਕਾਰ ਕਰਨਾ ਅਤੇ ਸ਼ਹੀਦ ਦੀ ਉਸਤਤ ਕਰਨਾ ਇੱਕੋ ਗੱਲ ਹੈ?

ਕੀ ਕਿਸੇ ਸ਼ਹੀਦ ਦੀ ਯਾਦ ਵਿੱਚ ਗੁਰਦੁਆਰਾ ਬਣਾਉਣਾ ਉਸ ਦੀ ਧਾਰਮਿਕ ਉਪਾਸਨਾ ਹੈ?

ਕੀ ਕਿਸੇ ਸ਼ਹੀਦ ਨੂੰ ਪੂਜਣਾ ਗੁਰਮਤਿ ਦੀ ਭਾਸ਼ਾ ਹੈ?

ਅਤੇ ਖਾਸ ਬੁੱਧੀਜੀਵੀਆਂ ਵੱਲੋਂ ਸਭ ਤੋਂ ਵੱਡਾ ਪ੍ਰਸ਼ਨ: ਜੇਕਰ ਅਕਾਲ ਹੀ ਅਕਾਲ ਹੈ ਤਾਂ

ਕੀ ਸਿੱਖੀ ਵਿੱਚ ਸ਼ਹਾਦਤ ਦੀ ਮਹਾਨਤਾ ਇੰਨੀ ਹੈ ਕਿ ਸ਼ਹੀਦ ਆਪ ਧਾਰਮਿਕ ਉਪਾਸਨਾ ਦਾ ਕੇਂਦਰ ਬਣ ਜਾਵੇ, ਜਾਂ ਉਸ ਦੀ ਸ਼ਹਾਦਤ ਸਾਨੂੰ ਮੁੜ ਗੁਰੂ, ਗੁਰਬਾਣੀ ਅਤੇ ਅਕਾਲ ਪੁਰਖ ਵੱਲ ਲੈ ਜਾਣੀ ਹੈ?

ਇਨ੍ਹਾਂ ਸਵਾਲਾਂ ਦਾ ਉੱਤਰ ਭਾਵਨਾਵਾਂ ਨਾਲ ਨਹੀਂ, ਗੁਰਬਾਣੀ, ਗੁਰਮਤਿ ਅਤੇ ਪ੍ਰਮਾਣਿਕ ਪੰਥਕ ਪਰੰਪਰਾ ਦੀ ਕਸੌਟੀ ਨਾਲ ਦੇਣਾ ਇੱਥੇ ਅਤਿ ਜਰੂਰੀ ਹੈ।

ਸ਼ਹਾਦਤ ਦੀ ਪਹਿਲੀ ਪੌੜੀ — ਸਿਰ ਦੇਣਾ, ਸੱਚ ਨਾ ਛੱਡਣਾ ਹੈ।

ਗੁਰੂ ਨਾਨਕ ਸਾਹਿਬ ਦਾ ਅਮਰ ਬਚਨ ਹੈ:

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥
ਅੰਗ 1412

ਇੱਥੇ ਸਿਰ ਦੇਣਾ ਕੇਵਲ ਸਰੀਰਕ ਮੌਤ ਦਾ ਪ੍ਰਤੀਕ ਨਹੀਂ। ਇਹ ਉਸ ਅਡੋਲਤਾ ਦਾ ਸੰਕੇਤ ਹੈ ਜਿਸ ਵਿੱਚ ਮਨੁੱਖ ਸੱਚੇ ਮਾਰਗ ’ਤੇ ਚੱਲਣ ਲਈ ਆਪਣੀ ਹਉਮੈ, ਸੁਆਰਥ, ਡਰ ਅਤੇ ਨਿੱਜੀ ਲਾਭ ਤੱਕ ਵਾਰਨ ਲਈ ਤਿਆਰ ਹੁੰਦਾ ਹੈ। ਇਸੇ ਕਰਕੇ ਗੁਰਬਾਣੀ ਵਿੱਚ ਸ਼ਹਾਦਤ ਨੂੰ ਸਮਝਣ ਦੀ ਪਹਿਲੀ ਕੁੰਜੀ ਪ੍ਰੇਮ ਅਤੇ ਸਿੱਖੀ ਸਿਧਾਂਤ ਪ੍ਰਤੀ ਅਡੋਲਤਾ ਹੈ।

ਸ਼ਹੀਦ ਦਾ ਸਿਰ ਗਿਆ, ਪਰ ਜਿਸ ਸੱਚ ਲਈ ਸਿਰ ਗਿਆ , ਉਹ ਸੱਚ ਹੀ ਅਸਲ ਕੇਂਦਰ ਹੈ।

ਇੱਥੇ ਇਹੀ ਫ਼ਰਕ ਸਮਝਣਾ ਹੈ।

ਸ਼ਹੀਦ ਮਾਰਗ ਦੀ ਸ਼ਹਾਦਤ (ਗਵਾਹ) ਹੈ; ਮਾਰਗ ਦਾ ਮਾਲਕ ਨਹੀਂ। ਸੱਚ ਤੋਂ ਵੀ ਉੱਚਾ ਸੱਚਾ ਆਚਰਨ ਦੇ ਸਿਧਾਂਤ ਤੇ:

ਗੁਰੂ ਨਾਨਕ ਸਾਹਿਬ ਫ਼ਰਮਾਉਂਦੇ ਹਨ:

ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ ॥
ਅੰਗ 62

ਗੁਰਬਾਣੀ ਦੀ ਇਹ ਪੰਕਤੀ ਸ਼ਹਾਦਤ ਦੇ ਫ਼ਲਸਫ਼ੇ ਨੂੰ ਬਹੁਤ ਡੂੰਘਾਈ ਦਿੰਦੀ ਹੈ। ਸੱਚ ਬੋਲਣਾ ਮਹੱਤਵਪੂਰਨ ਹੈ, ਪਰ ਉਸ ਸੱਚ ਨੂੰ ਸਿੱਖੀ ਸਿਧਾਂਤ ਤਹਿਤ ਆਚਰਨ ਵਿੱਚ ਉਤਾਰ ਲੈਣਾ ਉਸ ਤੋਂ ਵੀ ਉੱਚਾ ਹੈ।

ਇਸ ਲਈ ਸ਼ਹੀਦ ਦੀ ਅਸਲ ਯਾਦ ਉਸ ਦੀ ਤਸਵੀਰ ਲਗਾਉਣ ਜਾਂ ਉਸ ਦੇ ਨਾਮ ਦੀ ਇਮਾਰਤ ਬਣਾਉਣ ਨਾਲ ਪੂਰੀ ਨਹੀਂ ਹੁੰਦੀ।

ਉਸ ਸ਼ਹੀਦ ਨੇ ਸੱਚ ਲਈ ਸਿਰ ਦਿੱਤਾ ਸੀ ਉਸ ਦੀ ਯਾਦ ਦਾ ਸਭ ਤੋਂ ਵੱਡਾ ਸਤਿਕਾਰ ਉਸੇ ਹੀ ਸੱਚ ਨੂੰ ਆਪਣੇ ਜੀਵਨ ਵਿੱਚ ਲਿਆਉਣਾ ਹੈ

ਸ਼ਹੀਦ ਨੇ ਜਿਸ ਜ਼ੁਲਮ ਦੇ ਵਿਰੁੱਧ ਖੜ੍ਹ / ਲੜ ਕੇ ਸ਼ਹਾਦਤ ਦਿੱਤੀ ਹੈ ਉਸ ਦੀ ਯਾਦ ਦਾ ਅਰਥ ਅੱਜ ਦੇ ਜ਼ੁਲਮ ਦੇ ਸਾਹਮਣੇ ਵੀ ਸੱਚਾ ਆਚਰਨ ਕਾਇਮ ਰੱਖਣਾ ਹੈ

ਸਿੱਖ ਪੰਥ ਦਾ ਮੂਲ ਆਧਾਰ ਤਹਿਤ ਸ਼ਹੀਦ ਦੀ ਮਹਾਨਤਾ ਅਤੇ ਅਕਾਲ ਪੁਰਖ ਦੀ ਉਸਤਤ, ਇਹ ਦੋ ਵੱਖਰੇ ਪੱਧਰ ਹਨ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਇੱਥੇ ਉਸਤਤ ਦਾ ਮੂਲ ਕੇਂਦਰ ਇਕ, ਅਜੂਨੀ, ਅਕਾਲ ਅਤੇ ਸੈਭੰ’ ਭਾਵ ਅਕਾਲ ਪੁਰਖ ਹੈ।

ਗੁਰਬਾਣੀ ਇਨਸਾਨ ਨੂੰ ਸੰਤਾਂ, ਭਗਤਾਂ ਅਤੇ ਗੁਰਮੁਖਾਂ ਦੀ ਸੰਗਤ ਅਤੇ ਉਨ੍ਹਾਂ ਦੇ ਜੀਵਨ ਤੋਂ ਸਿੱਖਣ ਲਈ ਪ੍ਰੇਰਿਤ ਕਰਦੀ ਹੈ। ਪਰ ਸਤਿਕਾਰ , ਸੰਗਤ , ਪ੍ਰੇਰਣਾ ਅਤੇ ਉਸਤਤ ਨੂੰ ਇੱਕੋ ਅਰਥ ਦੇਣਾ ਗੁਰਮਤਿ ਦੀ ਸ਼ਬਦਾਵਲੀ ਨੂੰ ਗੁੰਝਲਦਾਰ ਕਰ ਦਿੰਦਾ ਹੈ।

ਗੁਰਬਾਣੀ ਦਾ ਫ਼ਰਮਾਨ ਹੈ:

ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ ॥
ਅੰਗ 597

ਭਾਵ- ਸੰਤ-ਜਨਾਂ ਦੀ ਸੰਗਤ ਗੁਰਮੁਖ ਲਈ ਤੀਰਥ-ਸਮਾਨ ਹੁੰਦੀ ਹੈ। ਇੱਥੇ ਕੇਂਦਰ ਸੰਗਤ ਅਤੇ ਉਸ ਰਾਹੀਂ ਆਤਮਿਕ ਬੁਲੰਦੀ ਹੈ।

ਇਸ ਲਈ ਕਿਸੇ ਮਹਾਨ ਮਨੁੱਖ ਦਾ ਜੀਵਨ ਸਾਡੇ ਲਈ ਤੀਰਥ-ਸਮਾਨ ਪ੍ਰੇਰਣਾ ਬਣ ਸਕਦਾ ਹੈ, ਪਰ ਇਸ ਤੋਂ ਇਹ ਨਤੀਜਾ ਆਪਣੇ ਆਪ ਨਹੀਂ ਨਿਕਲਦਾ ਕਿ ਉਸ ਮਨੁੱਖ ਨੂੰ ਅਕਾਲ ਪੁਰਖ ਦੇ ਸਥਾਨ ’ਤੇ ਉਸਤਤ ਦਾ ਕੇਂਦਰ ਬਣਾ ਦਿੱਤਾ ਜਾਵੇ।

ਗੁਰਬਾਣੀ ਦਾ ਇੱਕ ਹੋਰ ਮੂਲ ਸਿਧਾਂਤ ਹੈ:

ਏਕੁ ਪਿਤਾ ਏਕਸ ਕੇ ਹਮ ਬਾਰਿਕ ॥
ਸੋਰਠਿ ਮਹਲਾ 5, ਅੰਗ 611

ਜਦੋਂ ਸਾਰੇ ਮਨੁੱਖ ਇੱਕ ਪਿਤਾ ਦੀ ਬਖ਼ਸ਼ ਹਨ ਤਾਂ ਸ਼ਹੀਦ ਦੀ ਮਹਾਨਤਾ ਉਸ ਨੂੰ ਮਨੁੱਖਤਾ ਤੋਂ ਉੱਪਰ ਕੋਈ ਵੱਖਰੀ ਦੈਵੀ ਜਾਤ ਬਣਾਉਣ ਵਿੱਚ ਨਹੀਂ, ਸਗੋਂ ਮਨੁੱਖ ਹੋ ਕੇ ਮਨੁੱਖਤਾ ਲਈ ਆਪਣਾ ਸਰਵਸਵ ਵਾਰ ਦੇਣ ਵਿੱਚ ਹੈ।

ਇਹੀ ਗੁਰਮਤਿ ਦਾ ਬੇਮਿਸਾਲ ਮਨੁੱਖਵਾਦ ਹੈ।

ਸ਼ਹੀਦ ਇਸ ਲਈ ਮਹਾਨ ਹੈ ਕਿ ਉਹ ਮਨੁੱਖ ਹੋ ਕੇ ਮਨੁੱਖਤਾ ਦੇ ਹੱਕ ਲਈ ਆਪਣੇ ਆਪ ਤੋਂ ਉੱਪਰ ਉੱਠ ਗਿਆ।

ਕਿਸੇ ਸ਼ਹੀਦ ਦੇ ਨਾਮ ’ਤੇ ਗੁਰਦੁਆਰਾ ਬਣਾਉਣ ਨੂੰ ਤਿੰਨ ਵੱਖਰੇ ਅਰਥਾਂ ਵਿੱਚ ਸਮਝਿਆ ਜਾ ਸਕਦਾ ਹੈ:

ਪਹਿਲਾ — ਯਾਦਗਾਰੀ

ਇਹ ਉਸ ਸ਼ਹੀਦ ਦੀ ਕੁਰਬਾਨੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਸਾਧਨ ਹੈ।

ਦੂਜਾ — ਪ੍ਰੇਰਣਾ

ਉਸ ਸਥਾਨ ’ਤੇ ਗੁਰਬਾਣੀ, ਕੀਰਤਨ, ਕਥਾ, ਸੇਵਾ ਅਤੇ ਇਤਿਹਾਸ ਰਾਹੀਂ ਸੰਗਤ ਨੂੰ ਉਸ ਸ਼ਹੀਦ ਦੇ ਜੀਵਨ ਤੋਂ ਸਿੱਖਣ ਦਾ ਮੌਕਾ ਮਿਲਦਾ ਹੈ।

ਤੀਜਾ — ਉਸਤਤ

ਇਹ ਬਿਲਕੁਲ ਵੱਖਰਾ ਮਾਮਲਾ ਹੈ—ਜਦੋਂ ਕਿਸੇ ਮਨੁੱਖ ਨੂੰ ਦੈਵੀ ਸ਼ਕਤੀ ਮੰਨ ਕੇ ਉਸ ਤੋਂ ਵਰ ਮੰਗਣੇ, ਉਸ ਨੂੰ ਅਕਾਲ ਪੁਰਖ ਦੇ ਸਮਾਨ ਧਾਰਮਿਕ ਉਸਤਤ ਦਾ ਕੇਂਦਰ ਬਣਾਉਣਾ ਜਾਂ ਉਸ ਦੀ ਵਿਅਕਤੀਗਤ ਸ਼ਕਤੀ ਨੂੰ ਪੂਜਨੀਕ ਮੰਨਣਾ ਸ਼ੁਰੂ ਕਰ ਦਿੱਤਾ ਜਾਵੇ।

ਇਨ੍ਹਾਂ ਤਿੰਨਾਂ ਤੱਥਾਂ ਨੂੰ ਇੱਕੋ ਨਹੀਂ ਮੰਨਿਆ ਜਾ ਸਕਦਾ।

ਕਿਸੇ ਸ਼ਹੀਦ ਦੀ ਯਾਦ ਵਿੱਚ ਗੁਰਦੁਆਰਾ ਹੋਣਾ ਆਪਣੇ ਆਪ ਵਿੱਚ ਸ਼ਹੀਦ ਦੀ ਉਸਤਤ ਦਾ ਪ੍ਰਮਾਣ ਨਹੀਂ ਹੈ। ਅਸਲ ਸਵਾਲ ਇਹ ਹੈ ਕਿ ਉਸ ਸਥਾਨ ਵਿੱਚ ਧਾਰਮਿਕ ਕੇਂਦਰ ਕੌਣ ਹੈ?

ਜੇ ਕੇਂਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ, ਗੁਰਬਾਣੀ, ਕੀਰਤਨ, ਗੁਰਮਤਿ ਵਿਚਾਰ ਅਤੇ ਸੇਵਾ ਹੈ, ਤਾਂ ਨਾਮਕਰਨ ਅਤੇ ਉਸਤਤ ਨੂੰ ਵੱਖ-ਵੱਖ ਸਮਝਣਾ ਪਵੇਗਾ।

ਗੁਰਮਤਿ ਦੀ ਕਸੌਟੀ ਉੱਥੇ ਹੋਰ ਸਖ਼ਤ ਹੋ ਜਾਂਦੀ ਹੈ, ਜਿੱਥੇ ਸ਼ਹੀਦ ਦੀ ਸਮਾਧ ਹੀ ਉਸਤਤ ਦਾ ਕੇਂਦਰ ਬਣ ਜਾਵੇ?

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਰਜ ਜਾਣਕਾਰੀ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ 2013 ਦੇ ਆਦੇਸ਼ ਦੀ ਰੌਸ਼ਨੀ ਵਿੱਚ ਕਬਰਾਂ, ਸਮਾਧਾਂ ਅਤੇ ਜਠੇਰਿਆਂ ਆਦਿ ਦੀਆਂ ਥਾਵਾਂ ’ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਮਨਾਹੀ ਦਾ ਹਵਾਲਾ ਦਿੱਤਾ ਗਿਆ ਹੈ।

ਇੱਥੇ ਇਹ ਗੱਲ ਇੱਕ ਬੁਨਿਆਦੀ ਫਰਕ ਦੱਸਦੀ ਹੈਕਿ ਇਤਿਹਾਸਕ ਸਥਾਨ ਦਾ ਸਤਿਕਾਰ ਕੀਤਾ ਜਾ ਸਕਦਾ ਹੈ, ਪਰ ਸਥਾਨ ਨੂੰ ਧਾਰਮਿਕ ਉਸਤਤ ਦਾ ਬਦਲ ਨਹੀਂ ਬਣਾਇਆ ਜਾ ਸਕਦਾ।

ਸ਼ਹੀਦ ਦੀ ਯਾਦ ਸਾਨੂੰ ਗੁਰੂ ਵੱਲ ਲੈ ਜਾਵੇ ਤਾਂ ਇਹ ਗੁਰਮਤਿ ਦੀ ਦਿਸ਼ਾ ਹੈ।

ਸ਼ਹੀਦ ਦੀ ਯਾਦ ਗੁਰੂ ਦੀ ਥਾਂ ਲੈ ਲਵੇ ਤਾਂ ਇਹ ਵੱਖਰਾ ਅਹਿਮ ਪ੍ਰਸ਼ਨ ਹੈ।

ਦਸਮ ਪਾਤਸ਼ਾਹ ਦੀਆਂ ਰਚਨਾਵਾਂ ਵਿੱਚ ਧਰਮ, ਨਿਆਂ, ਨਿਰਭਉਤਾ ਅਤੇ ਜ਼ੁਲਮ ਦੇ ਵਿਰੁੱਧ ਸੰਘਰਸ਼ ਦੀ ਬਹੁਤ ਪ੍ਰਭਾਵਸ਼ਾਲੀ ਚੇਤਨਾ ਮਿਲਦੀ ਹੈ।

ਪ੍ਰਸਿੱਧ ਪੰਕਤੀ ਹੈ:

ਦੇਹ ਸਿਵਾ ਬਰੁ ਮੋਹਿ ਇਹੈ
ਸੁਭ ਕਰਮਨ ਤੇ ਕਬਹੂੰ ਨ ਟਰੋਂ ॥

ਇਸ ਦਾ ਮੂਲ ਸੰਦੇਸ਼ ਹੈ- ਸ਼ੁਭ ਕਰਮਾਂ ਤੋਂ ਕਦੇ ਪਿੱਛੇ ਨਾ ਹਟਣਾ।

ਭਾਵ ਸੂਰਬੀਰਤਾ ਦਾ ਮੰਤਵ ਸਿਰਫ਼ ਜੰਗ ਕਰਨਾ ਨਹੀਂ ਸਗੋਂ ਸੂਰਬੀਰਤਾ ਦਾ ਮੰਤਵ ਧਾਰਮਿਕ ਅਤੇ ਨੈਤਿਕ ਕਰਤੱਵ ਤੋਂ ਪਿੱਛੇ ਨਾ ਹਟਣਾ ਹੈ।

ਇਸੇ ਵਿਆਪਕ ਧਾਰਾ ਵਿੱਚ ਦਸਮ ਪਾਤਸ਼ਾਹ ਦੀ ਰਚਨਾ ਵਿੱਚ ਇਨਸਾਨੀਅਤ ਦੀ ਸਮਾਨਤਾ ਦਾ ਉੱਚਾਰ ਵੀ ਮਿਲਦਾ ਹੈ:

ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ ॥

ਇਸ ਲਈ ਸਿੱਖ ਸ਼ਹਾਦਤ ਨੂੰ ਕੇਵਲ ਕਿਸੇ ਇੱਕ ਵਿਅਕਤੀ ਜਾਂ ਸਮੂਹ ਦੀ ਜਿੱਤ ਵਜੋਂ ਨਹੀਂ, ਬਲਕਿ ਧਰਮ, ਨਿਆਂ ਅਤੇ ਮਨੁੱਖੀ ਮਰਯਾਦਾ ਦੀ ਰੱਖਿਆ ਦੇ ਸਿਲਸਿਲੇ ਵਿੱਚ ਪੜ੍ਹਨਾ ਵਧੇਰੇ ਵਾਜਿਬ ਹੈ।

ਸਰਬਲੋਹ ਗ੍ਰੰਥ ਅਤੇ ਖ਼ਾਲਸਾ

ਸਰਬਲੋਹ ਗ੍ਰੰਥ ਨਾਲ ਸੰਬੰਧਿਤ ਪ੍ਰਚਲਿਤ ਪਾਠ ਵਿੱਚ ਆਉਂਦਾ ਹੈ:

ਖਾਲਸਾ ਮੇਰੋ ਰੂਪ ਹੈ ਖਾਸ ॥
ਖਾਲਸੇ ਮਹਿ ਹਉ ਕਰਉ ਨਿਵਾਸ ॥

ਇਸ ਰਚਨਾ ਵਿੱਚ ਖ਼ਾਲਸੇ ਨੂੰ ਗੁਰੂ ਦੇ ਵਿਸ਼ੇਸ਼ ਸਰੂਪ ਨਾਲ ਜੋੜਿਆ ਗਿਆ ਹੈ।

ਇੱਥੇ ਵਿਅਕਤੀਗਤ ਮਹਾਨਤਾ ਤੋਂ ਉੱਪਰ ਪੰਥਕ ਸਰੂਪ ਦਾ ਇੱਕ ਡੂੰਘਾ ਤੱਤ ਸਾਹਮਣੇ ਆਉਂਦਾ ਹੈ

ਸ਼ਹੀਦ ਸਿੰਘ ਦੀ ਮਹਾਨਤਾ ਉਸ ਦੀ ਆਪਣੀ ਨਿੱਜੀ ਸ਼ੋਭਾ ਵਿੱਚ ਨਹੀਂ, ਸਗੋਂ ਉਸ ਗੁਰੂ-ਮਾਰਗ ਅਤੇ ਪੰਥਕ ਜ਼ਿੰਮੇਵਾਰੀ ਵਿੱਚ ਹੈ ਜਿਸ ਲਈ ਉਸ ਨੇ ਆਪਣਾ ਜੀਵਨ ਭੇਂਟ ਕੀਤਾ।

ਅੱਜ ਦੇ ਵਿਸ਼ੇ ਦਾ ਸਭ ਤੋਂ ਮਹੱਤਵਪੂਰਨ ਤੱਥ ਸ਼ਹੀਦ ਨੂੰ ਪੂਜਣਾ ਜਾਂ ਸ਼ਹੀਦ ਵਰਗਾ ਬਣਨਾ ਹੈ

ਜੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹਾਦਤ ਸਾਨੂੰ ਸਿਰਫ਼ ਇਹ ਹੀ ਦਰਸ਼ਾਏ ਕਿ:

ਬਾਬਾ ਜੀ ਮਹਾਨ ਸਨ

ਤਾਂ ਅਸੀਂ ਇਤਿਹਾਸ ਸੁਣਿਆ।

ਪਰ ਜੇ ਉਨ੍ਹਾਂ ਦੀ ਸ਼ਹਾਦਤ ਸਾਨੂੰ ਇਹ ਪੁੱਛਣ ਲਈ ਮਜਬੂਰ ਕਰੇ ਕਿ—

ਅੱਜ ਮੈਂ ਸੱਚ, ਨਿਆਂ ਅਤੇ ਮਨੁੱਖੀ ਮਰਯਾਦਾ ਲਈ ਕੀ ਕਰ ਰਿਹਾ ਹਾਂ?

ਤਾਂ ਹੀ ਅਸੀਂ ਸ਼ਹਾਦਤ ਨੂੰ ਸਮਝਿਆ।

ਸ਼ਹੀਦ ਦੀ ਸਭ ਤੋਂ ਵੱਡੀ ਯਾਦਗਾਰ ਪੱਥਰ ਦੀ ਇਮਾਰਤ ਨਹੀਂ ਸਗੋਂ ਸ਼ਹੀਦ ਦੀ ਸਭ ਤੋਂ ਵੱਡੀ ਯਾਦਗਾਰ ਉਹ ਮਨੁੱਖ ਹੈ ਜੋ ਉਸ ਦੇ ਸਿਧਾਂਤਾਂ ’ਤੇ ਜੀਉਂਦਾ ਹੈ।

ਗੁਰਮਤਿ ਵਿੱਚ ਸ਼ਹੀਦ-ਪੂਜਾ ਦੀ ਥਾਂ ਸ਼ਹੀਦ-ਪ੍ਰੇਰਣਾ ਸ਼ਬਦਾਂ ਦੀ ਚੋਣ ਅਤਿ ਮਹੱਤਵਪੂਰਨ ਹੈ।

ਗੁਰਬਾਣੀ ਵਾਰ-ਵਾਰ ਮਨੁੱਖ ਨੂੰ ਸ਼ਬਦ ਅਤੇ ਨਾਮ ਵੱਲ ਮੋੜਦੀ ਹੈ:

ਬਾਣੀ ਲਾਗੈ ਸੋ ਗਤਿ ਪਾਏ
ਸਬਦੇ ਸਚਿ ਸਮਾਈ ॥
ਅੰਗ 909

ਅਰਥ: ਬਾਣੀ ਨਾਲ ਜੁੜਨ ਅਤੇ ਸ਼ਬਦ ਰਾਹੀਂ ਸੱਚ ਵਿੱਚ ਸਮਾਉਣ ਨੂੰ ਆਤਮਿਕ ਮੁਕਤੀ ਦਾ ਮਾਰਗ ਦੱਸਿਆ ਗਿਆ ਹੈ।

ਇਸ ਲਈ ਸ਼ਹੀਦ ਦੀ ਯਾਦ ਦਾ ਅੰਤਿਮ ਮੰਤਵ ਵੀ ਸ਼ਬਦ ਨਾਲ ਜੋੜਨਾ ਹੀ ਹੈ।

ਗੁਰਦੁਆਰਾ ਸ਼ਹੀਦ ਦੀ ਮੂਰਤ ਨਹੀਂ ਸਗੋਂ ਗੁਰੂ ਦਾ ਦਰ ਹੈ, ਗੁਰੂ ਦਾ ਦੁਆਰ ਹੀ ਗੁਰੂ ਸ਼ਬਦ ਰਾਹੀਂ ਗੁਰਮਤਿ ਦੀ ਦਿਸ਼ਾ ਦਿੰਦਾ ਹੈ

ਇਸ ਲਈ ਕਿਸੇ ਸ਼ਹੀਦ ਦੇ ਨਾਮ ਨਾਲ ਜੁੜਿਆ ਅਸਥਾਨ ਵੀ ਆਤਮਿਕ ਪਛਾਣ ਵਿੱਚ ਗੁਰੂ ਵੱਲ ਖੁੱਲ੍ਹਦਾ ਦਰਵਾਜ਼ਾ ਹੀ ਹੋਣਾ ਚਾਹੀਦਾ ਹੈ।

ਉੱਥੇ ਸ਼ਹੀਦ ਦੀ ਤਸਵੀਰ ਮਨਮਤਿ ਅਨੁਸਾਰ ਹੋ ਸਕਦੀ ਹੈ ਪਰ, ਉਸਤਤ ਦਾ ਕੇਂਦਰ ਗੁਰੂ ਗ੍ਰੰਥ ਸਾਹਿਬ ਹੋਵੇ।

ਉੱਥੇ ਸ਼ਹੀਦ ਦੀ ਸ਼ਹਾਦਤ ਦਾ ਜ਼ਿਕਰ ਕੁਰਬਾਨੀ ਦੇ ਅਰਥ ਗੁਰਮਤਿ ਦੇ ਪ੍ਰਕਾਸ਼ ਵਿੱਚ ਸਮਝਾਇਆ ਜਾਵੇ।

ਇਹੀ ਅਜ਼ੀਮ ਸਤਿਕਾਰ ਨੂੰ ਉਸਤਤ ਵਿੱਚ ਬਦਲਣ ਤੋਂ ਬਚਾਉਂਦਾ ਹੈ।

ਸ਼ਹੀਦ ਦੀ ਯਾਦ ਦਾ ਅਰਥ ਹੈ ਧਰਮ ਦੀ ਆਜ਼ਾਦੀ ਦੀ ਰੱਖਿਆ, ਜਿਸ ਨੂੰ ਉਨ੍ਹਾਂ ਨੇ ਗੁਰਮਤਿ ਸਿਧਾਂਤਾਂ ਅਤੇ ਗੁਰੂ ਦੀ ਸਿੱਖਿਆ ਲੈਕੇ ਗਰੀਬ ਅਤੇ ਮਜ਼ਲੂਮਾਂ ਲਈ ਸ਼ਹਾਦਤ ਦਿੱਤਾ, ਇੱਥੇ ਸ਼ਹੀਦ ਦੀ ਸ਼ਹਾਦਤ ਦਾ ਅਰਥ ਹਰ ਮਜ਼ਲੂਮ ਤੇ ਹੋ ਰਹੇ ਜ਼ੁਲਮ ਦੀ ਪੰਥਕ ਪਛਾਣਨਾ ਅਤੇ ਹਰ ਮਜ਼ਲੂਮ ਦੇ ਹੱਕ ਵਿੱਚ ਖੜ੍ਹਨਾ ਹੈ।

ਜਿਸ ਸ਼ਹੀਦ ਨੇ ਗੁਰੂ ਦੇ ਹੁਕਮ ਲਈ ਆਪਣਾ ਜੀਵਨ ਵਾਰਿਆ, ਤਾਂ ਉਸ ਦੀ ਯਾਦ ਦਾ ਅਰਥ ਹੈ ਗੁਰੂ ਦੀ ਬਾਣੀ ਅਤੇ ਸਿਧਾਂਤ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ।

ਇਸ ਲਈ—

ਸ਼ਹੀਦ ਦੀ ਅਸਲ ਪੂਜਾ ਉਸ ਨੂੰ ਉਸਤਤ ਨਹੀਂ, ਉਸ ਦੇ ਪਵਿੱਤਰ ਸੱਚ ਨੂੰ ਜੀਉਣਾ ਹੈ।

ਸਿੱਖੀ ਦਾ ਇਹ ਵਿਸ਼ਾ ਕਿਸੇ ਵਿਅਕਤੀ, ਕਿਸੇ ਸ਼ਹੀਦ, ਕਿਸੇ ਗੁਰਦੁਆਰੇ ਜਾਂ ਕਿਸੇ ਪਰੰਪਰਾ ਦੀ ਨਿੰਦਾ ਕਰਨ ਲਈ ਨਹੀਂ ਹੈ।

ਇਹ ਇੱਕ ਸਵਾਲ ਦੇ ਜਵਾਬ ਲਈ ਹੈ-

ਜਿਸ ਸਿੰਘ ਨੇ ਗੁਰੂ ਲਈ ਸਿਰ ਵਰਿਆ , ਕੀ ਅਸੀਂ ਉਸ ਦੇ ਸਿਰ ਦੀ ਸ਼ਹਾਦਤ ਨੂੰ ਅਕਲਪੁਰਖ ਤੋਂ ਵੀ ਵੱਡਾ ਬਣਾ ਦਿੱਤਾ?

ਜਿਸ ਨੇ ਅਕਾਲ ਪੁਰਖ ਦੇ ਹੁਕਮ ਵਿੱਚ ਜੀਵਨ ਵਾਰਿਆ, ਕੀ ਅਸੀਂ ਉਸ ਨੂੰ ਹੀ ਆਪਣੀ ਉਸਤਤ ਦਾ ਧੁਰਾ ਬਣਾ ਦਿੱਤਾ?

ਜਿਸ ਨੇ ਇਨਸਾਨੀਅਤ ਦੇ ਹੱਕ ਲਈ ਸ਼ਹਾਦਤ ਦਿੱਤੀ, ਕੀ ਅਸੀਂ ਉਸ ਦੀ ਯਾਦ ਨੂੰ ਸਿਰਫ਼ ਰਸਮ ਮਾਤਰ ਬਣਾ ਦਿੱਤਾ?

ਅਤੇ ਸਭ ਤੋਂ ਡੂੰਘਾ ਸਵਾਲ ਦੇ ਜਵਾਬ ਵਿੱਚ

ਅਸੀਂ ਸ਼ਹੀਦਾਂ ਦੀਆਂ ਯਾਦਗਾਰਾਂ ਤਾਂ ਬਣਾ ਰਹੇ ਹਾਂ, ਪਰ ਕੀ ਉਨ੍ਹਾਂ ਦੇ ਸਿਧਾਂਤਾਂ ਦੀ ਜਿਉਂਦੀ ਯਾਦਗਾਰ ਆਪਣੇ ਅੰਦਰ ਵੀ ਬਣਾ ਰਹੇ ਹਾਂ?

ਗੁਰਬਾਣੀ ਦੀ ਕਸੌਟੀ ਸਾਨੂੰ ਮੁੜ ਉੱਥੇ ਹੀ ਲੈ ਜਾਂਦੀ ਹੈ:

ਸਚਹੁ ਓਰੈ ਸਭੁ ਕੋ
ਉਪਰਿ ਸਚੁ ਆਚਾਰੁ ॥

ਸ਼ਹੀਦ ਨੇ ਸੱਚ ਲਈ ਸਿਰ ਦਿੱਤਾ।

ਸਾਡਾ ਫ਼ਰਜ਼ ਸ਼ਹੀਦਾਂ ਦੇ ਸ਼ਹਾਦਤ ਦੀ ਪੂਜਾ ਕਰਨਾ ਨਹੀਂ ਸਗੋਂ ਉਸ ਸੱਚ ਨੂੰ ਆਪਣੇ ਜੀਵਨ ਦਾ ਸੁਭਾਅ ਬਣਾਉਣਾ ਹੈ।

ਇਹੀ ਸ਼ਹਾਦਤ ਦੀ ਮਰਯਾਦਾ ਹੈ।

ਇਹੀ ਸ਼ਹੀਦ ਦਾ ਸੱਚਾ ਸਤਿਕਾਰ ਹੈ।

ਇਹੀ ਗੁਰਮਤਿ ਦੀ ਕਸੌਟੀ ਹੈ।

ਅਤੇ ਇਹੀ ਉਹ ਦਾਰੋਮਦਾਰ ਹੈ ਜਿੱਥੇ ਸ਼ਹੀਦ ਦੀ ਯਾਦ ਗੁਰੂ ਦੀ ਥਾਂ ਨਹੀਂ ਲੈਂਦੀ, ਸਗੋਂ ਸਾਨੂੰ ਮੁੜ ਗੁਰੂ ਦੇ ਦਰ ਨਾਲ ਜੋੜਦੀ ਹੈ।

## ਨਸ਼ਿਆਂ ਦੇ ਮੁੱਦੇ ’ਤੇ ਭਾਜਪਾ ਦੀ ਯਾਤਰਾ ਨੂੰ ਲੈ ਕੇ ਅਵਤਾਰ ਸਿੰਘ ਨੰਨੇ ਨੇ ਚੁੱਕੇ ਸਵਾਲ

**ਪਟਿਆਲਾ, 30 ਸਤੰਬਰ**
**-ਜੀ. ਐਸ. ਤੁੰਗ-**



ਕਾਂਗਰਸ ਦੇ ਸਾਬਕਾ ਜ਼ਿਲ੍ਹਾ ਯੂਥ ਪ੍ਰਧਾਨ ਪਟਿਆਲਾ ਦਿਹਾਤੀ ਅਵਤਾਰ ਸਿੰਘ ਨੰਨੇ ਨੇ ਭਾਜਪਾ ਵੱਲੋਂ ਪੰਜਾਬ ਵਿੱਚ ਕੱਢੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਨੂੰ ਲੈ ਕੇ ਸਵਾਲ ਚੁੱਕੇ ਹਨ। ਪਟਿਆਲਾ ਦਿਹਾਤੀ ਖੇਤਰ ਵਿੱਚ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਿਰਫ਼ ਯਾਤਰਾਵਾਂ ਕੱਢਣ ਦੀ ਬਜਾਏ ਸਰਹੱਦ ਪਾਰੋਂ ਹੋਣ ਵਾਲੀ ਤਸਕਰੀ ’ਤੇ ਪ੍ਰਭਾਵਸ਼ਾਲੀ ਕਾਰਵਾਈ ਕਰਨੀ ਜ਼ਰੂਰੀ ਹੈ। ਅਵਤਾਰ ਸਿੰਘ ਨੰਨੇ ਨੇ ਕਿਹਾ ਕਿ ਪੰਜਾਬ ਦੀ ਸਰਹੱਦ ਪਾਕਿਸਤਾਨ ਨਾਲ ਲੱਗਦੀ ਹੈ ਅਤੇ ਸਰਹੱਦੀ ਇਲਾਕਿਆਂ ਵਿੱਚ ਸੁਰੱਖਿਆ ਪ੍ਰਬੰਧ ਵੀ ਮੌਜੂਦ ਹਨ। ਉਨ੍ਹਾਂ ਮੁਤਾਬਕ, ਕੇਂਦਰ ਸਰਕਾਰ ਕੋਲ ਸਰਹੱਦ ਪਾਰੋਂ ਆਉਣ ਵਾਲੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਰੋਕਣ ਲਈ ਲੋੜੀਂਦੇ ਸਰੋਤ ਅਤੇ ਅਧਿਕਾਰ ਹਨ। ਉਨ੍ਹਾਂ ਕੇਂਦਰ ਸਰਕਾਰ ਤੋਂ ਇਸ ਦਿਸ਼ਾ ਵਿੱਚ ਠੋਸ ਕਾਰਵਾਈ ਕਰਨ ਦੀ ਮੰਗ ਕੀਤੀ।

ਨੰਨੇ ਨੇ ਭਾਜਪਾ ਦੀ ਨਸ਼ਾ ਮੁਕਤੀ ਯਾਤਰਾ ’ਤੇ ਸਿਆਸੀ ਉਦੇਸ਼ ਦਾ ਦੋਸ਼ ਲਗਾਉਂਦਿਆਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਇਸ ਨੂੰ ਸਿਆਸੀ ਗਤੀਵਿਧੀ ਵਜੋਂ ਦੇਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਗੰਭੀਰ ਹੈ ਅਤੇ ਇਸ ਦੇ ਹੱਲ ਲਈ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਮਿਲ ਕੇ ਪ੍ਰਭਾਵਸ਼ਾਲੀ ਰਣਨੀਤੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਲੰਬੇ ਸਮੇਂ ਤੋਂ ਨਸ਼ਿਆਂ ਖ਼ਿਲਾਫ਼ ਸੰਘਰਸ਼ ਕਰ ਰਹੇ ਹਨ। ਨੰਨੇ ਨੇ ਦਾਅਵਾ ਕੀਤਾ ਕਿ ਕਾਂਗਰਸ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਸਮੇਤ ਹੋਰ ਜਨਹਿੱਤ ਦੇ ਮੁੱਦਿਆਂ ਨੂੰ ਲੈ ਕੇ ਲੋਕਾਂ ਵਿਚਕਾਰ ਜਾਵੇਗੀ ਅਤੇ ਸੂਬੇ ਦੇ ਵਿਕਾਸ ਅਤੇ ਨਸ਼ਾਮੁਕਤੀ ਲਈ ਕੰਮ ਕਰਨ ਦੀ ਆਪਣੀ ਵਚਨਬੱਧਤਾ ਰੱਖੇਗੀ।




## ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ‘ਚ ਨਸ਼ਾ ਰੋਕੂ ਗਤੀਵਿਧੀਆਂ ਦਾ ਲਿਆ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ, 30 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਅਤੇ ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ੇ ਕਰਨ ਵਾਲਿਆਂ ਦੀ ਨਸ਼ਾ ਮੁਕਤੀ ਕਰਕੇ ਉਨ੍ਹਾਂ ਦੇ ਪੁਨਰਵਾਸ ਲਈ ਹੁਨਰ ਵਿਕਾਸ ‘ਤੇ ਜ਼ੋਰ ਦੇ ਰਹੀ ਹੈ। ਐਸ.ਐਸ.ਪੀ. ਨੇ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਪੁਲਿਸ ਮੁੱਖ ਮੰਤਰੀ ਤੇ ਡੀਜੀਪੀ ਦੇ ਨਿਰਦੇਸ਼ਾਂ ਮੁਤਾਬਕ ਨਸ਼ਿਆਂ ਦੀ ਸਪਲਾਈ ਚੇਨ ਤੋੜਨ ਲਈ ਦ੍ਰਿੜ ਸੰਕਲਪ ਹੈ ਪਰੰਤੂ ਨਸ਼ਿਆਂ ਦੀ ਮੰਗ ਬੰਦ ਕਰਨ ਲਈ ਸਮਾਜ ਦਾ ਸਾਥ ਬੇਹੱਦ ਲਾਜਮੀ ਹੈ।

ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੀਤੀ ਇਸ ਬੈਠਕ ਮੌਕੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਓਕਾਂਰ ਸਿੰਘ ਚੌਹਾਨ, ਸੁਖਵਿੰਦਰ ਸਿੰਘ ਬੇਦੀ ਹਲਕਾ ਇੰਚਾਰਜ ਯੁੱਧ ਨਸ਼ਿਆਂ ਵਿਰੁੱਧ, ਐਸ.ਡੀ.ਐਮ.ਫ਼ਤਹਿਗੜ੍ਹ ਸਾਹਿਬ ਕਰੁਣ ਗੁਪਤਾ, ਐਸ.ਡੀ.ਐਮ. ਬਸੀ ਪਠਾਣਾ ਦੀਪਜੋਤ ਕੌਰ, ਐਸ.ਡੀ.ਐਮ. ਅਮਲੋਹ ਹਰਵੀਰ ਕੌਰ, ਐਸ.ਡੀ.ਐਮ. ਖਮਾਣੋਂ ਅਰਵਿੰਦ ਕੁਮਾਰ ਗੁਪਤਾ ਵੀ ਮੌਜੂਦ ਸਨ। ਡਾ. ਸੋਨਾ ਥਿੰਦ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਅਰੰਭੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੀ ਰੋਕਥਾਮ, ਨਿਗਰਾਨੀ, ਪੁਨਰਵਾਸ ਅਤੇ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕੀਤਾ ਗਿਆ ਹੈ, ਜਿਸ ਕਰਕੇ ਵਾਰਡ ਤੇ ਪੇਂਡੂ ਡਿਫੈਂਸ ਕਮੇਟੀਆਂ ਦੇ ਮੈਂਬਰ ਅਤੇ ਆਮ ਲੋਕ ਨਸ਼ਿਆਂ ਵਿਰੁੱਧ ਲਾਮਬੰਦ ਹੋ ਰਹੇ ਹਨ, ਪਰੰਤੂ ਫਿਰ ਵੀ ਸਿਵਲ ਪ੍ਰਸ਼ਾਸਨ ਵੱਲੋਂ ਇਸ ਗੱਲ ‘ਤੇ ਜ਼ੋਰ ਦਿੱਤਾ ਜਾ ਰਿਹਾ ਹੈ ਕਿ ਨਸ਼ੇ ਛੱਡਣ ਦੇ ਚਾਹਵਾਨਾਂ ਨੂੰ ਪ੍ਰੇਰ ਕੇ ਨਸ਼ਾ ਮੁਕਤੀ ਕੇਂਦਰਾਂ ਵਿੱਚ ਲਿਆਂਦਾ ਜਾਵੇ। ਉਨ੍ਹਾਂ ਦੱਸਿਆ ਕਿ 01 ਅਕਤੂਬਰ ਤੋਂ ਪਿੰਡਾਂ ਅਤੇ ਸ਼ਹਿਰੀ ਪੱਧਰ ਤੇ ਨਸ਼ਿਆਂ ਖਿਲਾਫ ਬਣਾਈਆਂ ਕਮੇਟੀਆਂ ਦੀਆਂ ਵਿਸ਼ੇਸ਼ ਬੈਠਕਾਂ ਉਲੀਕੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੇਂਡੂ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੀਆਂ ਬੈਠਕਾਂ ਦਾ ਹਰੇਕ ਪਿੰਡ ਪੱਧਰ ਤੇ ਬਲਾਕ ਵਿਕਾਸ ਪੰਚਾਇਤ ਅਫਸਰ ਅਤੇ ਸ਼ਹਿਰੀ ਪੱਧਰ ਤੇ ਕਾਰਜ ਸਾਧਕ ਅਫਸਰ ਪੂਰਾ ਸਹਿਯੋਗ ਕਰਨ ਅਤੇ ਵੱਧ ਤੋਂ ਵੱਧ ਲੋਕਾਂ ਤੱਕ ਪ੍ਰਚਾਰ ਕੀਤਾ ਜਾਵੇ।

ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਨੇ ਸੇਵ ਪੰਜਾਬ ਪੋਰਟਲ ਉਪਰ ਨਸ਼ਿਆਂ ਦੇ ਸੌਦਾਗਰਾਂ ਦੀ ਜਾਣਕਾਰੀ ਦੇਣ ‘ਤੇ ਵੀ ਜ਼ੋਰ ਦਿੱਤਾ ਤੇ ਕਿਹਾ ਕਿ ਅਜਿਹੀ ਜਾਣਕਾਰੀ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਮਿਲੀਆਂ ਸ਼ਿਕਾਇਤਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਕੇ ਸਮਾਜ ਵਿਰੋਧੀ ਅਨਸਰਾਂ ਦੇ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਅਤੇ ਭਵਿੱਖ ਵਿੱਚ ਵੀ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਬਖਸਿਆ ਨਹੀਂ ਜਾਵੇਗਾ।

## ਸਨੌਰ ਵਿੱਚ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਭਰਵਾਂ ਸਵਾਗਤ, ਬਿਕਰਮਜੀਤ ਇੰਦਰ ਸਿੰਘ ਚਾਹਲ ਰਹੇ ਅਗਵਾਈ ’ਚ



**ਸੁਨਾਮ/ ਦੇਵੀਗੜ੍ਹ , 30 ਸਤੰਬਰ,(ਗੁਰਮੀਤ ਸਿੰਘ ਤੁੰਗ) :** ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਅਤੇ ਨਸ਼ਿਆਂ ਵਿਰੁੱਧ ਜਨ-ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ ‘ਨਸ਼ਾ ਮੁਕਤ ਪੰਜਾਬ ਯਾਤਰਾ’ ਦਾ ਸੁਨਾਮ ਹਲਕੇ ਵਿੱਚ ਭਾਜਪਾ ਦੇ ਹਲਕਾ ਇੰਚਾਰਜ ਬਿਕਰਮਜੀਤ ਇੰਦਰ ਸਿੰਘ ਚਾਹਲ ਦੀ ਅਗਵਾਈ ਹੇਠ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਭਾਜਪਾ ਦਾ ਨਾਅਰਾ—ਨਸ਼ਾ ਮੁਕਾਉਣਾ ਸਾਡਾ! ਦੇ ਨਾਅਰੇ ਵੀ ਲਗਾਏ ਗਏ। ਇਸ ਮੌਕੇ ਹਲਕੇ ਦੇ ਵੱਖ-ਵੱਖ ਮੰਡਲਾਂ ਤੋਂ ਪਾਰਟੀ ਅਹੁਦੇਦਾਰਾਂ, ਵਰਕਰਾਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਾਂਝੇ ਯਤਨਾਂ ਦੀ ਲੋੜ ’ਤੇ ਜ਼ੋਰ ਦਿੱਤਾ ਗਿਆ।

ਇਸ ਮੌਕੇ ਸ੍ਰੀਮਤੀ ਪ੍ਰਨੀਤ ਕੌਰ ਨੇ ਕਿਹਾ ਕਿ ‘ਨਸ਼ਾ ਮੁਕਤ ਪੰਜਾਬ ਯਾਤਰਾ’ ਪੰਜਾਬ ਵਿੱਚ 4,000 ਕਿਲੋਮੀਟਰ ਤੋਂ ਵੱਧ ਦਾ ਸਫ਼ਰ ਤੈਅ ਕਰ ਚੁੱਕੀ ਹੈ। ਉਨ੍ਹਾਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਾਲੀ ਇਸ ਮੁਹਿੰਮ ਨੂੰ ਅੱਗੇ ਵਧਾਉਣ ਲਈ ਕੇਂਦਰੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਮਹੱਤਵਪੂਰਨ ਹੈ। ਉਨ੍ਹਾਂ ਕੇਂਦਰੀ ਅਤੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗਗਰੋਲੀ ਨੇ ਸਥਾਨਕ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਜਪਾ ਦਾ ਨਾਅਰਾ- ਨਸ਼ਾ ਮੁਕਤ ਪੰਜਾਬ ਬਣਾਉਣਾ ਸਾਡਾ ਸੰਕਲਪ ਹੈ। ਉਨ੍ਹਾਂ ਕਿਹਾ ਕਿ ‘ਨਸ਼ਾ ਮੁਕਤ ਪੰਜਾਬ’ ਦਾ ਸੰਦੇਸ਼ ਲੋਕਾਂ ਤੱਕ ਪਹੁੰਚਾਉਣ ਲਈ ਪਾਰਟੀ ਵਰਕਰ ਸਰਗਰਮੀ ਨਾਲ ਕੰਮ ਕਰ ਰਹੇ ਹਨ। ਭਾਜਪਾ ਆਗੂਆਂ ਨੇ ਕਿਹਾ ਕਿ ਭਾਜਪਾ ਦਾ ਨਾਅਰਾ—ਨਸ਼ਾ ਮੁਕਤ ਪੰਜਾਬ ਬਣਾਉਣਾ ਸਾਡਾ ਸੰਕਲਪ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਇਸ ਮਕਸਦ ਨਾਲ ਪਾਰਟੀ ਵਰਕਰਾਂ ਵੱਲੋਂ ‘ਨਸ਼ਾ ਮੁਕਤ ਪੰਜਾਬ’ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਹੈ।

# ਆਂਗਣਵਾੜੀ ਕੇਂਦਰਾਂ ਵਿੱਚ ਸਹੁੰ ਚੁੱਕ ਕੇ ਮਨਾਇਆ ਗਿਆ 9ਵਾਂ ਰਾਸ਼ਟਰੀ ਪੋਸ਼ਣ ਮਾਹ

**ਮਲੇਰਕੋਟਲਾ, 30 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਮਾਲੇਰਕੋਟਲਾ ਦੇ ਸਮੂਹ ਆਂਗਣਵਾੜੀ ਕੇਂਦਰਾਂ ਵਿੱਚ 9ਵਾਂ ਰਾਸ਼ਟਰੀ ਪੋਸ਼ਣ ਮਾਹ ਮਨਾਇਆ ਗਿਆ। ਇਸ ਮੌਕੇ ਆਂਗਣਵਾੜੀ ਵਰਕਰਾਂ, ਹੈਲਪਰਾਂ ਅਤੇ ਲਾਭਪਾਤਰੀਆਂ ਵੱਲੋਂ ਪੋਸ਼ਣ ਦੀ ਮਹੱਤਤਾ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਕੁਪੋਸ਼ਣ ਦੇ ਖਾਤਮੇ ਲਈ ਆਪਣੀ ਭੂਮਿਕਾ ਨਿਭਾਉਣ ਸਬੰਧੀ ਸਹੁੰ ਚੁੱਕੀ ਗਈ।



ਰਾਸ਼ਟਰੀ ਪੋਸ਼ਣ ਮਾਹ ਦਾ ਮੁੱਖ ਉਦੇਸ਼ ਲੋਕਾਂ ਨੂੰ ਸਹੀ ਪੋਸ਼ਣ, ਸੰਤੁਲਿਤ ਖੁਰਾਕ ਅਤੇ ਸਿਹਤਮੰਦ ਜੀਵਨ-ਸ਼ੈਲੀ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੌਕੇ ਆਂਗਣਵਾੜੀ ਵਰਕਰਾਂ ਨੇ ਕਿਹਾ ਕਿ ਬੱਚਿਆਂ ਦੇ ਤੰਦਰੁਸਤ ਬਚਪਨ ਲਈ ਉਮਰ ਅਨੁਸਾਰ ਪੌਸ਼ਟਿਕ ਖੁਰਾਕ ਦੇਣ ਦੇ ਨਾਲ-ਨਾਲ ਖੇਡ-ਖੇਡ ਵਿੱਚ ਸਿੱਖਿਆ ਦੇਣਾ ਵੀ ਜ਼ਰੂਰੀ ਹੈ। ਇਸ ਤੋਂ ਇਲਾਵਾ ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਖੁਰਾਕ ਅਤੇ ਸਿਹਤ ਵੱਲ ਵੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਮੂਹ ਆਂਗਣਵਾੜੀ ਕੇਂਦਰ ਪੋਸ਼ਣ ਅਤੇ ਸਿਹਤ ਸਬੰਧੀ ਜਾਗਰੂਕਤਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਪੋਸ਼ਣ ਮਾਹ ਦੌਰਾਨ ਬੱਚਿਆਂ, ਮਹਿਲਾਵਾਂ ਅਤੇ ਪਰਿਵਾਰਾਂ ਨੂੰ ਸੰਤੁਲਿਤ ਖੁਰਾਕ, ਪੌਸ਼ਟਿਕ ਭੋਜਨ, ਸਫ਼ਾਈ, ਸਿਹਤ ਸੰਭਾਲ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।

ਆਂਗਣਵਾੜੀ ਵਰਕਰਾਂ ਨੇ ਕਿਹਾ ਕਿ ਕੁਪੋਸ਼ਣ ਵਿਰੁੱਧ ਲੜਾਈ ਵਿੱਚ ਪਰਿਵਾਰ ਅਤੇ ਸਮਾਜ ਦੀ ਸਰਗਰਮ ਭਾਗੀਦਾਰੀ ਬੇਹਦ ਜ਼ਰੂਰੀ ਹੈ। ਇਸ ਦੌਰਾਨ ਆਂਗਣਵਾੜੀ ਕੇਂਦਰਾਂ ਵਿੱਚ ਸਾਫ਼-ਸਫ਼ਾਈ, ਹੱਥ ਧੋਣ ਦੀ ਆਦਤ, ਸਾਫ਼ ਪਾਣੀ ਦੀ ਵਰਤੋਂ ਅਤੇ ਨਿੱਜੀ ਸਫ਼ਾਈ ਸਬੰਧੀ ਵੀ ਜਾਗਰੂਕ ਕੀਤਾ ਗਿਆ।

ਬੱਚਿਆਂ ਅਤੇ ਮਾਪਿਆਂ ਨੂੰ ਪੋਸ਼ਣ ਦੀ ਮਹੱਤਤਾ ਸਮਝਾਉਣ ਲਈ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਉਨ੍ਹਾਂ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਦੇ ਪੋਸ਼ਣ ਅਤੇ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਕੁਪੋਸ਼ਣ ਮੁਕਤ ਸਮਾਜ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾਉਣ।

# ਰਾਸ਼ਟਰੀਯ ਪੋਸ਼ਣ ਮਾਹ 2026: ਚੰਡੀਗੜ੍ਹ ਭਰ ਵਿੱਚ ਸੰਵਾਦ, ਪੋਸ਼ਣ ਅਤੇ ਸਮੁਦਾਇਕ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ



**ਚੰਡੀਗੜ੍ਹ 30 ਸਤੰਬਰ**
**-ਛਤਰਪਾਲ ਸਿੰਘ-**

ਰਾਸ਼ਟਰੀਯ ਪੋਸ਼ਣ ਮਾਹ 2026 ਦੇ ਤਹਿਤ ਚੰਡੀਗੜ੍ਹ ਦੇ ਵਿਭਿੰਨ ਆਂਗਣਵਾੜੀ ਕੇਂਦਰਾਂ ਅਤੇ ਖੇਤਰਾਂ ਵਿੱਚ ਕਈ ਸੰਵਾਦਾਤਮਕ, ਪੋਸ਼ਣ-ਅਧਾਰਿਤ ਅਤੇ ਸਮੁਦਾਇਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਨ੍ਹਾਂ ਦਾ ਉਦੇਸ਼ ਬੱਚਿਆਂ, ਮਾਪਿਆਂ ਅਤੇ ਸਮੁਦਾਇ ਦੇ ਲੋਕਾਂ ਵਿੱਚ ਤੰਦਰੁਸਤ ਆਦਤਾਂ, ਸ਼ੁਰੂਆਤੀ ਬਾਲ ਵਿਕਾਸ ਅਤੇ ਪੋਸ਼ਣ ਪ੍ਰਤੀ ਜਾਗਰੂਕਤਾ ਨੂੰ ਹੁਲਾਰਾ ਦੇਣਾ ਸੀ।

**ਮੌਲੀ ਕਲੋਨੀ ਵਿੱਚ ਖੇਡ-**

ਕੁੱਦ ਅਤੇ ਅਸਾਨ ਗਤੀਵਿਧੀਆਂ ਦੇ ਜ਼ਰੀਏ 'ਮਾਤਾ-ਪਿਤਾ-ਬੱਚਾ ਸੰਵਾਦ ਸੈਸ਼ਨ' ਆਯੋਜਿਤ ਕੀਤਾ ਗਿਆ। ਇਸ ਦਾ ਉਦੇਸ਼ ਮਾਤਾ-ਪਿਤਾ ਅਤੇ ਬੱਚਿਆਂ ਦੇ ਦਰਮਿਆਨ ਵਿਚਕਾਰ ਬਿਹਤਰ ਤਾਲਮੇਲ ਬਣਾਉਣਾ ਸੀ। ਇਸ ਵਿੱਚ ਮਾਪਿਆਂ ਅਤੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਦੇ ਦਰਮਿਆਨ ਆਪਸੀ ਜੁੜਾਅ, ਗੱਲਬਾਤ ਅਤੇ ਖੇਡ-ਖੇਡ ਵਿੱਚ ਸਿੱਖਣ ਨੂੰ ਹੁਲਾਰਾ ਮਿਲਿਆ।

**ਸਰਕਲ 25 ਵਿੱਚ 'ਅਨੀਮੀਆ ਜਾਂਚ ਤੇ ਸਲਾਹ-**

ਮਸ਼ਵਰਾ ਕੈਂਪ' ਆਯੋਜਿਤ ਕੀਤਾ ਗਿਆ, ਜਿੱਥੇ ਲਾਭਾਰਥੀਆਂ ਨੂੰ ਅਨੀਮੀਆ ਤੋਂ ਬਚਾਅ, ਇਸ ਦੇ ਪ੍ਰਬੰਧਨ ਅਤੇ ਸੰਤੁਲਿਤ ਤੇ ਪੌਸ਼ਟਿਕ ਆਹਾਰ ਦੇ ਮਹੱਤਵ ਦੀ ਜਾਣਕਾਰੀ ਦਿੱਤੀ ਗਈ।

ਪਲਸੌਰਾ ਵਿੱਚ ਬੱਚਿਆਂ ਲਈ ਕਹਾਣੀ ਸੁਣਾਉਣ, ਬਾਲਗੀਤ (ਕਵਿਤਾਵਾਂ) ਅਤੇ ਮਨੋਰੰਜਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਬੱਚਿਆਂ ਨੇ ਬੜੇ ਚਾਅ ਨਾਲ ਹਿੱਸਾ ਲੈਕੇ ਸੈਸ਼ਨ ਨੂੰ ਰੋਚਕ, ਅਨੰਦਮਈ ਅਤੇ ਸਿੱਖਿਆਦਾਇਕ ਬਣਾ ਦਿੱਤਾ। ਇਨ੍ਹਾਂ ਗਤੀਵਿਧੀਆਂ ਨਾਲ ਬੱਚਿਆਂ ਦੇ ਬੋਲਣ ਦੇ ਕੌਸ਼ਲ, ਰਚਨਾਤਮਕਤਾ ਅਤੇ ਖੇਡ-ਖੇਡ ਵਿੱਚ ਸਿੱਖਣ ਦੀ ਸਮਰੱਥਾ ਨੂੰ ਹੁਲਾਰਾ ਮਿਲਿਆ।

ਪੋਸ਼ਣ ਮਾਹ ਦੇ ਤਹਿਤ ਕਈ ਹੋਰ ਪ੍ਰੋਗਰਾਮ ਵੀ ਚਲਾਏ ਗਏ, ਜਿਨ੍ਹਾਂ ਵਿੱਚ ਗਰਭਵਤੀ ਮਹਿਲਾਵਾਂ ਦੀ ਜਣੇਪੇ ਤੋਂ ਪਹਿਲਾਂ ਦੀ ਜਾਂਚ (ਐਂਟੀਨੇਟਲ ਚੈੱਕ-ਅੱਪ/ਏਐਨਸੀ), ਸੰਪੂਰਨ ਪੋਸ਼ਣ ਬਾਰੇ ਜਾਗਰੂਕਤਾ ਸੈਸ਼ਨ, ਪੋਸ਼ਣ ਸਪਲੀਮੈਂਟਸ ਦੀ ਜ਼ਰੂਰਤ ਅਤੇ ਮਹੱਤਵ 'ਤੇ ਲੈਕਚਰ, ਨਵੀਆਂ ਪਹਿਚਾਣੀਆਂ ਗਈਆਂ ਗਰਭਵਤੀ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਅਤੇ ਅਨੀਮੀਆ ਤੋਂ ਬਚਾਅ ਨਾਲ ਜੁੜੇ ਸੈਸ਼ਨ ਸ਼ਾਮਲ ਰਹੇ। ਇਨ੍ਹਾਂ ਸਾਰੀਆਂ ਗਤੀਵਿਧੀਆਂ ਦਾ ਮੁੱਖ ਉਦੇਸ਼ ਮਾਤਾਵਾਂ ਦੇ ਪੋਸ਼ਣ ਨੂੰ ਸੁਧਾਰਨਾ ਅਤੇ ਜ਼ਰੂਰੀ ਸਿਹਤ ਅਤੇ ਪੋਸ਼ਣ ਸੇਵਾਵਾਂ ਸਮੇਂ 'ਤੇ ਉਪਲਬਧ ਕਰਵਾਉਣਾ ਸੀ।

ਸਮੁਦਾਇਕ ਪੱਧਰ 'ਤੇ ਲੋਕਾਂ ਤੱਕ ਪਹੁੰਚਣ ਲਈ ਘਰ-ਘਰ ਜਾ ਕੇ ਪਰਿਵਾਰਾਂ ਨੂੰ ਸਿਹਤ, ਪੋਸ਼ਣ ਅਤੇ ਬਚਪਨ ਦੇ ਸ਼ੁਰੂਆਤੀ ਵਿਕਾਸ ਨਾਲ ਜੁੜੇ ਮੁੱਦਿਆਂ 'ਤੇ ਜਾਗਰੂਕ ਕੀਤਾ ਗਿਆ।

ਇਸ ਦੌਰਾਨ ਪਰਿਵਾਰਾਂ ਨੂੰ ਫਲਦਾਰ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਦੇਖਭਾਲ਼ ਲਈ ਪ੍ਰੇਰਿਤ ਕੀਤਾ ਗਿਆ। ਨਾਲ ਹੀ ਸ਼ੁਰੂਆਤੀ ਬਾਲ ਅਵਸਥਾ ਦੇਖਭਾਲ਼ ਅਤੇ ਸਿੱਖਿਆ (ਈਸੀਸੀਈ), ਦੰਦਾਂ ਅਤੇ ਮੂੰਹ ਦੀ ਸਫ਼ਾਈ, ਖਾਣ-ਪੀਣ ਦੀਆਂ ਚੰਗੀਆਂ ਆਦਤਾਂ ਅਤੇ ਬੱਚਿਆਂ ਵਿੱਚ ਮੋਟਾਪੇ ਦੀ ਪਹਿਚਾਣ ਤੇ ਰੋਕਥਾਮ ਬਾਰੇ ਵੀ ਦੱਸਿਆ ਗਿਆ।

ਰਾਸ਼ਟਰੀਯ ਪੋਸ਼ਣ ਮਾਹ 2026 ਦੇ ਦੌਰਾਨ ਆਯੋਜਿਤ ਇਨ੍ਹਾਂ ਗਤੀਵਿਧੀਆਂ ਨੇ ਪੋਸ਼ਣ, ਸਿਹਤ ਅਤੇ ਬਾਲ ਵਿਕਾਸ ਨੂੰ ਬਿਹਤਰ ਬਣਾਉਣ ਵਿੱਚ ਜਨਭਾਗੀਦਾਰੀ ਅਤੇ ਸਮੂਹਿਕ ਜ਼ਿੰਮੇਦਾਰੀ ਦੇ ਮਹੱਤਵ 'ਤੇ ਜ਼ੋਰ ਦਿੱਤਾ।

# ਪਟਿਆਲਾ ਨਾਭਾ ਰੋਡ ਨੇੜੇ ਜੰਗਲਾਤ ਦੀ ਹਰਿਆਲੀ ਨੂੰ ਖਾਣ ਲੱਗੇ ਪੈਲੇਸ; ਛੋਟੇ ਦਰੱਖਤਾਂ ਨੂੰ ਵੱਢ ਕੇ ਨਜਾਇਜ਼ ਤੌਰ 'ਤੇ ਬਣਾਈਆਂ ਆਪਣੀਆਂ ਪਾਰਕਿੰਗਾਂ

**ਪਟਿਆਲਾ, 30 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**




ਪਟਿਆਲਾ ਨਾਭਾ ਰੋਡ ਨੇੜੇ ਬਣੇ ਮੈਰਿਜ਼ ਪੈਲੇਸ ਮਾਲਕ ਆਪਣੀਆਂ ਕਮਾਈਆਂ ਦੇ ਸਾਧਨ ਲਈ ਜੰਗਲਾਤ ਵਿਭਾਗ ਦੀ ਹਰਿਆਲੀ ਨੂੰ ਖਾਣ ਲੱਗੇ ਹੋਏ ਹਨ। ਜਿਥੇ ਉਨ੍ਹਾਂ ਵਿਚ ਹੋਣ ਵਾਲੇ ਵਿਆਹ ਸਮਾਗਮਾਂ ਚ ਸ਼ਾਮਲ ਹੋਣ ਵਾਲੇ ਲੋਕਾਂ ਦੀਆਂ ਗੱਡੀਆਂ ਦੀਆਂ ਪਾਰਕਿੰਗ ਲਈ ਨਜਾਇਜ਼ ਤੋਰ 'ਤੇ ਜੰਗਲਾਤ ਦੀ ਜਗ੍ਹਾ ਵਿਚ ਛੋਟੇ ਦਰੱਖਤਾਂ ਨੂੰ ਕੱਟ ਕੇ ਗੱਡੀਆਂ ਖੜਾਉਣ ਦਾ ਇਤਜ਼ਾਮ ਕੀਤਾ ਗਿਆ ਹੈ, ਜੋ ਕਿ ਜੰਗਲਾਤ ਵਿਭਾਗ ਦੀ ਮਨਜੂਰੀ ਤੋਂ ਬਿਨ੍ਹਾਂ ਹੀ ਵਿਭਾਗ ਦੀ ਜਮੀਨ ਨੂੰ ਵਰਤੋਂ ਵਿਚ ਲਿਆਂਦਾ ਜਾ ਰਿਹਾ ਹੈ, ਲਿਹਾਜ਼ਾ ਵਿਭਾਗ ਤੋਂ ਜਿਹੜੇ ਰਸਤੇ ਦੀਆਂ ਮਨਜੂਰੀਆਂ ਕਾਨੂੰਨ ਤਹਿਤ ਲਈਆਂ ਗਈਆਂ ਹਨ, ਉਸ ਤੋਂ ਵੱਧ ਜਗ੍ਹਾ ਦੀ ਵਰਤੋਂ ਕਰਨਾ ਗੈਰਕਾਨੂੰਨੀ ਹੈ, ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਹਰੇ ਭਰੇ ਦਰੱਖਤਾਂ ਨੂੰ ਕੱਟਣ ਦੀ ਮਨਜੂਰੀ ਨਹੀਂ ਦਿੱਤੀ ਜਾਂਦੀ। ਜੇਕਰ ਜੰਗਲਾਤ ਵਿਭਾਗ ਵਿਚ ਦਰੱਖਤਾਂ ਦੀ ਮਨਜੂਰੀ ਲੈ ਕੇ ਕਟਾਈ ਕੀਤੀ ਜਾਂਦੀ ਹੈ ਤਾ ਉਸ ਜਗ੍ਹਾ ਦੇ ਨਾਲ ਹੋਰ ਪੰਜ ਪੌਦੇ ਲਗਾਉਣੇ ਲਾਜ਼ਮੀ ਕੀਤਾ ਹੋਇਆ ਹੈ ਪਰ ਇਹ ਮੈਰਿਜ਼ ਪੈਲੇਸ ਮਾਲਕ ਮਨਜੂਰੀ ਨਾਲ ਲਏ ਗਏ ਰਸਤਿਆਂ ਦੇ ਨਾਲ ਨਾਲ ਦੋਵੇਂ ਪਾਸਿਆਂ 'ਤੇ ਆਪਣੀਆਂ ਪਾਰਕਿੰਗਾਂ ਬਣਾਉਣ ਵਿਚ ਜੁਟੇ ਹੋਏ ਹਨ, ਜਿਸ ਵਿਚ ਜੰਗਲਾਤ ਵਿਭਾਗ ਦੇ ਮੁਲਾਜ਼ਮਾਂ ਦੀ ਮਿਲੀਭੁਗਤ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਸੂਤਰਾਂ ਤੋਂ ਮਿਲੀ ਜਾਣਕਾਰੀ ਤੋਂ ਪਤਾ ਲੱਗਾ ਹੈ ਕਿ ਕਈ ਮੈਰਿਜ਼ ਪੈਲੇਸ ਰਸਤਿਆਂ ਦੀ ਮਨਜੂਰੀ ਤੋਂ ਵੱਧ ਜਗ੍ਹਾ ਦੀ ਵਰਤੋਂ ਕਰ ਰਹੇ ਹਨ। ਜਿਸ ਨੂੰ ਲੈ ਕੇ ਵਾਤਾਵਰਣ ਪ੍ਰੇਮੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਨੂੰ ਲੈ ਕੇ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ ਤਾਂ ਜੋ ਜੰਗਲਾਤ ਵਿਭਾਗ ਦੀ ਜਗ੍ਹਾ ਨੂੰ ਰਸਤਿਆਂ ਵਿਚ ਅਤੇ ਪਾਰਕਿੰਗਾਂ ਵਿਚ ਖਤਮ ਨਾ ਕੀਤਾ ਜਾਵੇ।

**ਜੰਗਲਾਤ ਵਿਭਾਗ ਨੇ ਰਾਜਪੁਰਾ ਰੋਡ 'ਤੇ ਦੁਕਾਨਾਂ ਅੱਗੇ ਲਾਈ ਕੰਡਿਆਲੀ ਤਾਰ**

ਇੱਕ ਪਾਸੇ ਜਿਥੇ ਜੰਗਲਾਤ ਵਿਭਾਗ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਯਤਨ ਕਰ ਰਿਹਾ ਹੈ, ਉਥੇ ਹੀ ਕੁਝ ਲੋਕਾਂ ਵੱਲੋਂ ਸੜਕਾਂ ਦੇ ਆਲੇ ਦੁਆਲੇ ਆਪਣੀਆਂ ਦੁਕਾਨਾਂ ਅਤੇ ਮਕਾਨ ਲਈ ਜਗ੍ਹਾ ਖਰੀਦ ਕੇ ਜੰਗਲਾਤ ਵਿਭਾਗ ਦੀ ਜਮੀਨ ਵਿਚੋਂ ਆਪਣੇ ਆਪ ਹੀ ਰਸਤੇ ਲਗਾ ਕੇ ਹਰਿਆਲੀ ਵਾਲੀ ਬੈਲਟ ਨੂੰ ਬਰਬਾਦ ਕੀਤਾ ਜਾ ਰਿਹਾ ਹੈ।

ਹਰਿਆਲੀ ਨੂੰ ਬਚਾਉਣ ਲਈ ਵਿਭਾਗ ਵੱਲੋਂ ਰਾਜਪੁਰਾ ਰੋਡ 'ਤੇ ਸਥਿਤ ਬਣੀਆਂ ਕੁਝ ਦੁਕਾਨਾਂ ਦੇ ਅੱਗੇ ਕੰਡਿਆਲੀ ਤਾਰ ਲਗਾ ਦਿੱਤੀ ਗਈ ਹੈ, ਜਦੋਂ ਕਿ ਦੁਕਾਨਦਾਰਾਂ ਵਿਚ ਰੋਸ ਹੈ ਕਿ ਉਨ੍ਹਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ, ਜਦੋਂ ਕਿ ਉਸ ਰੋਡ 'ਤੇ ਬਾਕੀ ਦੇ ਦੁਕਾਨਦਾਰਾਂ ਅਤੇ ਸ਼ੋਅਰੂਮਾਂ ਵਾਲੇ ਸ਼ਰੇਆਮ ਖੁੱਲੇ ਰਸਤੇ ਦੀ ਵਰਤੋਂ ਕਰ ਰਹੇ ਹਨ। ਇੱਕ ਦੁਕਾਨਦਾਰ ਨੇ ਆਪਣਾ ਨਾਮ ਨਾ ਦੱਸਣ ਦੀ ਸ਼ਰਤ 'ਤੇ ਦੱਸਿਆ ਕਿ ਸਾਡੀ ਵਿਭਾਗ ਦੇ ਅਫਸਰਾਂ ਨਾਲ ਸੈਟਿੰਗ ਦੀ ਗੱਲ ਚੱਲ ਰਹੀ ਹੈ, ਜਲਦ ਹੀ ਮਸਲਾ ਹੱਲ ਕਰ ਲਿਆ ਜਾਵੇਗਾ। ਹੁਣ ਦੇਖਣ ਵਾਲੀ ਗੱਲ ਇਹ ਹੋਵੇਗੀ ਕਿ ਵਿਭਾਗ ਦੇ ਅਫਸਰ ਸਰਕਾਰ ਦੇ ਨਿਯਮਾਂ ਨੂੰ ਲਾਗੂ ਕਰਦਾ ਹਨ ਜਾਂ ਦੁਕਾਨਦਾਰਾਂ ਦੇ ਪੱਖ ਵਿਚ ਖੜ੍ਹ ਕੇ ਨਿਯਮਾਂ ਨੂੰ ਛਿੱਕੇ ਟੰਗਦੇ ਹਨ।

**ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਹੋਵੇਗੀ ਸਖਤ ਕਾਰਵਾਈ: ਡੀ. ਐਫ. ਓ.**

ਜੰਗਲਾਤ ਵਿਭਾਗ ਦੇ ਡੀ. ਐਫ. ਓ. ਸਤਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਜੰਗਲਾਤ ਵਿਭਾਗ ਦੀ ਮਨਜੂਰੀ ਤੋਂ ਬਿਨ੍ਹਾਂ ਕੋਈ ਵੀ ਰਸਤਾ ਨਹੀਂ ਲਗਾ ਸਕਦਾ।

ਦਰੱਖਤਾਂ ਦੀ ਨਜਾਇਜ਼ ਕਟਾਈ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਹੋਵੇਗੀ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

# ਖੇਡਾਂ ਵਤਨ ਪੰਜਾਬ ਦੀਆਂ-2026: ਜ਼ਿਲ੍ਹਾ ਪੱਧਰੀ ਖੇਡਾਂ ਦੇ ਤੀਜੇ ਦਿਨ ਖਿਡਾਰੀਆਂ ਨੇ ਦਿਖਾਇਆ ਸ਼ਾਨਦਾਰ ਪ੍ਰਦਰਸ਼ਨ

**ਪਟਿਆਲਾ, 30 ਸਤੰਬਰ**
**-ਛਤਰਪਾਲ ਸਿੰਘ-**



ਖੇਡ ਵਿਭਾਗ ਪਟਿਆਲਾ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਗਈਆਂ। ਜਿਲ੍ਹਾ ਪੱਧਰੀ ਖੇਡਾਂ ਦੇ ਤੀਸਰੇ ਦਿਨ ਐਥਲੈਟਿਕਸ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ, ਹੈਂਡਬਾਲ, ਗੱਤਕਾ, ਬੈਡਮਿੰਟਨ, ਲਾਅਨ ਟੈਨਿਸ, ਟੇਬਲ ਟੈਨਿਸ, ਤੈਰਾਕੀ, ਰੋਲਰ ਸਕੇਟਿੰਗ, ਵੇਟਲਿਫਟਿੰਗ, ਆਰਚਰੀ, ਕਿੱਕ ਬਾਕਸਿੰਗ ਅਤੇ ਟੈਨਿਸ ਬਾਲ ਕ੍ਰਿਕਟ ਖੇਡਾਂ ਵੱਖ-ਵੱਖ ਉਮਰ ਵਰਗ ਅਤੇ ਵੱਖ-ਵੱਖ ਸਥਾਨਾਂ ਤੇ ਕਰਵਾਈਆਂ ਗਈਆਂ। ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਸ. ਜਸਵੀਰ ਸਿੰਘ ਜੱਸੀ ਸੋਹੀਆਂਵਾਲਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਨਾਭਾ ਵਲੋਂ ਸ਼ਿਰਕਤ ਕੀਤੀ ਗਈ।

ਗੇਮ ਵੇਟਲਿਫਟਿੰਗ ਉਮਰ ਵਰਗ ਅੰਡਰ-17 ਲੜਕਿਆਂ ਵਿੱਚ ਭਾਰ ਵਰਗ 55 ਕਿ.ਗ ਸ਼ਗਨਦੀਪ ਸਿੰਘ ਨੇ ਪਹਿਲਾ, ਅਨੁਜ ਨੇ ਦੂਸਰਾ ਅਤੇ ਸਮਰਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 60 ਕਿ.ਗ ਵਿੱਚ ਸ਼ੁਭਮ ਨੇ ਪਹਿਲਾ ਨਿਤਿਨ ਵਰਮਾ ਨੇ ਦੂਸਰਾ ਅਤੇ ਆਰਚਿਤ ਸ਼ਰਮਾ ਨੇ ਤੀਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 65 ਕਿ.ਗ ਵਿੱਚ ਨਿਤਿਲ ਕੁਮਾਰ ਨੇ ਪਹਿਲਾ ਅਤੇ ਮਾਨ ਰਾਏ ਨੇ ਦੂਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 70 ਕਿ.ਗ ਵਿੱਚ ਵਿਵੇਕ ਨੇ ਪਹਿਲਾ ਅਤੇ ਅਕਾਸ਼ ਨੇ ਦੂਸਰਾ ਸਥਾਨ ਹਾਸਲ ਕੀਤਾ। ਭਾਰ ਵਰਗ 75 ਕਿ.ਗ ਵਿੱਚ ਮਾਨਵ ਨੇ ਪਹਿਲਾ ਸਥਾਨ, ਭਾਰ ਵਰਗ 85 ਕਿ.ਗ ਵਿੱਚ ਅਭਿਜੋਤ ਨੇ ਪਹਿਲਾ ਸਥਾਨ ਅਤੇ ਭਾਰ ਵਰਗ 95 ਕਿ.ਗ ਵਿੱਚ ਹਿਮਾਂਗ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। +95 ਕਿ.ਗ ਵਿੱਚ ਅਜੈਬੀਰ ਸਿੰਘ ਨੇ ਪਹਿਲਾ ਸਥਾਨ ਅਤੇ ਅੰਮ੍ਰਿਤ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ।

ਟੇਬਲ ਟੈਨਿਸ ਗੇਮ ਵਿੱਚ ਅਭੀਜੀਤ ਸਿੰਘ ਨੇ ਪਹਿਲਾ ਸਥਾਨ, ਤਸ਼ਾਂਤ ਨੇ ਦੂਸਰਾ ਸਥਾਨ, ਸਤਪ੍ਰੀਤ ਸਿੰਘ ਅਤੇ ਸਕਸ਼ ਨਰੂਲਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਗੇਮ ਰੋਲਰ ਸਕੇਟਿੰਗ ਰੋਡ ਰੇਸ ਇਨਲਾਈਨ ਅੰਡਰ-14 ਲੜਕਿਆਂ ਵਿੱਚ ਜਸਕਰਨ ਸਿੰਘ ਨੇ ਪਹਿਲਾ ਸਥਾਨ, ਏਕਜੋਤ ਸਿੰਘ ਨੇ ਦੂਸਰਾ ਸਥਾਨ, ਅਸ਼ਵਿਕ ਕਾਂਸਲ ਨੇ ਤੀਸਰਾ ਸਥਾਨ ਅਤੇ ਅਰਜੁਨ ਸੂਦ ਨੇ ਚੌਥਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਵਿੱਚ ਕਰਨਵੀਰ ਸਿੰਘ ਨੇ ਪਹਿਲਾ ਅਤੇ ਸ਼ਿਵਾਂਸ ਪਾਂਡੇ ਨੇ ਦੂਸਰਾ ਸਥਾਨ ਹਾਸਲ ਕੀਤਾ। ਅੰਡਰ-21 ਵਿੱਚ ਅਰਮਾਨ ਭੱਲਾ ਨੇ ਪਹਿਲਾ ਸਥਾਨ ਹਾਸਲ ਕੀਤਾ।

ਕਬੱਡੀ ਸਰਕਲ ਸਟਾਇਲ ਉਮਰ ਵਰਗ 21-30 ਲੜਕੀਆਂ ਵਿੱਚ ਭੁਨਰਹੇੜੀ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਵਿੱਚ ਪਾਤੜਾਂ ਏ ਟੀਮ ਨੇ ਪਹਿਲਾ ਸਥਾਨ, ਸਮਾਣਾ ਏ ਟੀਮ ਨੇ ਦੂਸਰਾ ਸਥਾਨ ਅਤੇ ਪਟਿਆਲਾ ਸ਼ਹਿਰੀ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਵਾਲੀਬਾਲ ਸ਼ੂਟਿੰਗ ਉਮਰ ਵਰਗ ਅੰਡਰ-21 ਲੜਕਿਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਸਮਾਣਾ ਦੀ ਟੀਮ ਨੇ ਦੂਸਰਾ ਸਥਾਨ, ਨਾਭਾ ਦੀ ਟੀਮ ਨੇ ਤੀਸਰਾ ਸਥਾਨ ਅਤੇ ਘਨੌਰ ਦੀ ਟੀਮ ਨੇ ਚੌਥਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਹਾਸਲ ਕੀਤੀ।

ਐਥਲੈਟਿਕਸ ਉਮਰ ਵਰਗ ਅੰਡਰ-21 ਹਰਡਲ 100 ਮੀਟਰ ਵਿੱਚ ਹਰਗੁਨਦੀਪ ਕੌਰ ਨੇ ਪਹਿਲਾ, ਗੁਰਪ੍ਰੀਤ ਕੌਰ ਨੇ ਦੂਸਰਾ ਅਤੇ ਅਰਸ਼ਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਲੜਕੇ 31-40 ਈਵੈਂਟ 200 ਮੀਟਰ ਵਿੱਚ ਅਮਨਜੋਤ ਸਿੰਘ ਨੇ ਪਹਿਲਾ, ਗੁਰਜਸਪਾਲ ਨੇ ਦੂਸਰਾ ਅਤੇ ਇੰਦਰਜੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ।

# ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਇਕੱਤਰਤਾ ਹੋਈ ਗਜ਼ਲਾਂ, ਗੀਤਾਂ ਤੇ ਕਵਿਤਾਵਾਂ ਨੇ ਲਾਈ ਰੌਣਕ



**ਮਾਛੀਵਾੜਾ ਸਾਹਿਬ, 30 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਾਹਿਤ ਸਭਾ ਮਾਛੀਵਾੜਾ ਦੀ ਮਹੀਨਾਵਾਰ ਸਾਹਿਤਕ ਇਕੱਤਰਤਾ ਇਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਪ੍ਰਧਾਨ ਐਸ.ਨਸੀਮ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਦੋ ਵੱਖ - ਵੱਖ ਸ਼ੋਕ ਮਤਿਆਂ ਰਾਹੀਂ ਸ਼ਾਇਰ ਟੀ ਲੋਚਨ ਅਤੇ ਕਵੀ ਅਵਤਾਰ ਸਿੰਘ ਉਟਾਲਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ।

ਇਹਨਾਂ ਸ਼ਖਸ਼ੀਅਤਾਂ ਬਾਰੇ ਪ੍ਰਧਾਨ ਐਸ ਨਸੀਮ ਅਤੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਭਾਵਪੂਰਤ ਗੱਲਾਂ ਕਰਦਿਆਂ ਸ਼ਰਧਾ ਦੇ ਫੁੱਲ ਭੇਂਟ ਕੀਤੇ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਨਛੱਤਰ ਸਿੰਘ ਗਿੱਲ ਅਤੇ ਕਸ਼ਮੀਰ ਸਿੰਘ ਨੇ ਗੀਤ ਸੁਣਾਏ, ਜਿਨਾਂ 'ਤੇ ਚਰਚਾ ਦੇ ਨਾਲ ਨਾਲ ਤਾਰੀਫ਼ ਵੀ ਹੋਈ। ਇਸ ਉਪਰੰਤ ਮਨਜੀਤ ਸਿੰਘ ਬਲੀਏਵਾਲ ਨੇ ਕਵਿਤਾ 'ਮੈਂ ਉੱਠਾਂ ਨਿੱਤ ਉੱਠ ਕੇ ਸੋਚਾਂ', ਸੁਣਾਈ ਜਿਸ ਤੇ ਕਾਫੀ ਗੱਲਬਾਤ ਹੋਈ। ਇਸ ਤੋਂ ਬਾਅਦ ਗੁਰਭਗਤ ਸਿੰਘ ਗਿੱਲ ਨੇ ਵੱਖ ਵੱਖ ਸੂਬਿਆਂ ਦੀਆਂ ਯਾਤਰਾਵਾਂ ਦਾ ਉਲੇਖ ਕਰਦਿਆਂ ਵੱਡੇ ਪੱਧਰ ਤੇ ਵਿਕਸਿਤ ਕੀਤੇ ਨੈਸ਼ਨਲ ਪਾਰਕਾਂ ਦੀ ਸ਼ਲਾਘਾ ਕਰਦਿਆਂ ਟੂਰਿਜ਼ਮ ਨੂੰ ਹੋਰ ਵਿਕਸਤ ਕਰਨ ਦੀ ਵੀ ਗੱਲ ਆਖੀ। ਇਸ ਤੋਂ ਅੱਗੇ ਸ਼ਾਇਰ ਜਗਤਾਰ ਸੇਖਾ ਨੇ ਆਪਣੀ ਗ਼ਜ਼ਲ 'ਤੁਰਨਾ ਜੇ ਰਸਤਿਆਂ ਤੇ ਹੀ ਭਟਕਣ ਸਮੇਟ ਲੈ, ਇਹ ਪੱਥਰਾਂ ਦਾ ਸ਼ਹਿਰ ਹੈ ਧੜਕਣ ਸਮੇਟ ਲੈ', ਸੁਣਾਈ ਜਿਸ ਤੇ ਕਾਫੀ ਗੱਲਬਾਤ ਦੇ ਨਾਲ ਨਾਲ ਦਾਦ ਵੀ ਮਿਲੀ।

ਫਿਰ ਹਿੰਦੀ ਕਵੀ ਸੁਰਜੀਤ ਵਿਸ਼ਦ ਨੇ ਹਿੰਦੀ ਨਜ਼ਮ ਸੁਣਾਈ ਜਿਸ ਨੂੰ ਕਾਫੀ ਦਾਦ ਮਿਲੀ। ਇਸ ਉਪਰੰਤ ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਬੁੱਕ ਭਰ ਭਰ ਨੂਰ ਵੰਡਣ ਵਿਤਕਰਾ ਕੋਈ ਨਹੀਂ, ਪਰ ਇਨਾਅਤ ਸੂਰਜਾਂ ਦੀ ਗੌਲਦਾ ਕੋਈ ਨਹੀਂ', ਸੁਣਾਈ ਜਿਸ ਨੂੰ ਬਹੁਤ ਦਾਦ ਮਿਲੀ। ਫਿਰ ਸ਼ਾਇਰ ਐਸ ਨਸੀਮ ਨੇ ਆਪਣੀ ਗਜ਼ਲ 'ਤੇਰੇ ਬੁੱਲਾਂ ਤੋਂ ਸਦਕੇ ਦਿਲ ਦੁਖਾਈ ਜਾ ਰਹੇ ਨੇ ਜੋ, ਅਜੇ ਵੀ ਚੇਤਿਆਂ ਵਿੱਚ ਮੁਸਕਰਾਈ ਜਾ ਰਹੇ ਨੇ ਜੋ', ਸੁਣਾਈ, ਜਿਸ ਨੂੰ ਭਰਪੂਰ ਦਾਦ ਮਿਲੀ।

ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਹੋਰਨਾਂ ਤੋਂ ਇਲਾਵਾ ਗੁਰਭਗਤ ਸਿੰਘ, ਮਲਕੀਤ ਸਿੰਘ, ਮਨਜੀਤ ਸਿੰਘ ਆਦਿ ਸਾਹਿਤਕਾਰਾਂ ਨੇ ਭਾਗ ਲਿਆ। ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ।ਅੰਤ ਵਿੱਚ ਸਭਾ ਦੇ ਪ੍ਰਧਾਨ ਐਸ. ਨਸੀਮ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਆਂਗਣਵਾੜੀ ਵਰਕਰ 'ਨਸ਼ਾ ਮੁਕਤੀ ਮਿੱਤਰ' ਵਜੋਂ ਪੰਜਾਬ ਦੇ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਨਾਲ ਜੁੜੀਆਂ

## ਨੌਜਵਾਨਾਂ ਨੂੰ ਅਪੀਲ, ਨਸ਼ਿਆਂ ਦੀ ਲਪੇਟ ਵਿੱਚ ਆਉਣ ਦੀ ਸੰਭਾਵਨਾ ਵਾਲੇ ਦੋਸਤਾਂ ਦਾ ਸਾਥ ਨਾ ਛੱਡਣ: ਡਾ. ਬਲਜੀਤ ਕੌਰ

**ਚੰਡੀਗੜ੍ਹ, 30 ਸਤੰਬਰ**
**-ਹਰਮਨਪ੍ਰੀਤ ਕੌਰ-**



ਪੰਜਾਬ ਭਰ ਵਿੱਚ, ਆਂਗਣਵਾੜੀ ਵਰਕਰ ਭਗਵੰਤ ਮਾਨ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਨਾਲ 'ਨਸ਼ਾ ਮੁਕਤੀ ਮਿੱਤਰ' ਵਜੋਂ ਜੁੜਦਿਆਂ ਪਰਿਵਾਰਾਂ ਅਤੇ ਭਾਈਚਾਰਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਜ਼ਮੀਨੀ ਪੱਧਰ 'ਤੇ ਇੱਕ ਨੈੱਟਵਰਕ ਤਿਆਰ ਕਰ ਰਹੀਆਂ ਹਨ, ਜਿਸ ਵਿੱਚ ਖੇਡਾਂ ਅਤੇ ਭਾਈਚਾਰਕ ਭਾਗੀਦਾਰੀ ਨਸ਼ਿਆਂ ਦੀ ਰੋਕਥਾਮ ਦੀ ਰਣਨੀਤੀ ਦੇ ਅਹਿਮ ਹਿੱਸਿਆਂ ਵਜੋਂ ਉਭਰ ਰਹੇ ਹਨ। ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਵਿੱਚ ਕਰਵਾਏ ਗਏ ਰਾਜ ਪੱਧਰੀ ਸਮਾਗਮ ਨੇ ਇਹ ਝਲਕ ਪੇਸ਼ ਕੀਤੀ ਕਿ ਭਗਵੰਤ ਮਾਨ ਸਰਕਾਰ ਦਾ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਇਨਫੋਰਸਮੈਂਟ ਅਤੇ ਨਸ਼ਾ ਮੁਕਤੀ ਤੋਂ ਅੱਗੇ ਵਧਦਿਆਂ ਭਾਈਚਾਰਕ ਪੱਧਰ 'ਤੇ ਨਸ਼ਿਆਂ ਦੀ ਰੋਕਥਾਮ ਨੂੰ ਮਜ਼ਬੂਤ ਕਰਨ ਵੱਲ ਕੰਮ ਕਰ ਰਿਹਾ ਹੈ। ਇਸ ਮੌਕੇ, 'ਨਸ਼ਾ ਮੁਕਤੀ ਮਿੱਤਰ' ਵਜੋਂ ਸੇਵਾਵਾਂ ਨਿਭਾਅ ਰਹੀਆਂ 20 ਆਂਗਣਵਾੜੀ ਵਰਕਰਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਨਮਾਨਿਤ ਕੀਤਾ ਗਿਆ।

ਪਰਿਵਾਰਾਂ ਅਤੇ ਬੱਚਿਆਂ ਦੇ ਨਾਲ ਨਿਯਮਿਤ ਸੰਪਰਕ ਵਿੱਚ ਰਹਿਣ ਵਾਲੀਆਂ ਆਂਗਣਵਾੜੀ ਵਰਕਰਾਂ ਨੂੰ ਭਾਈਚਾਰਕ ਪੱਧਰ 'ਤੇ ਜਾਗਰੂਕਤਾ ਦੂਤ ਵਜੋਂ ਭੂਮਿਕਾ ਦਿੱਤੀ ਜਾ ਰਹੀ ਹੈ। ਉਹ ਲੋਕਾਂ ਨੂੰ ਨਸ਼ਿਆਂ ਦੇ ਖ਼ਤਰਿਆਂ ਪ੍ਰਤੀ ਜਾਗਰੂਕ ਕਰਨ, ਸਮੇਂ ਸਿਰ ਦਖ਼ਲ ਲਈ ਪ੍ਰੇਰਿਤ ਕਰਨ ਅਤੇ ਲੋੜਵੰਦ ਲੋਕਾਂ ਨੂੰ ਸਰਕਾਰ ਦੀਆਂ ਨਸ਼ਾ ਮੁਕਤੀ ਅਤੇ ਰੀਹੈਬਲੀਟੇਸ਼ਨ ਸੇਵਾਵਾਂ ਨਾਲ ਜੋੜਨ ਵਿੱਚ ਮਦਦ ਕਰਨਗੀਆਂ।

ਮਲੋਟ ਵਿੱਚ ਕਰਵਾਏ ਗਏ ਸਮਾਗਮ ਦੌਰਾਨ ਨਸ਼ਿਆਂ ਦੀ ਰੋਕਥਾਮ ਦੇ ਸਾਧਨ ਵਜੋਂ ਖੇਡਾਂ ਤੇ ਸਰਕਾਰ ਦੇ ਵਧ ਰਹੇ ਜ਼ੋਰ ਨੂੰ ਵੀ ਉਜਾਗਰ ਕੀਤਾ ਗਿਆ। ਜ਼ਿਲ੍ਹੇ ਦੇ ਨੌਜਵਾਨਾਂ ਨੂੰ ਹਾਕੀ, ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੇ ਸਾਮਾਨ ਵਾਲੀਆਂ 100 ਤੋਂ ਵੱਧ ਖੇਡ ਕਿੱਟਾਂ ਵੰਡੀਆਂ ਗਈਆਂ।

ਆਂਗਣਵਾੜੀ ਵਰਕਰਾਂ, ਨੌਜਵਾਨਾਂ ਅਤੇ ਜ਼ਿਲ੍ਹੇ ਦੇ ਭਾਈਚਾਰਕ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ, ਪੰਜਾਬ ਸਰਕਾਰ ਖੇਡਾਂ ਦੇ ਬੁਨਿਆਦੀ ਢਾਂਚੇ ਦਾ ਵਿਸਥਾਰ ਕਰ ਰਹੀ ਹੈ, ਤਾਂ ਜੋ ਨੌਜਵਾਨਾਂ ਨੂੰ ਸਿਹਤਮੰਦ ਵਿਕਲਪ ਮੁਹੱਈਆ ਕਰਵਾਏ ਜਾ ਸਕਣ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ।

ਮੰਤਰੀ ਨੇ ਦੱਸਿਆ, ਪੰਜਾਬ ਵਿੱਚ ਕਰੀਬ 3,000 ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ, ਜਦਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਸਾਲ ਜਨਵਰੀ ਵਿੱਚ 500 ਪਿੰਡ ਜਿੰਮਾਂ ਦਾ ਉਦਘਾਟਨ ਕੀਤਾ ਸੀ। ਇਸ ਮਹੀਨੇ ਦੀ ਸ਼ੁਰੂਆਤ ਵਿੱਚ ਬਠਿੰਡਾ ਤੋਂ ਸ਼ੁਰੂ ਹੋਏ ਸਾਲਾਨਾ ਖੇਡ ਮਹੋਤਸਵ 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਰਾਹੀਂ ਵੀ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ, ਇਹ ਪਹਿਲਕਦਮੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਇੱਕ ਹੋਰ ਮਹੱਤਵਪੂਰਨ ਪੱਖ ਜੋੜਦੀ ਹੈ। ਜਿੱਥੇ ਇਨਫੋਰਸਮੈਂਟ ਸਬੰਧੀ ਕਾਰਵਾਈ ਨਸ਼ਿਆਂ ਦੀ ਸਪਲਾਈ ਵਿੱਚ ਵਿਘਨ ਪਾਉਣ 'ਤੇ ਕੇਂਦਰਿਤ ਹੈ, ਉੱਥੇ ਨਸ਼ਾ ਮੁਕਤੀ ਅਤੇ ਰੀਹੈਬਲੀਟੇਸ਼ਨ ਸੇਵਾਵਾਂ ਪਹਿਲਾਂ ਹੀ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਲੋਕਾਂ ਦੀ ਸਹਾਇਤਾ ਕਰਦੀਆਂ ਹਨ। ਇਸ ਦੇ ਨਾਲ ਹੀ ਸਰਕਾਰ ਹੁਣ ਰੋਕਥਾਮ 'ਤੇ ਵੀ ਵਧੇਰੇ ਧਿਆਨ ਦੇ ਰਹੀ ਹੈ, ਤਾਂ ਜੋ ਅਜਿਹਾ ਮਾਹੌਲ ਤਿਆਰ ਕੀਤਾ ਜਾ ਸਕੇ, ਜਿੱਥੇ ਨੌਜਵਾਨਾਂ ਨੂੰ ਮਨੋਰੰਜਨ ਅਤੇ ਖੇਡ ਗਤੀਵਿਧੀਆਂ, ਭਾਈਚਾਰਕ ਸਹਿਯੋਗ ਅਤੇ ਅਜਿਹੇ ਬਾਲਗਾਂ ਦਾ ਸਾਥ ਮਿਲੇ, ਜੋ ਨਸ਼ਿਆਂ ਵੱਲ ਵਧਣ ਦੇ ਸ਼ੁਰੂਆਤੀ ਸੰਕੇਤਾਂ ਨੂੰ ਸਮੇਂ ਸਿਰ ਪਛਾਣ ਸਕਣ।

ਡਾ. ਬਲਜੀਤ ਕੌਰ ਨੇ ਅਧਿਆਪਕਾਂ, ਮਾਪਿਆਂ, ਯੂਥ ਕਲੱਬਾਂ, ਪੰਚਾਇਤਾਂ ਅਤੇ ਸਮਾਜਿਕ ਭਲਾਈ ਸੰਸਥਾਵਾਂ ਨੂੰ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਨੇ ਨੌਜਵਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਉਨ੍ਹਾਂ ਦੋਸਤਾਂ ਦਾ ਸਾਥ ਨਾ ਛੱਡਣ, ਜੋ ਨਸ਼ਿਆਂ ਵੱਲ ਵਧ ਰਹੇ ਹੋਣ। ਇਸ ਦੀ ਬਜਾਏ ਉਨ੍ਹਾਂ ਦਾ ਸਹਿਯੋਗ ਕਰਨ ਅਤੇ ਮਦਦ ਲੈਣ ਤੇ ਨਸ਼ਿਆਂ ਤੋਂ ਦੂਰ ਹੋਣ ਲਈ ਉਨ੍ਹਾਂ ਨੂੰ ਉਤਸ਼ਾਹਿਤ ਕਰਨ।

ਮਲੋਟ ਸਮਾਗਮ ਵਿੱਚ ਸਕੂਲੀ ਬੱਚਿਆਂ ਨੇ ਪੋਸਟਰ ਬਣਾਉਣ ਅਤੇ ਲੇਖ ਲਿਖਣ ਮੁਕਾਬਲਿਆਂ ਵਿੱਚ ਹਿੱਸਾ ਲਿਆ। ਮਲਵਈ ਗਿੱਧਾ ਅਤੇ ਨਸ਼ਿਆਂ ਪ੍ਰਤੀ ਜਾਗਰੂਕਤਾ 'ਤੇ ਆਧਾਰਿਤ ਨਾਟਕ ਸਮੇਤ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਿਹਤਮੰਦ ਅਤੇ ਨਸ਼ਾ ਮੁਕਤ ਪੰਜਾਬ ਦਾ ਸੰਦੇਸ਼ ਦਿੱਤਾ।

ਪੰਜਾਬ ਵਿੱਚ ਹੁਣ ਇੱਕ ਅਜਿਹਾ ਸਥਾਨਕ ਭਾਈਚਾਰਕ ਤੰਤਰ ਤਿਆਰ ਕੀਤਾ ਜਾ ਰਿਹਾ ਹੈ, ਜਿਸ ਵਿੱਚ ਭਾਈਚਾਰਕ ਸਿਹਤ ਵਰਕਰ, ਸਕੂਲ, ਮਾਪੇ, ਪੰਚਾਇਤਾਂ, ਯੂਥ ਕਲੱਬ ਅਤੇ ਖੇਡ ਸਹੂਲਤਾਂ ਨਸ਼ਿਆਂ ਦੀ ਰੋਕਥਾਮ ਦੇ ਯਤਨਾਂ ਦਾ ਹਿੱਸਾ ਬਣ ਰਹੇ ਹਨ। ਇਸ ਵਿੱਚ ਆਂਗਣਵਾੜੀ ਵਰਕਰਾਂ ਦੇ ਨਾਲ-ਨਾਲ ਪਿੰਡ ਅਤੇ ਵਾਰਡ ਰੱਖਿਆ ਕਮੇਟੀਆਂ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਪੂਰੇ ਪੰਜਾਬ ਵਿੱਚ 'ਨਸ਼ਾ ਮੁਕਤੀ ਮਿੱਤਰ' ਤਾਇਨਾਤ ਕੀਤੇ ਜਾਣ ਨਾਲ ਸਰਕਾਰ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਨੂੰ ਉਨ੍ਹਾਂ ਪਰਿਵਾਰਾਂ ਅਤੇ ਭਾਈਚਾਰਿਆਂ ਦੇ ਹੋਰ ਨੇੜੇ ਲੈ ਕੇ ਜਾ ਰਹੀ ਹੈ, ਜਿੱਥੇ ਨਸ਼ਿਆਂ ਦੀ ਰੋਕਥਾਮ ਲਈ ਸਮੇਂ ਸਿਰ ਕਦਮ ਚੁੱਕੇ ਜਾ ਸਕਦੇ ਹਨ।

# ਖੇਡਾਂ ਵਤਨ ਪੰਜਾਬ ਦੀਆਂ: ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ; ਫੁਟਬਾਲ ਵਿੱਚ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਬਣਾਈ ਥਾਂ



**ਸੰਗਰੂਰ, 30 ਸਤੰਬਰ**
**-ਜਗਦੇਵ ਰੰਚਨਾਂ-**

ਖੇਡ ਵਿਭਾਗ ਪੰਜਾਬ ਵਲੋਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ-04)-2026 ਅਧੀਨ ਬਲਾਕ ਪੱਧਰੀ ਖੇਡਾਂ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਖੇਡਾਂ ਤਹਿਤ ਕੁੱਲ 39 ਵੱਖ-ਵੱਖ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਤੇ ਇਹਨਾਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਖੇਡ ਫੁੱਟਬਾਲ, ਚੈੱਸ, ਆਰਚਰੀ, ਲਾਅਨ ਟੈਨਿਸ, (ਲੜਕੇ/ਲੜਕੀਆਂ) ਦਾ ਅੱਜ ਆਗਾਜ਼ ਕੀਤਾ ਗਿਆ।

ਇਸ ਵਿਸ਼ੇਸ਼ ਮੌਕੇ ਸ੍ਰੀ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋ ਗੇਮ ਚੈੱਸ ਦਾ ਉਦਘਾਟਨ ਕੀਤਾ ਗਿਆ ਜੋ ਕਿ ਅਗਰਵਾਲ ਧਰਮਸ਼ਾਲ, ਸੁਨਾਮੀ ਗੇਟ, ਨੇੜੇ ਵੱਡਾ ਚੌਂਕ, ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ। ਗੇਮ ਆਰਚਰੀ ਜੀ.ਸੀ.ਐੱਮ. ਕਾਨਵੈਂਟ ਸਕੂਲ, ਦਿੜਬਾ ਵਿਖੇ ਅਤੇ ਫੁੱਟਬਾਲ ਗੇਮ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਸ੍ਰੀ ਮਸਤੂਆਣਾ ਸਾਹਿਬ ਵਿਖੇ ਆਯੋਜਿਤ ਕਰਵਾਈ ਜਾ ਰਹੀ ਹੈ।

ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਸ਼ੁਭ ਇਛਾਵਾਂ ਦਿੱਤੀਆਂ ਗਈਆਂ ਅਤੇ ਖੇਡ ਭਾਵਨਾ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਖੇਡ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਖੇਡਾਂ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸ਼ਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ। ਜ਼ਿਲਾ ਖੇਡ ਅਫਸਰ ਨਵਦੀਪ ਸਿੰਘ ਨੇ ਦੱਸਿਆ ਕਿ ਖੇਡ ਵਿਭਾਗ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਅਤੇ ਵਧੀਆ ਖੇਡ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਗੇਮ ਫੁਟਬਾਲ: ਅੰ: 14 (ਲੜਕੀਆਂ) ਦੇ ਹੋਏ ਸੈਮੀਫਾਈਨਲ ਮੁਕਾਬਲਿਆਂ ਦੌਰਾਨ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ ਅਤੇ ਇਸ ਦੇ ਨਾਲ ਹੀ ਅੰ:17 (ਲੜਕੀਆਂ) ਦੇ ਕੁਆਰਟਰਫਾਈਨਲ ਮੁਕਾਬਲੇ ਦੌਰਾਨ ਸੁਨਾਮ-ਏ ਦੀ ਟੀਮ ਅਨਦਾਣਾ ਦੀ ਟੀਮ ਨੂੰ ਹਰਾ ਕੇ ਫਾਈਨਲ ਮੁਕਾਬਲੇ ਵਿੱਚ ਪਹੁੰਚ ਚੁੱਕੀ ਹੈ।

# ਏ.ਡੀ.ਸੀ. ਅਮਨਦੀਪ ਸਿੰਘ ਭੱਟੀ ਨੇ ਸੀਨੀਅਰ ਸਿਟੀਜ਼ਨ 'ਪਲਾਜ਼ਾ ਬੈਠਕ' ਦਾ ਦੌਰਾ ਕਰਕੇ ਉੱਥੇ ਉਪਲਬਧ ਸੁਵਿਧਾਵਾਂ ਦੀ ਸਮੀਖਿਆ ਕੀਤੀ

**ਚੰਡੀਗੜ੍ਹ, 30 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਇੰਡੀਅਨ ਰੈੱਡ ਕਰਾਸ ਸੋਸਾਇਟੀ, ਯੂ.ਟੀ. ਸ਼ਾਖਾ, ਚੰਡੀਗੜ੍ਹ ਦੇ ਏਡੀਸੀ-ਅਤੇ-ਸਕੱਤਰ ਸ਼੍ਰੀ ਅਮਨਦੀਪ ਸਿੰਘ ਭੱਟੀ ਨੇ ਸੈਕਟਰ 17, ਚੰਡੀਗੜ੍ਹ ਸਥਿਤ ਸੀਨੀਅਰ ਸਿਟੀਜ਼ਨ 'ਪਲਾਜ਼ਾ ਬੈਠਕ' ਦਾ ਦੌਰਾ ਕਰਕੇ ਉੱਥੇ ਉਪਲਬਧ ਸੁਵਿਧਾਵਾਂ ਦੀ ਸਮੀਖਿਆ ਕੀਤੀ। ਇਹ ਕਲਿਆਣਕਾਰੀ ਪਹਿਲ ਡਿਪਟੀ ਕਮਿਸ਼ਨਰ-ਅਤੇ-ਚੇਅਰਮੈਨ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਦੇ ਮਾਰਗਦਰਸ਼ਨ ਵਿੱਚ ਚੰਡੀਗੜ੍ਹ ਰੈੱਡ ਕਰਾਸ ਦੁਆਰਾ ਸ਼ੁਰੂ ਕੀਤੀ ਗਈ ਹੈ। ਇਸ ਦਾ ਉਦੇਸ਼ ਸੀਨੀਅਰ ਸਿਟੀਜ਼ਨਸ ਨੂੰ ਅਰਾਮ ਅਤੇ ਆਪਸੀ ਮੇਲ-ਜੋਲ ਲਈ ਅਰਾਮਦਾਇਕ ਅਤੇ ਮੈਤ੍ਰੀਪੂਰਨ ਸਥਾਨ ਉਪਲਬਧ ਕਰਵਾਉਣਾ ਹੈ।

'ਪਲਾਜ਼ਾ ਬੈਠਕ' ਦਾ ਹਾਲ ਹੀ ਵਿੱਚ ਨਵੀਨੀਕਰਣ ਕੀਤਾ ਗਿਆ ਹੈ। ਇੱਥੇ ਨਵੀਆਂ ਕੁਰਸੀਆਂ ਅਤੇ ਮੇਜ਼ਾਂ, ਮਨੋਰੰਜਨ ਦੀਆਂ ਖੇਡਾਂ, ਛਤਰੀਆਂ ਅਤੇ ਹੋਰ ਜ਼ਰੂਰੀ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਸੀਨੀਅਰ ਸਿਟੀਜ਼ਨਸ ਲਈ ਅਰਾਮਦਾਇਕ ਬੈਠਣ ਦੀ ਵਿਵਸਥਾ, ਪੀਣ ਵਾਲਾ ਪਾਣੀ, ਅਖ਼ਬਾਰ ਅਤੇ ਰਸਾਲੇ, ਅਤੇ ਸ਼ਤਰੰਜ, ਲੂਡੋ ਤੇ ਕੈਰਮ ਜਿਹੀਆਂ ਖੇਡਾਂ ਉਪਲਬਧ ਹਨ। ਨਵੀਨੀਕਰਣ ਕਾਰਜ ਵਿੱਚ ਸਰਗਰਮ ਸਹਿਯੋਗ ਦੇਣ ਵਾਲੇ ਨੋਡਲ ਅਫ਼ਸਰ ਸੁਸ਼੍ਰੀ ਪੂਨਮ ਮਲਿਕ ਵੀ ਇਸ ਅਵਸਰ 'ਤੇ ਮੌਜੂਦ ਸਨ।

ਦੌਰੇ ਦੇ ਦੌਰਾਨ ਸੀਨੀਅਰ ਸਿਟੀਜ਼ਨਸ ਨੇ ਸ਼੍ਰੀ ਅਮਨਦੀਪ ਸਿੰਘ ਭੱਟੀ ਦਾ ਗਰਮਜੋਸ਼ੀ ਨਾਲ ਸੁਆਗਤ ਕੀਤਾ ਅਤੇ ਬੈਠਕ ਵਿੱਚ ਉਪਲਬਧ ਸੁਵਿਧਾਵਾਂ ਬਾਰੇ ਉਨ੍ਹਾਂ ਨਾਲ ਗੱਲਬਾਤ ਕੀਤੀ। ਸਕੱਤਰ ਨੇ ਪਹਿਲ ਨੂੰ ਅਧਿਕ ਉਪਯੋਗੀ ਅਤੇ ਬਜ਼ੁਰਗਾਂ ਲਈ ਸੁਲਭ ਬਣਾਉਣ ਦੇ ਉਦੇਸ਼ ਨਾਲ ਉਨ੍ਹਾਂ ਦੇ ਸੁਝਾਅ ਅਤੇ ਵਿਚਾਰ ਵੀ ਜਾਣੇ।

ਇਸ ਅਵਸਰ 'ਤੇ ਏਡੀਸੀ-ਅਤੇ-ਸਕੱਤਰ ਨੇ ਕਿਹਾ ਕਿ ਚੰਡੀਗੜ੍ਹ ਰੈੱਡ ਕਰਾਸ ਸੀਨੀਅਰ ਸਿਟੀਜ਼ਨਸ ਦੇ ਕਲਿਆਣ ਲਈ ਪ੍ਰਤੀਬੱਧ ਹੈ ਅਤੇ ਉਨ੍ਹਾਂ ਦੇ ਸਮਾਜਿਕ ਮੇਲ-ਜੋਲ ਲਈ ਸੁਰੱਖਿਅਤ ਅਤੇ ਅਰਾਮਦਾਇਕ ਸਥਾਨ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਕਾਰਜ ਕਰ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਜਲਦੀ ਹੀ ਚੰਡੀਗੜ੍ਹ ਵਿੱਚ ਉਚਿਤ ਸਥਾਨਾਂ 'ਤੇ 'ਸੀਨੀਅਰ ਸਿਟੀਜ਼ਨਸ ਲਈ ਹੋਰ ਬੈਠਕਾਂ' ਸਥਾਪਿਤ ਕੀਤੀਆਂ ਜਾਣਗੀਆਂ।

# ਨਾਨਕਸਰ ਸੰਪਰਦਾਇ ਦੇ ਮੁਖੀ ਨੇ ਇਤਿਹਾਸਕ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਪਾਸ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੀਤੀ ਸ਼ਲਾਘਾ

**ਚੰਡੀਗੜ੍ਹ 30 ਸਤੰਬਰ**
**-ਛਤਰਪਾਲ ਸਿੰਘ-**

ਨਾਨਕਸਰ ਸੰਪਰਦਾਇ ਦੇ ਮੁਖੀ ਬਾਬਾ ਲੱਖਾ ਸਿੰਘ ਜੀ ਨੇ ਅੱਜ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ ਅਤੇ ਇਤਿਹਾਸਕ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਪਾਸ ਕਰਨ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਸਿੱਖ ਭਾਈਚਾਰੇ ਦੇ ਵਲੂੰਧਰੇ ਹਿਰਦਿਆਂ 'ਤੇ ਮੱਲ੍ਹਮ ਲਾਏਗਾ ਅਤੇ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦਗਾਰ ਸਾਬਤ ਹੋਵੇਗਾ। ਬਾਬਾ ਲੱਖਾ ਸਿੰਘ ਜੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਭੇਟ ਕਰਕੇ ਆਸ਼ੀਰਵਾਦ ਦਿੱਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸ਼ਬਦ ਗੁਰੂ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਪਵਿੱਤਰਤਾ ਅਤੇ ਮਰਿਆਦਾ ਨੂੰ ਕਾਇਮ ਰੱਖਣਾ ਉਨ੍ਹਾਂ ਦੀ ਸਰਕਾਰ ਦਾ ਮੁੱਖ ਫਰਜ਼ ਹੈ ਅਤੇ ਉਹ ਇਸ ਸੇਵਾ ਨੂੰ ਵਾਹਿਗੁਰੂ ਵੱਲੋਂ ਸੌਂਪੀ ਗਈ ਬਖਸ਼ਿਸ਼ ਮੰਨਦੇ ਹਨ।

ਇਸ ਦੌਰਾਨ ਨਾਨਕਸਰ ਸੰਪਰਦਾਇ ਦੇ ਮੁਖੀ ਬਾਬਾ ਲੱਖਾ ਸਿੰਘ ਜੀ ਨੇ ਕਿਹਾ, ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਦਾ ਪਾਸ ਹੋਣਾ ਬੇਹੱਦ ਅਹਿਮ ਅਤੇ ਮਿਸਾਲੀ ਕਦਮ ਹੈ, ਜਿਸ ਨੇ ਬੇਅਦਬੀ ਦੀਆਂ ਵਾਰ-ਵਾਰ ਵਾਪਰਨ ਵਾਲੀਆਂ ਘਟਨਾਵਾਂ ਕਾਰਨ ਸਮੁੱਚੇ ਸਿੱਖ ਭਾਈਚਾਰੇ ਦੇ ਵਲੂੰਧਰੇ ਹਿਰਦਿਆਂ 'ਤੇ ਮੱਲ੍ਹਮ ਲਾਈ ਹੈ। ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਅਤੇ ਪਵਿੱਤਰਤਾ ਦੀ ਰਾਖੀ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ, ਸਰਕਾਰ ਨੇ ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਕਾਨੂੰਨ ਨੂੰ ਮਜ਼ਬੂਤ ਕਰਕੇ ਮਹੱਤਵਪੂਰਨ ਕਦਮ ਚੁੱਕਿਆ ਹੈ। ਅਜਿਹਾ ਕਾਨੂੰਨ 'ਸ਼ਬਦ ਗੁਰੂ' ਦੀ ਮਰਿਆਦਾ ਨੂੰ ਕਾਇਮ ਰੱਖਣ ਅਤੇ ਅਜਿਹੀਆਂ ਘਟਨਾਵਾਂ ਨਾਲ ਸਖ਼ਤੀ ਨਾਲ ਨਜਿੱਠਣ ਵਿੱਚ ਮਦਦਗਾਰ ਸਾਬਿਤ ਹੋਵੇਗਾ ਜਿਸ ਨਾਲ ਸਿੱਖ ਭਾਈਚਾਰੇ ਦਾ ਭਰੋਸਾ ਹੋਰ ਵੀ ਮਜ਼ਬੂਤ ਹੋਵੇਗਾ। ਬਾਬਾ ਲੱਖਾ ਸਿੰਘ ਜੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਮੁੱਚੀ ਮਨੁੱਖਤਾ ਅਤੇ ਖਾਸ ਤੌਰ 'ਤੇ ਸਿੱਖ ਪੰਥ ਦੀ ਕੀਤੀ ਗਈ ਸੇਵਾ ਬਦਲੇ ਸਨਮਾਨ ਵਜੋਂ ਸਿਰੋਪਾਓ ਭੇਟ ਕੀਤਾ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਬਾਬਾ ਜੀ ਦਾ ਦਿਲੋਂ ਧੰਨਵਾਦ ਕਰਦਾ ਹਾਂ ਕਿ ਉਨ੍ਹਾਂ ਨੂੰ ਮੈਨੂੰ ਆਪਣਾ ਆਸ਼ਿਰਵਾਦ ਦਿੱਤਾ ਹੈ। ਸ਼ਬਦ ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਅਤੇ ਪਵਿੱਤਰਤਾ ਨੂੰ ਕਾਇਮ ਰੱਖਣਾ ਸੂਬਾ ਸਰਕਾਰ ਦਾ ਮੁੱਢਲਾ ਫਰਜ਼ ਹੈ। ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਮਹਾਨ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅਸੀਂ ਸੂਬੇ ਵਿੱਚ ਸ਼ਾਂਤੀ, ਭਾਈਚਾਰਕ ਸਾਂਝ ਅਤੇ ਸਦਭਾਵਨਾ ਬਰਕਰਾਰ ਰੱਖਣ ਅਤੇ ਫਿਰਕੂ ਸਦਭਾਵਨਾ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੇ ਹਾਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਵਾਹਿਗੁਰੂ ਨੇ ਮੈਨੂੰ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ, 2026' ਲਾਗੂ ਕਰਕੇ ਮਨੁੱਖਤਾ ਦੀ ਸੇਵਾ ਕਰਨ ਦਾ ਸੁਭਾਗ ਬਖਸ਼ਿਆ ਹੈ, ਜਿਸ ਵਿੱਚ ਬੇਅਦਬੀ ਲਈ ਸਖ਼ਤ ਸਜ਼ਾ ਦੀ ਵਿਵਸਥਾ ਕੀਤੀ ਗਈ ਹੈ। ਮੈਨੂੰ ਉਮੀਦ ਹੈ ਕਿ ਇਹ ਕਾਨੂੰਨ ਭਵਿੱਖ ਵਿੱਚ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦਗਾਰ ਸਾਬਤ ਹੋਵੇਗਾ ਅਤੇ ਕੋਈ ਵੀ ਵਿਅਕਤੀ ਅਜਿਹਾ ਅਪਰਾਧ ਕਰਨ ਦੀ ਹਿੰਮਤ ਨਹੀਂ ਕਰੇਗਾ।

ਉਨ੍ਹਾਂ ਕਿਹਾ, ਮੈਂ ਇਹ ਦਾਅਵਾ ਕਰਨ ਵਾਲਾ ਕੌਣ ਹਾਂ ਕਿ ਇਹ ਕਾਨੂੰਨ ਮੈਂ ਪਾਸ ਕੀਤਾ ਹੈ ? ਇਹ ਸੇਵਾ ਤਾਂ ਗੁਰੂ ਸਾਹਿਬ ਨੇ ਮੇਰੇ ਕੋਲੋਂ ਲਈ ਹੈ, ਜੋ ਸਰਬ-ਸ਼ਕਤੀਮਾਨ ਅਤੇ ਸਰਬ-ਵਿਆਪਕ ਹਨ। ਪ੍ਰਮਾਤਮਾ ਆਪਣੇ ਚੁਣੇ ਹੋਏ ਵਿਅਕਤੀ ਕੋਲੋਂ ਹੀ ਅਜਿਹੀ ਸੇਵਾ ਲੈਂਦੇ ਹਨ ਅਤੇ ਮੈਂ ਖੁਦ ਨੂੰ ਗੁਰੂ ਸਾਹਿਬ ਦਾ ਇੱਕ ਨਿਮਾਣਾ ਸੇਵਕ ਮੰਨਦਾ ਹਾਂ ਜਿਸ ਨੂੰ ਇਹ ਕਾਰਜ ਸੌਂਪਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਲਈ ਪਿਤਾ ਸਮਾਨ ਹਨ ਅਤੇ ਇਨ੍ਹਾਂ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣਾ ਸਾਡਾ ਫਰਜ਼ ਹੈ। ਜੇਕਰ ਸੂਬਾ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਅਤੇ ਪਵਿੱਤਰਤਾ ਨੂੰ ਯਕੀਨੀ ਨਹੀਂ ਬਣਾ ਸਕਦੀ ਤਾਂ ਹੋਰ ਕੋਈ ਅਜਿਹਾ ਨਹੀਂ ਕਰ ਸਕਦਾ। ਇਸ ਲਈ, ਅਸੀਂ 'ਸ਼ਬਦ ਗੁਰੂ ਸਾਹਿਬ' ਦੀ ਪਵਿੱਤਰਤਾ ਦੀ ਰਾਖੀ ਲਈ ਹਰ ਸੰਭਵ ਕਦਮ ਚੁੱਕਣ ਲਈ ਵਚਨਬੱਧ ਹਾਂ।

ਉਨ੍ਹਾਂ ਕਿਹਾ, ਅਸੀਂ ਖੁਸ਼ਕਿਸਮਤ ਹਾਂ ਕਿ ਅਜਿਹਾ ਇਤਿਹਾਸਕ ਕਾਨੂੰਨ ਪਾਸ ਕਰਨ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਨੂੰ ਸੌਂਪੀ ਗਈ ਹੈ। ਮੈਨੂੰ ਪੂਰੀ ਉਮੀਦ ਹੈ ਕਿ ਇਹ ਕਾਨੂੰਨ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਮੁਕੰਮਲ ਰੋਕ ਲਗਾਏਗਾ।

ਇਸ ਮੁਲਾਕਾਤ ਦੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਚੰਡੀਗੜ੍ਹ ਵਿਖੇ ਨਾਨਕਸਰ ਸੰਪਰਦਾਇ ਦੇ ਮੁਖੀ ਬਾਬਾ ਲੱਖਾ ਸਿੰਘ ਜੀ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਸਾਡੀ ਸਰਕਾਰ ਵੱਲੋਂ ਪਾਸ ਕੀਤੇ ਗਏ 'ਜਾਗਤ ਜੋਤ ਸਤਿਕਾਰ ਐਕਟ, 2026' ਦੀ ਸ਼ਲਾਘਾ ਕੀਤੀ ਅਤੇ ਗੁਰੂ ਘਰ ਦੀ ਬਖ਼ਸ਼ਿਸ਼ ਵਜੋਂ ਮੈਨੂੰ ਸਿਰੋਪਾਓ ਭੇਟ ਕਰਕੇ ਆਸ਼ੀਰਵਾਦ ਦਿੱਤਾ। ਮੈਂ ਬਾਬਾ ਜੀ ਦਾ ਦਿਲੋਂ ਧੰਨਵਾਦ ਕਰਦਾ ਹਾਂ। ਸ਼ਬਦ ਗੁਰੂ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਅਤੇ ਮਰਿਆਦਾ ਨੂੰ ਕਾਇਮ ਰੱਖਣਾ ਸਾਡੀ ਸਰਕਾਰ ਦਾ ਮੁੱਢਲਾ ਫਰਜ਼ ਹੈ। ਸਾਡੀ ਸਰਕਾਰ ਸੂਬੇ ਦੀ ਤਰੱਕੀ, ਸ਼ਾਂਤੀ ਤੇ ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਗੁਰੂਆਂ ਅਤੇ ਪੀਰਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਭਾਰਤੀ ਮਨੁੱਖੀ ਅਧਿਕਾਰ ਮਹਾਸੰਘ ਨੇ ਹਿਮਾਚਲ ਪ੍ਰਦੇਸ਼ ਵਿੱਚ ਆਪਣੇ ਮੈਂਬਰਾਂ ਨੂੰ ਪਹਿਚਾਣ ਪੱਤਰ ਦਿੱਤੇ: ਅਮੀਰ ਸ਼ਰਮਾ



**ਮੁਕੇਰੀਆਂ, 30 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

,ਅੱਜ ਦਿਨ- ਬ -ਦਿਨ ਭਾਰਤੀ ਮਨੁੱਖੀ ਅਧਿਕਾਰ ਮਹਾਸੰਘ ਦੀ ਟੀਮ ਦੇ ਵਿੱਚ ਵਾਧਾ ਹੋ ਰਿਹਾ ਅੱਜ ਇਸ ਦੇ ਦੌਰਾਨ ਹਿਮਾਚਲ ਪ੍ਰਦੇਸ਼ ਸ੍ਰੀ ਕਾਠਗੜ੍ਹ ਵਿਖੇ ਸ੍ਰੀ ਦਵਿੰਦਰ ਗੌਤਮ ਅਤੇ ਯੁੱਧਵੀਰ ਸਿੰਘ ਹੋਰਾਂ ਨੂੰ ਮਹਾਸੰਘ ਦੇ ਪੰਜਾਬ ਮੀਡੀਆ ਇੰਚਾਰਜ ਅਮੀਰ ਸ਼ਰਮਾ ਵੱਲੋਂ ਪਹਿਚਾਨ ਪੱਤਰ ਦਿੱਤੇ ਗਏ ਇਸ ਮੌਕੇ ਤੇ ਅਮੀਰ ਸ਼ਰਮਾ ਨੇ ਕਿਹਾ ਕੀ ਭਾਰਤੀ ਮਨੁੱਖੀ ਅਧਿਕਾਰ ਮਹਾਸੰਘ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਆਪਣੀ ਡਿਊਟੀ ਨਿਭਾ ਰਿਹਾ ਹੈ ਅਤੇ ਲੋਕਾਂ ਨੂੰ ਮੌਲਿਕ ਅਧਿਕਾਰਾਂ ਦੇ ਬਾਰੇ ਚਾਨਣਾ ਪਾ ਰਿਹਾ ਹੈ ।

ਮਨੁੱਖੀ ਅਧਿਕਾਰ ਦਾ ਇੱਕ ਮਿਸ਼ਨ ਜਿਸ ਵਿੱਚ ਕਰੱਪਸ਼ਨ ਨੂੰ ਦੂਰ ਕਰਨਾ, ਜਾਤ ਪਾਤ ਤੋਂ ਮੁਕਤ ਕਰਨਾ, ਦੇਸ਼ ਨੂੰ ਨਸ਼ੇ ਤੋਂ ਮੁਕਤ ਕਰਨਾ, ਗਰੀਬੀ ਅਮੀਰੀ ਦਾ ਪਾੜਾ ਘਟਾਉਣਾ, ਸਮਾਜ ਵਿੱਚ ਹੋ ਰਹੀਆਂ ਵਧੀਕੀਆਂ ਦੇ ਵਿਰੁੱਧ ਖੜੇ ਹੋਣਾ ਇਹ ਮੁੱਖ ਕੰਮ ਹਨ ਇਸ ਮੌਕੇ ਤੇ ਦਵਿੰਦਰ ਗੌਤਮ ਅਤੇ ਯੁੱਧਵੀਰ ਹੋਰਾਂ ਨੇ ਕਿਹਾ ਕਿ ਅਸੀਂ ਮਹਾਸੰਘ ਵੱਲੋਂ ਦਿੱਤੀ ਜ਼ੁੰਮੇਵਾਰੀ ਨੂੰ ਪੂਰੀ ਤਨ ਮਨ ਧਨ ਦੇ ਨਾਲ ਨਿਭਾਵਾਂਗੇ ਅਤੇ ਆਪਣੇ ਹਿਮਾਚਲ ਪ੍ਰਦੇਸ਼ ਦੇ ਵਿੱਚ ਵਧੀਆ ਤਰੀਕੇ ਦੇ ਨਾਲ ਲੋਕਾਂ ਦੀ ਸੇਵਾ ਕਰਕੇ ਉਹਨਾਂ ਨੂੰ ਇਸ ਸੰਗਠਨ ਦੇ ਨਾਲ ਜੋੜਾਂਗੇ ਅਤੇ ਸਮਾਜ ਦੀ ਸੇਵਾ ਕਰਾਂਗੇ ਇਸ ਮੌਕੇ ਤੇ ਪੰਜਾਬ ਮੀਡੀਆ ਇੰਚਾਰਜ ਅਮੀਰ ਸ਼ਰਮਾ ਹੋਰਾਂ ਨੇ ਦਵਿੰਦਰ ਗੌਤਮ ਅਤੇ ਯੁਧਵੀਰ ਸਿੰਘ ਹੋਰਾ ਨੂੰ ਸ਼ੁਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਭਾਰਤੀ ਮਨੁੱਖੀ ਅਧਿਕਾਰ ਮਹਾਸੰਘ ਦੇ ਮੈਂਬਰ ਉਮੀਦ ਕਰਦੇ ਹਾਂ ਕਿ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਇਸ ਦਾ ਪਸਾਰ ਅਤੇ ਦਿਲੋਂ ਲੋਕਾਂ ਦੀ ਸੇਵਾ ਕਰਨ ਵਿੱਚ ਕਾਮਯਾਬ ਹੋਣਗੇ ਇਸ ਮੌਕੇ ਤੇ ਅਮੀਰ ਸ਼ਰਮਾ ਹੋਰਾਂ ਨੇ ਕਿਹਾ ਭਾਰਤੀ ਮਨੁੱਖੀ ਅਧਿਕਾਰ ਮਹਾਸੰਘ ਨਾ ਧੱਕਾ ਸਹਿੰਦਾ ਹੈ ਅਤੇ ਨਾ ਹੀ ਧੱਕਾ ਕਰਦਾ ਹੈ। ਇਸ ਮੌਕੇ ਤੇ ਪੰਜਾਬ ਦੇ ਵਾਇਸ ਮੀਡੀਆ ਇੰਚਾਰਜ ਜਗਦੀਸ਼ ਮਿੱਤਰ, ਅਨਿਲ ਕੁਮਾਰ ਪੰਡੋਰੀ, ਜੋਗਿੰਦਰ ਸਿੰਘ ਬੋਗਲ ਉਮਰਪੁਰ, ਰਕੇਸ਼ ਕੁਮਾਰ, ਮਹਿੰਦਰ ਸਿੰਘ ਜੀ, ਰਕੇਸ਼ ਰਾਣਾ ਅਤੇ ਹੋਰ ਬਹੁਤ ਸਾਰੇ ਮੈਂਬਰ ਸਾਹਿਬਾਨ ਹਾਜ਼ਰ ਸਨ

# ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਕੇਂਦਰੀ ਮੰਤਰੀਆਂ ਨਾਲ ਮੁਲਾਕਾਤ ਕੀਤੀ; ਵਿਕਾਸ ਦੇ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ

**ਨਵੀਂ ਦਿੱਲੀ, 30 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਮਾਣਯੋਗ ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਕੇਂਦਰੀ ਮੰਤਰੀਆਂ ਨਾਲ ਸਿਲਸਿਲੇਵਾਰ ਕਈ ਮੀਟਿੰਗਾਂ ਕੀਤੀਆਂ।

ਇਨ੍ਹਾਂ ਮੀਟਿੰਗਾਂ ਵਿੱਚ ਉਨ੍ਹਾਂ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਵਿਕਾਸ ਅਤੇ ਜਨਕਲਿਆਣ ਨਾਲ ਜੁੜੇ ਪ੍ਰਮੁੱਖ ਮੁੱਦਿਆਂ 'ਤੇ ਚਰਚਾ ਕੀਤੀ, ਜਿਨ੍ਹਾਂ ਵਿੱਚ ਨਸ਼ਾ ਮੁਕਤੀ, ਸਿਹਤ ਸੇਵਾਵਾਂ, ਸਿੱਖਿਆ, ਹੜ੍ਹ ਪ੍ਰਬੰਧਨ ਅਤੇ ਸੱਭਿਆਚਾਰਕ ਵਿਕਾਸ ਸ਼ਾਮਲ ਹਨ।

ਸ਼੍ਰੀ ਕਟਾਰੀਆ ਨੇ ਭਾਰਤ ਦੇ ਮਾਣਯੋਗ ਰਾਸ਼ਟਰਪਤੀ, ਸ਼੍ਰੀਮਤੀ ਦ੍ਰੌਪਦੀ ਮੁਰਮੂ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਦਸੰਬਰ ਵਿੱਚ ਪੰਜਾਬ ਦੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਸਥਿਤ ਆਸਫਵਾਲਾ ਯੁੱਧ ਸਮਾਰਕ ਵਿਖੇ 'ਵਿਜੈ ਦਿਵਸ' ਸਮਾਰੋਹ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਇਸ ਤੋਂ ਪਹਿਲਾਂ, ਸ਼੍ਰੀ ਕਟਾਰੀਆ ਨੇ ਭਾਰਤ ਦੇ ਉਪ-ਰਾਸ਼ਟਰਪਤੀ ਸ਼੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਆਪਣੇ ਹਾਲੀਆ ਦੌਰੇ ਦੌਰਾਨ ਉਪ-ਰਾਸ਼ਟਰਪਤੀ ਵੱਲੋਂ ਕੀਤੀ ਗਈ ਪ੍ਰਤੀਬੱਧਤਾ ਦੇ ਮੱਦੇਨਜ਼ਰ, ਪੰਜਾਬ ਯੂਨੀਵਰਸਿਟੀ ਨੂੰ ਨੰਬਰ ਇੱਕ ਯੂਨੀਵਰਸਿਟੀ ਬਣਾਉਣ ਦੇ ਲਕਸ਼ 'ਤੇ ਚਰਚਾ ਕੀਤੀ।

ਕੇਂਦਰੀ ਗ੍ਰਹਿ ਮੰਤਰੀ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨਾਲ ਮੁਲਾਕਾਤ ਦੌਰਾਨ, ਸ਼੍ਰੀ ਕਟਾਰੀਆ ਨੇ ਚੰਡੀਗੜ੍ਹ ਨੂੰ ਨਸ਼ਾ-ਮੁਕਤ ਬਣਾਉਣ ਦੇ ਕਦਮਾਂ 'ਤੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਨਸ਼ੇ ਦੇ ਸ਼ਿਕਾਰ ਲੋਕਾਂ ਦੇ ਪੁਨਰਵਾਸ, ਪੁਨਰਵਾਸ ਤੋਂ ਬਾਅਦ ਉਨ੍ਹਾਂ ਦੀ



ਸਕਿੱਲ ਟ੍ਰੇਨਿੰਗ ਅਤੇ ਰੋਜ਼ਗਾਰ ਦੇ ਸਹੀ ਅਵਸਰ ਮੁਹੱਈਆ ਕਰਵਾਉਣ ਵਿੱਚ ਕੇਂਦਰ ਦੀ ਮਦਦ ਮੰਗੀ, ਤਾਕਿ ਉਹ ਨਵਾਂ ਜੀਵਨ ਸ਼ੁਰੂ ਕਰ ਸਕਣ।

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਸ਼੍ਰੀ ਜਗਤ ਪ੍ਰਕਾਸ਼ ਨੱਡਾ ਨਾਲ ਬੈਠਕ ਵਿੱਚ ਰਾਜਪਾਲ ਨੇ ਮੈਡੀਕਲ ਕਾਲਜ ਵਿੱਚ ਪੋਸਟ-ਗ੍ਰੈਜੂਏਟ ਪੱਧਰ ਦੀਆਂ 36 ਅਤਿਰਿਕਤ ਸੀਟਾਂ ਦੀ ਮੰਗ ਰੱਖੀ। ਨਾਲ ਹੀ, ਉਨ੍ਹਾਂ ਨੇ 'ਚੰਡੀਗੜ੍ਹ ਰੀਜਨਲ ਮੈਡੀਕਲ ਹੱਬ' ਪ੍ਰੋਜੈਕਟ ਨੂੰ ਪੂਰੀ ਤਰ੍ਹਾਂ ਸਰਕਾਰੀ ਖਰਚ 'ਤੇ ਵਿਕਸਿਤ ਕਰਨ ਲਈ 2,000 ਕਰੋੜ ਰੁਪਏ ਦੀ ਆਰਥਿਕ ਮਦਦ ਦੀ ਬੇਨਤੀ ਕੀਤੀ।

ਕੇਂਦਰੀ ਸਿੱਖਿਆ ਮੰਤਰੀ ਸ਼੍ਰੀ ਪ੍ਰਹਲਾਦ ਜੋਸ਼ੀ ਨਾਲ ਮੁਲਾਕਾਤ ਦੌਰਾਨ, ਸ਼੍ਰੀ ਕਟਾਰੀਆ ਨੇ 'ਪੰਜਾਬ ਇੰਜੀਨੀਅਰਿੰਗ ਕਾਲਜ' ਨੂੰ ਪੱਛਮ ਬੰਗਾਲ ਦੇ 'ਬੰਗਾਲ ਕਾਲਜ ਆਵ ? ਇੰਜੀਨੀਅਰਿੰਗ ਸ਼ਿਬਪੁਰ' ਦੀ ਤਰਜ਼ 'ਤੇ ਪੂਰੀ ਤਰ੍ਹਾਂ ਕੇਂਦਰ ਪੋਸ਼ਿਤ ਸੰਸਥਾਨ (ਸੀਐੱਫਟੀਆਈ) ਬਣਾਉਣ ਦੀ ਮੰਗ ਕੀਤੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਯੂਜੀਸੀ ਨਿਯਮਾਂ 2018 ਦੇ ਤਹਿਤ ਵਰਤਮਾਨ ਵਿੱਚ 'ਡੀਮਡ ਯੂਨੀਵਰਸਿਟੀ' ਦਾ ਦਰਜਾ ਪ੍ਰਾਪਤ ਇਸ ਕਾਲਜ ਲਈ ਵਾਇਸ ਚਾਂਸਲਰ ਨਿਯੁਕਤ ਕਰਨ ਦੀ ਵੀ ਅਪੀਲ ਕੀਤੀ।

ਕੇਂਦਰੀ ਜਲ ਸ਼ਕਤੀ ਮੰਤਰੀ, ਸ਼੍ਰੀ ਚੰਦਰਕਾਂਤ ਰਘੁਨਾਥ ਪਾਟਿਲ ਨਾਲ ਬੈਠਕ ਵਿੱਚ ਰਾਜਪਾਲ ਨੇ ਰਾਵੀ ਦਰਿਆ ਦੇ ਹੜ੍ਹਾਂ ਨਾਲ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਦੇ ਸੀਮਾਵਰਤੀ ਇਲਾਕਿਆਂ ਵਿੱਚ ਹੋਏ ਭਾਰੀ ਨੁਕਸਾਨ ਦਾ ਮੁੱਦਾ ਉਠਾਇਆ। ਉਨ੍ਹਾਂ ਨੇ ਵਾਰ-ਵਾਰ ਆਉਣ ਵਾਲੇ ਹੜ੍ਹਾਂ ਤੋਂ ਬਚਾਅ ਅਤੇ ਇਸ ਸਮੱਸਿਆ ਦੇ ਸਥਾਈ ਸਮਾਧਾਨ ਲਈ ਇੱਕ ਦੀਰਘਕਾਲੀ ਯੋਜਨਾ ਤਿਆਰ ਕਰਨ ਦੀ ਮੰਗ ਰੱਖੀ।

ਸ਼੍ਰੀ ਕਟਾਰੀਆ ਨੇ ਕੇਂਦਰੀ ਸੱਭਿਆਚਾਰ ਅਤੇ ਟੂਰਿਜ਼ਮ ਮੰਤਰੀ, ਸ਼੍ਰੀ ਗਜੇਂਦਰ ਸਿੰਘ ਸ਼ੇਖਾਵਤ ਦਾ ਆਭਾਰ ਜਤਾਇਆ, ਜਿਨ੍ਹਾਂ ਨੇ ਖਰੜ ਵਿੱਚ 'ਅੱਜ ਸਰੋਵਰ' ਲਈ 93 ਕਰੋੜ ਰੁਪਏ ਅਤੇ ਚੰਡੀਗੜ੍ਹ ਦੇ ਸੈਕਟਰ-19 ਸਥਿਤ 'ਲੀ ਕਾਰਬੁਜ਼ੀਅਰ ਸੈਂਟਰ' ਵਿੱਚ 'ਡਿਜੀਟਲ ਮਿਊਜ਼ੀਅਮ' ਬਣਾਉਣ ਲਈ ਲਗਭਗ 19 ਕਰੋੜ ਰੁਪਏ ਮਨਜ਼ੂਰ ਕੀਤੇ ਹਨ ।

ਇਨ੍ਹਾਂ ਮੀਟਿੰਗਾਂ ਦਾ ਮੁੱਖ ਮਕਸਦ ਕੇਂਦਰ ਸਰਕਾਰ ਨਾਲ ਤਾਲਮੇਲ ਨੂੰ ਹੋਰ ਮਜ਼ਬੂਤ ? ?ਕਰਨਾ ਅਤੇ ਪੰਜਾਬ ਤੇ ਚੰਡੀਗੜ੍ਹ ਦੇ ਲੋਕਾਂ ਦੇ ਕਲਿਆਣ ਅਤੇ ਵਿਕਾਸ ਨਾਲ ਜੁੜੀਆਂ ਯੋਜਨਾਵਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣਾ ਸੀ।

# ਆਪ ਨੂੰ ਕ੍ਰਾਂਤੀਕਾਰੀ ਦੱਸਣ ਵਾਲੇ ਅੱਜ ਪੰਜਾਬ ਦੇ ਵਿੱਚ ਲੁਟੇਰੇ ਨਿਕਲੇ: ਚੰਨੀ

**ਮੋਰਿੰਡਾ, 30 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹੀਦ ਸਰਦਾਰ ਭਗਤ ਸਿੰਘ ਜੀ ਦੀ ਸਮਾਧੀ ਤੇ ਸੌਂਹ ਚੁੱਕਕੇ ਆਪਣਾ ਕੰਮ ਸ਼ੁਰੂ ਕਰਨ ਵਾਲੀ ਆਪ ਸਰਕਾਰ ਦੇ ਮੁੱਖ ਮੰਤਰੀ ਆਪਣੇ ਆਪ ਨੂੰ ਕ੍ਰਾਂਤੀਕਾਰੀ ਦੱਸਣ ਵਾਲੇ ਅੱਜ ਪੰਜਾਬ ਦੇ ਵਿੱਚ ਲੁਟੇਰੇ ਨਿਕਲੇ ਇਹ ਅੱਜ ਇੱਥੇ ਆਪਣੇ ਗ੍ਰਹਿ ਵਿਖੇ ਸਾਬਕਾ ਮੁੱਖ ਮੰਤਰੀ ਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਨੇ ਵੱਡੇ ਖੁਲਾਸੇ ਕਰਦਿਆਂ ਦੱਸਿਆ ਕਿ ਜਦੋਂ ਵੋਟਾਂ ਚੱਲ ਰਹੀਆਂ ਸੀ ਮੈਂ ਲੋਕਾਂ ਨੂੰ ਬਹੁਤ ਚੀਕ ਚੀਕ ਕੇ ਦੱਸਣ ਦੀ ਕੋਸ਼ਿਸ਼ ਕੀਤੀ ਕਿ ਇਹ ਪੰਜਾਬ ਦੇ ਲੋਕਾਂ ਦਾ ਰਾਜ ਨਹੀਂ ਆ ਰਿਹਾ ਇਹ ਬਾਹਰੋਂ ਤੁਹਾਨੂੰ ਲੁੱਟਣ ਵਾਸਤੇ ਆ ਰਹੇ ਧਾਵੀ ਲੋਕ ਹਨ ਜੋ ਪੰਜਾਬ ਨੂੰ ਲੁੱਟਣ ਲਈ ਆ ਰਹੇ ਹਨ। ਅੱਜ ਕੇਜਰੀਵਾਲ ਐਂਡ ਕੰਪਨੀ ਪੰਜਾਬ ਤੇ ਰਾਜ ਕਰ ਰਹੇ ਹਨ ਤੇ ਇਹ ਕਾਲੇ ਅੰਗਰੇਜ਼ ਪੰਜਾਬ ਸ਼ਰੇਆਮ ਲੁੱਟ ਰਹੇ ਹਨ। ?ਪਰ ਸਾਡਾ ਮੁੱਖ ਮੰਤਰੀ ਭੋਡੀ ਭੇਡ ਬਣ ਕੇ ਗੋਡੇ ਟੇਕ ਕੇ ਬੈਠਾ ਹੈ ਤੇ ਉਸ ਨੇ ਦਿੱਲੀ ਦੇ ਅੱਗੇ ਗੋਡੇ ਟੇਕ ਦਿੱਤੇ ਹਨ। ਪੰਜਾਬ ਦੇ ਵਿੱਚ ਜਿਹੜੀ ਪਿਛਲੇ ਚਾਰ ਸਾਲ ਤੋਂ ਕੰਮ ਕਰ ਰਹੇ ਹਨ ਉਹ ਸਾਰੇ ਹੀ ਪੰਜਾਬ ਤੋਂ ਬਾਹਰੋਂ ਲਿਆ ਕੇ ਸਿੱਧੇ ਭਰਤੀ ਕੀਤੇ ਗਏ ਹਨ ਜਿਨ੍ਹਾਂ ਨੂੰ ਪੰਜਾਬ ਸਰਕਾਰ ਲੱਖਾਂ ਰੁਪਏ ਤਨਖਾਹਾਂ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਪੰਜਾਬ ਦੇ ਨੌਜਵਾਨ ਉਨ੍ਹਾਂ ਤੋਂ ਵਧੇਰੇ ਕਾਬਲ ਹਨ ਪਰ ਫਿਰ ਵੀ ਕੇਜਰੀਵਾਲ ਐਂਡ ਕੰਪਨੀ ਪੰਜਾਬ ਨੂੰ ਲੁੱਟਣ ਲਈ ਸਾਰੇ ਵੱਡੇ ਅਹੁਦਿਆਂ ਤੇ ਦਿੱਲੀ ਤੋਂ ਲਿਆਂਦੇ ਆਪਣੇ ਕਰਿੰਦੇ ਹੀ ਨਿਯੁਕਤ ਕੀਤੇ ਹਨ।

ਸਾਬਕਾ ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਆਪ ਦੇ ਸੁਪਰੀਮੋ ਕੇਜਰੀਵਾਲ ਨੂੰ ਮਨੀਸ਼ ਸਿਸੋਦੀਆ, ਬਿਵੇਹ ਕੁਮਾਰ ਤੇ ਸਤਿੰਦਰ ਜੈਨ ਰਿਪੋਰਟ ਕਰਦੇ ਹਨ ਇਨ੍ਹਾਂ ਤਿੰਨਾਂ ਨੂੰ ਆਦਿਲ ਅਹਿਮਦ, ਦੀਪਕ ਚੋਹਾਨ, ਜੈਸਮੀਨ ਸ਼ਾਹ, ਸੀਮਾ ਬੰਸਲ, ਸੌਕਦ ਰਾਏ, ਅਨੁਰਾਗ ਕੁੰਦੂ, ਕਮਲ ਬੰਸਲ, ਆਵਿਦ ਖਾਨ, ਸਾਹਲੀਨ ਮਿਤਰਾ ਤੇ ਅਮਰਿੰਦਰ ਜਾਹ ਆਦਿ ਪੰਜਾਬ ਦੇ ਬਾਹਰੋਂ ਲਿਆਂਦੇ ਬੰਦੇ ਰਿਪੋਰਟ ਕਰਦੇ ਹਨ ਤੇ ਸਰਕਾਰ ਨੂੰ ਆਪਣੀ ਮਰਜ਼ੀ ਨਾਲ ਚਲਾ ਰਹੇ ਹਨ ਜਦੋਂ ਕਿ ਸਾਡੇ ਮੁੱਖ ਮੰਤਰੀ ਭਗਵੰਤ ਮਾਨ ਇਨਾਂ ਦੀ ਕਠਪੁਤਲੀ ਬਣ ਕੇ ਜਿੱਥੇ ਉਹ ਕਹਿੰਦੇ ਹਨ ਉਥੇ ਸ਼ਾਈਨ ਕਰਦੇ ਹਨ।

# ਵਿੱਤੀ ਸਾਲ 2026 ਵਿੱਚ ਪਰਿਵਾਰਾਂ ਦੀ ਔਸਤਨ 15 ਲੱਖ ਦਾ ਡੇਥ ਕਲੇਮ ਡੇਕਰ ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ਿਓਰੈਂਸ ਸਭ ਤੋਂ ਅੱਗੇ

**ਚੰਡੀਗੜ੍ਹ, 30 ਸਤੰਬਰ**
**-ਸੰਜੀਵ ਸਿੰਗਲਾ-**

ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ਯੋਰੇਂਸ ਨੇ ਵਿੱਤੀ ਸਾਲ 2026 ਵਿੱਚ ਪਰਿਵਾਰਕ ਔਸਤਨ ?15 ਲੱਖ ਦਾ ਨਿੱਜੀ ਡੈਥ ਕਲੇਮ (ਮੂਰਤ ਦਾ ਦਾਅਵਾ) ਕੀਤਾ ਹੈ। ਕੰਪਨੀ ਲਗਾਤਾਰ ਦੂਜੇ ਸਾਲ ਇਸ ਮਾਮਲੇ 'ਚ ਸਭ ਤੋਂ ਅੱਗੇ ਹੈ, ਜੋ ਸਮੇਂ 'ਤੇ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਉਸ ਦੀ ਜਿੱਤ ਨੂੰ ਹੈ। ਆਈਸੀਆਈਸੀਆਈ ਪ੍ਰੂਡੈਂਸੀਅਲ ਲਾਈਫ ਇੰਸ਼ਯੋਰੇਂਸ ਵਿੱਚ ਅੰਡੇਰਾਈਟਿੰਗ ਐਂਡ ਰਿਟੇਲ ਕਲੇਮਜ਼ ਦੇ ਪ੍ਰਮੁੱਖ ਸਾਰੰਗ ਗੋਖਲੇ ਨੇ ਕਿਹਾ, ਜੀਵਨ ਬੀਮਾ ਇੱਕ ਸਧਾਰਨ ਵਿਵਹਾਰ 'ਤੇ ਅਧਾਰਤ ਹੈ- ਪਰਵਾਰਾਂ ਲਈ ਉਸ ਸਮੇਂ ਦੀ ਵਿੱਤੀ ਸੁਰੱਖਿਆ ਉਪਲਬਧ ਕਰਾਉਣਾ, ਜਦੋਂ ਉਨ੍ਹਾਂ ਨੂੰ ਸਭ ਤੋਂ ਵੱਧ ਲੋੜ ਹੁੰਦੀ ਹੈ। ਵਿੱਤੀ ਸਾਲ 2026 ਵਿੱਚ ਅਸੀਂ 5,149 ਕਰੋੜ ਰੁਪਏ ਦੀ ਮੌਤ ਦਾਵੋਂ ਦਾ ਨਿਪਟਾਰਾ। ਇਸ ਤੋਂ ਇਲਾਵਾ, ਵਿੱਤੀ ਸਾਲ 2026 ਵਿੱਚ ਸਾਡੇ ਦਾਅਵੇ ਦੀ ਸ਼ਿਕਾਇਤ ਦਾ ਅੰਕੜਾ 99.3 ਪ੍ਰਤੀਸ਼ਤ ਹੈ। ਕੰਪਨੀ ਪੱਧਰ 'ਤੇ ਜਾਂਚ ਨਹੀਂ ਕੀਤੀ ਗਈ ਨਿੱਜੀ ਦਾਵੋਂ ਵਿੱਚ ਅੰਤਮ ਦਸਤਾਵੇਜ਼ ਪ੍ਰਾਪਤ ਹੋਣ ਦੀ ਮਿਤੀ ਤੋਂ ਔਸਤ ਨਿਪਟਾਰਾ ਸਮਾਂ ਸਿਰਫ 1.1 ਦਿਨ ਰਿਹਾ। ਇਹ ਸਾਡੇ ਗਾਹਕ ਅਤੇ ਉਨ੍ਹਾਂ ਦੇ ਪਰਿਵਾਰਾਂ ਤੋਂ ਇਸ ਨੂੰ ਪੂਰਾ ਕਰਨ ਦੀ ਹਮਾਇਤ ਬਣਾਈ ਗਈ ਹੈ। ਪਿਛਲੇ ਛੇ ਵਿੱਤੀ ਸਾਲਾਂ ਦੇ ਜਨਤਕ ਤੌਰ 'ਤੇ ਉਪਲਬਧ ਉਦਯੋਗਾਂ ਦੇ ਅੰਕੜੇ ਦੇ ਅਨੁਸਾਰ, ਕੰਪਨੀ ਦੁਆਰਾ ਭੁਗਤਾਨ ਕੀਤੇ ਗਏ ਔਸਤ ਵਿਅਕਤੀਗਤ ਡੈਥ ਕਲੇਮ ਰਾਸ਼ੀ ਦਾ ਸਾਲ 2021 ਲਗਭਗ ?10 ਲੱਖ ਤੋਂ ਵੱਧ ਕਰ ਧਨ ਸਾਲ 2026 ਵਿੱਚ ?15 ਲੱਖ ਹੋ ਗਿਆ ਹੈ। ਪਿਛਲੇ ਚਾਰ ਸਾਲਾਂ ਵਿੱਚ ਇਹ ਔਸਤ ਕਲੇਮ ਲਗਾਤਾਰ ਲਗਭਗ 14-15 ਲੱਖ ਰੁਪਏ ਬਣਦੇ ਹਨ। ਜਿਵੇਂ ਕਿ-ਆਇਦਾ, ਕਰਜ਼ਾ ਅਤੇ ਨਿੱਜੀ ਜ਼ਿੰਮੇਵਾਰੀਆਂ ਬਦਲਦੀਆਂ ਹਨ, ਇਹ ਅੰਕੜੇ ਰੇਖਾਂਕਿਤ ਹਨ ਕਿ ਪਾਲਿਸੀਧਾਰਕਾਂ ਨੂੰ ਸਮੇਂ-ਸਮੇਂ 'ਤੇ ਆਪਣੇ ਜੀਵਨ ਬੀਮਾ ਰਾਸ਼ੀ (ਜੀਵਨ ਬੀਮਾ ਰਾਸ਼ੀ) ਦੀ ਸਮੀਖਿਆ ਕਰਨੀ ਚਾਹੀਦੀ ਹੈ। ਕਰਨੀ ਚਾਹੀਦੀ ਹੈ, ਇਸ ਲਈ ਉਨ੍ਹਾਂ ਦੀਆਂ ਬਦਲੀਆਂ ਦੀਆਂ ਲੋੜਾਂ ਨੂੰ ਅਨੁਕੂਲ ਬਣਾਉਣਾ ਚਾਹੀਦਾ ਹੈ।

ਅਸੀਂ ਦਾਵਾਂ ਦੀ ਪ੍ਰਕਿਰਿਆ ਨੂੰ ਲਗਾਤਾਰ ਸਧਾਰਨ ਬਣਾਉਣ ਅਤੇ ਤਕਨੀਕਾਂ 'ਤੇ ਆਧਾਰਿਤ ਸੇਵਾਵਾਂ ਉਪਲਬਧ ਕਰਾਉਣ ਲਈ, ਪਰਿਵਾਰਾਂ ਨੂੰ ਬਿਨਾਂ ਕਿਸੇ ਦੇਰੀ ਦੇ ਜ਼ਰੂਰੀ ਸਹਾਇਤਾ ਮਿਲ ਸਕੇ। ਅਸੀਂ ਤੁਹਾਡੇ ਗਾਹਕਾਂ ਨੂੰ ਇਹ ਵੀ ਸਲਾਹ ਦਿੰਦੇ ਹਾਂ ਕਿ ਉਹ ਨਿਯਮਤ ਰੂਪ ਵਿੱਚ ਹਨ ਤੁਹਾਡੇ ਬੀਮੇ ਕਵਰ ਦੀ ਸਮੀਖਿਆ ਕਰੋ, ਇਹ ਆਪਣੇ ਜੀਵਨ ਨੂੰ ਬਦਲਦਾ ਹੈ ਅਤੇ ਨਿਸ਼ਾਨਾ

# ਬਲਾਕ ਪੱਧਰੀ ਨੈਸ਼ਨਲ ਸਾਇੰਸ ਸੈਮੀਨਾਰ ਤਹਿਤ ਮੁਕਾਬਲਾ ਕਰਵਾਇਆ



**ਮਾਛੀਵਾੜਾ ਸਾਹਿਬ, 30 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਲਾਕ ਮਾਛੀਵਾੜਾ 2 ਦਾ ਨੈਸ਼ਨਲ ਸਾਇੰਸ ਸੈਮੀਨਾਰ 2026 ਦਾ ਮੁਕਾਬਲਾ ਨਾਇਬ ਰਸਾਲਦਾਰ ਬਸਤਾ ਸਿੰਘ ਸਰਕਾਰੀ ਹਾਈ ਸਕੂਲ, ਉੱਪਲ ਵਿਖੇ ਬਲਾਕ ਨੋਡਲ ਅਫਸਰ ਚਰਨਜੀਤ ਕੌਰ ਦੀ ਅਗਵਾਈ ਵਿੱਚ ਕਰਵਾਇਆ ਗਿਆ। ਇਹ ਮੁਕਾਬਲਾ ਹੈਡਮਾਸਟਰ ਕਮ ਸਹਾਇਕ ਬਲਾਕ ਨੋਡਲ ਅਫ਼ਸਰ ਨਵਦੀਪ ਸ਼ਰਮਾ ਦੀ ਦੇਖ ਰੇਖ ਵਿੱਚ ਕਰਵਾਇਆ ਗਿਆ। ਉਹਨਾਂ ਦੱਸਿਆ ਕਿ ਭਾਰਤੀ ਊਰਜਾ ਦ੍ਰਿਸ਼ 2047: ਸੰਭਾਵਨਾਵਾਂ ਅਤੇ ਚੁਣੌਤੀਆਂ ਵਿਸ਼ੇ ' ਤੇ ਬਲਾਕ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ 6 ਮਿੰਟ ਦੀ ਪੇਸ਼ਕਾਰੀ ਉਪਰੰਤ ਜੱਜਾਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ। ਆਪਣੀ ਬੇਹਤਰੀਨ ਪੇਸ਼ਕਾਰੀ ਲਈ ਸ.ਸ.ਸ ਸਕੂਲ ਬਹਿਲੋਲਪੁਰ ਨੇ ਪਹਿਲਾ, ਸ.ਹ.ਸਕੂਲ ਸਹਿਜੋਮਾਜਰਾ ਨੇ ਦੂਜਾ ਅਤੇ ਨਾਇਬ ਰਸਾਲਦਾਰ ਬਸਤਾ ਸਿੰਘ ਸਰਕਾਰੀ ਹਾਈ ਸਕੂਲ, ਉੱਪਲ ਨੇ ਤੀਜਾ ਸਥਾਨ ਹਾਸਲ ਕੀਤਾ। ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਸਾਰੇ ਹੀ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਗਾਈਡ ਅਧਿਆਪਕਾਂ ਨੂੰ ਵੀ ਉਹਨਾਂ ਵੱਲੋਂ ਕਰਵਾਈ ਗਈ ਮਿਹਨਤ ਲਈ ਸਰਟਫਿਕੇਟ ਨਾਲ ਸਨਮਾਨਿਤ ਕੀਤਾ ਗਿਆ।

ਹੈਡਮਾਸਟਰ ਨੇ ਜੇਤੂ ਵਿਦਿਆਰਥੀਆਂ ਅਤੇ ਉਹਨਾਂ ਦੇ ਗਾਈਡ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਜ਼ਿਲ੍ਹਾ ਪੱਧਰ ਦੇ ਮੁਕਾਬਲੇ ਲਈ ਹੋਰ ਵੀ ਕੜ੍ਹੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਅਜਿਹੇ ਮੁਕਾਬਲਿਆਂ ਵਿੱਚ ਭਾਗੀਦਾਰੀ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਵੱਲ ਲੈ ਜਾਂਦੀ ਹੈ। ਜ਼ਿਕਰਯੋਗ ਹੈ ਕਿ ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਕੁਲਪ੍ਰੀਤ ਸਿੰਘ ਗੁਰਮ ਨੇ ਕੀਤਾ। ਹਰਵਿੰਦਰ ਸਿੰਘ, ਬੇਅੰਤ ਕੌਰ ਅਤੇ ਹਰਮਨਪ੍ਰੀਤ ਕੌਰ ਵੱਲੋਂ ਜੱਜ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਗੁਲਜਿੰਦਰ ਕੌਰ, ਪ੍ਰਿਤਪਾਲ ਕੌਰ, ਸਰਬਜੀਤ ਕੌਰ, ਜਸਦੀਪ ਕੌਰ, ਹਰਦੀਪ ਸਿੰਘ ਅਤੇ ਹਰਮਨਜੋਤ ਸਿੰਘ ਹਾਜ਼ਰ ਸਨ।

# ਕੇਂਦਰ ਸਰਕਾਰ ਹਾੜ੍ਹੀ ਸੀਜ਼ਨ ਲਈ 5.5 ਲੱਖ ਮੀਟਰਕ ਟਨ ਡੀ.ਏ.ਪੀ. ਅਤੇ 15 ਲੱਖ ਮੀਟਰਕ ਟਨ ਯੂਰੀਆ ਦੀ ਸਪਲਾਈ ਯਕੀਨੀ ਬਣਾਵੇ: ਗੁਰਮੀਤ ਸਿੰਘ ਖੁੱਡੀਆਂ

**➢ ਖੇਤੀਬਾੜੀ ਮੰਤਰੀ ਖੁੱਡੀਆਂ ਨੇ ਕੌਮੀ ਖੇਤੀਬਾੜੀ ਸੰਮੇਲਨ ਵਿੱਚ ਕੀਤੀ ਸ਼ਮੂਲੀਅਤ ➢ ਦੇਸ਼ ਦੇ ਅਨਾਜ ਭੰਡਾਰ ਪੰਜਾਬ ਨੂੰ ਸਮੇਂ ਸਿਰ ਖਾਦ ਸਪਲਾਈ, ਪਰਾਲੀ ਪ੍ਰਬੰਧਨ ਲਈ 150 ਕਰੋੜ ਰੁਪਏ ਦਿੱਤੇ ਜਾਣ: ਖੁੱਡੀਆਂ**

**ਨਵੀਂ ਦਿੱਲੀ, 30 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਆਉਂਦੇ ਹਾੜ੍ਹੀ ਸੀਜਨ 2026-27 ਦੌਰਾਨ ਫਸਲਾਂ ਦੀ ਬਿਜਾਈ ਲਈ ਡੀ.ਏ.ਪੀ ਅਤੇ ਯੂਰੀਆ ਖਾਦਾਂ ਦੀ ਬਿਨਾਂ ਦੇਰੀ ਸਪਲਾਈ ਨੂੰ ਯਕੀਨੀ ਬਣਾਵੇ।



ਅੱਜ ਇਥੋਂ ਦੇ ਕੌਮੀ ਖੇਤੀਬਾੜੀ ਵਿਗਿਆਨ ਕੰਪਲੈਕਸ ਵਿਖੇ ਕੇਂਦਰੀ ਖੇਤੀਬਾੜੀ ਮੰਤਰਾਲੇ ਵੱਲੋਂ ਆਯੋਜਿਤ ਹਾੜ੍ਹੀ ਸੀਜਨ 2026 ਬਾਰੇ ਕਰਵਾਈ ਗਈ ਕੌਮੀ ਖੇਤੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ. ਖੁੱਡੀਆਂ ਨੇ ਕਿਹਾ ਕਿ ਹਾੜ੍ਹੀ ਸੀਜਨ ਦੀਆਂ ਫਸਲਾਂ ਖਾਸਕਰ ਕਣਕ ਅਤੇ ਆਲੂ ਦੀ ਬਿਜਾਈ ਲਈ 5.5 ਲੱਖ ਮੀਟਰਿਕ ਟਨ ਡੀ.ਏ.ਪੀ ਅਤੇ 15 ਲੱਖ ਮੀਟਰਿਕ ਟਨ ਯੂਰੀਆ ਦੀ ਜ਼ਰੂਰਤ ਪੈਂਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸੂਬੇ ਦੀ ਜ਼ਰੂਰਤ ਅਨੁਸਾਰ ਉਕਤ ਮਿਕਦਾਰ ਵਿਚ ਇਨ੍ਹਾਂ ਰਸਾਇਣਕ ਖਾਦਾਂ ਦੀ ਸਮੇਂ ਸਿਰ ਸਪਲਾਈ ਨੂੰ ਯਕੀਨੀ ਬਣਾਵੇ।

ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਵਾਹੀਯੋਗ ਰਕਬਾ 41 ਲੱਖ ਹੈਕਟੇਅਰ ਹੈ ਅਤੇ ਸੂਬੇ ਵੱਲੋਂ ਕੇਂਦਰੀ ਅੰਨ ਭੰਡਾਰ ਵਿਚ ਕਣਕ ਦਾ 40 ਫੀਸਦ ਅਤੇ ਝੋਨੇ ਦਾ 22 ਫੀਸਦ ਯੋਗਦਾਨ ਪਾਇਆ ਜਾਂਦਾ ਹੈ। ਖੇਤੀਬੜ੍ਹੀ ਮੰਤਰੀ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਕਈ ਵਾਰ ਹਾੜ੍ਹੀ ਸੀਜਨ ਦੌਰਾਨ ਕੇਂਦਰ ਵੱਲੋਂ ਡੀ.ਏ.ਪੀ ਅਤੇ ਯੂਰੀਆ ਦੀ ਸਪਲਾਈ ਸਮੇਂ ਸਿਰ ਨਾਲ ਹੋਣ ਕਾਰਨ ਕਿਸਾਨਾਂ ਨੂੰ ਕਾਫੀ ਮੁਸ਼ਕਿਲਾਂ ਦਰਪੇਸ਼ ਆਈਆਂ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸੂਬੇ ਨੂੰ ਇਹਨਾਂ ਖਾਦਾਂ ਦੀ ਬਿਨਾ ਦੇਰੀ ਸਪਲਾਈ ਯਕੀਨੀ ਬਣਾਵੇ ਤਾਂ ਜੋ ਪੰਜਾਬ ਕੇਂਦਰੀ ਅੰਨ ਭੰਡਾਰ ਵਿਚ ਆਪਣੇ ਇਸ ਯੋਗਦਾਨ ਨੂੰ ਬਰਕਰਾਰ ਰੱਖ ਸਕੇ।

ਪੰਜਾਬ ਦੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲਾਂ ਨਰਮੇਂ ਦੀ ਫਸਲ ਲਈ ਜਾਣਿਆ ਜਾਂਦਾ ਸੀ ਪਰ ਮੌਸਮ ਅਨੁਕੂਲ ਨਾ ਰਹਿਣ ਕਾਰਨ ਇਹ ਫਸਲ ਨੁਕਸਾਨੀ ਜਾਂਦੀ ਰਹੀ ਹੈ। ਉਨਾਂ ਕਿਹਾ ਕਿ ਮੌਜੂਦਾ ਸਮੇਂ ਭਾਵੇਂ ਪੰਜਾਬ ਵਿਚ 80 ਹਜਾਰ ਹੈਕਟੇਅਰ ਰਕਬਾ ਨਰਮੇਂ ਦੀ ਫਸਲ ਹੇਠ ਹੁੰਦਾ ਹੈ ਪਰ ਜੇਕਰ ਮੌਸਮ ਅਨੁਕੂਲ ਰਿਹਾ ਤਾਂ ਪੈਦਾਵਾਰ ਵਧੀਆ ਰਹਿਣ ਦੀ ਪੂਰੀ ਉਮੀਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਰਮੇ ਦੇ ਬੀਜ ਤੇ 33 ਫੀਸਦ ਸਬਸਿਡੀ ਮੁਹੱਈਆ ਕਰਵਾਉਂਦੀ ਹੈ ਤੇ ਕਿਸਾਨਾਂ ਨੂੰ 4 ਕਰੋੜ ਦਾ ਲਾਭ ਦਿੱਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਆਉਂਦੇ ਸਮੇਂ ਵਿਚ ਤੇਲ ਬੀਜਾਂ ਅਤੇ ਦਾਲਾਂ ਵਿਚ ਆਪਣਾ ਯੋਗਦਾਨ ਵਧਾਉਣ ਲਈ ਸੁਹਿਰਦ ਯਤਨ ਕਰ ਰਿਹਾ ਹੈ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਫਸਲਾਂ ਪ੍ਰਤੀ ਕਿਸਾਨਾਂ ਨੂੰ ਪ੍ਰੇਰਿਤ ਕਰਨ ਲਈ 6 ਕਰੋੜ ਰੁਪਏ ਦੀ ਸਬਸਿਡੀ ਮੁਹੱਈਆ ਕਰਵਾਈ ਗਈ ਹੈ। ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਵਿਚ ਪਰਾਲੀ ਨੂੰ ਸਾੜਨ ਦੀ ਸਮੱਸਿਆ ਦਾ 90 ਫੀਸਦ ਨਿਪਟਾਰਾ ਪਰਾਲੀ ਪ੍ਰਬੰਧਨ ਦੀਆਂ ਵਿਧੀਆਂ ਜ਼ਰੀਏ ਕਰ ਲਿਆ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ 150 ਕਰੋੜ ਰੁਪਏ ਦੀ ਅਗਲੀ ਕਿਸ਼ਤ ਵੀ ਹੁਣੇ ਜਾਰੀ ਕਰੇ ਤਾਂ ਜੋ ਕਿਸਾਨਾਂ ਨੂੰ ਸਬਸਿਡੀ ਤੇ ਹੋਰ ਮਸ਼ੀਨਰੀ ਮੁਹੱਈਆ ਕਰਵਾਕੇ ਪਰਾਲੀ ਸਾੜਨ ਦੀ ਸਮੱਸਿਆ ਦਾ ਮੁਕੰਮਲ ਹੱਲ ਕੀਤਾ ਜਾ ਸਕੇ।

ਸ. ਖੁੱਡੀਆਂ ਨੇ ਪੰਜਾਬ ਦੇ ਕਿਸਾਨਾਂ ਨੂੰ 2000 ਰੁਪਏ ਪ੍ਰਤੀ ਕੁਇੰਟਲ ਸਬਸਿਡੀ ਤੇ 2.50 ਲੱਖ ਮੀਟਰਕ ਟਨ ਕਣਕ ਦਾ ਤਸਦੀਕਸ਼ੁੱਦਾ ਬੀਜ ਮੁਹੱਈਆ ਕਰਵਾਉਣ ਲਈ 50 ਕਰੋੜ ਰੁਪਏ ਜਾਰੀ ਕਰਨ ਅਤੇ ਕ੍ਰਿਸ਼ੋਨਤੀ ਯੋਜਨਾ ਤਹਿਤ ਸੂਬੇ ਲਈ ਦੂਜੀ ਕਿਸ਼ਤ ਦੇ ਕਰੀਬ 43 ਕਰੋੜ ਰੁਪਏ ਵੀ ਜਾਰੀ ਕੀਤੇ ਜਾਣ ਲਈ ਕੇਂਦਰੀ ਖੇਤੀਬਾੜ੍ਹੀ ਮੰਤਰੀ ਦਾ ਧੰਨਵਾਦ ਕੀਤਾ । ਇਸ ਦੋ ਰੋਜ਼ ਕੌਮੀ ਕਾਨਫਰੰਸ ਵਿਚ ਪੰਜਾਬ ਖੇਤੀਬਾੜ੍ਹੀ ਵਿਭਾਗ ਦੇ ਡਾਇਰੈਕਟਰ ਗੁਰਜੀਤ ਸਿੰਘ ਬਰਾੜ ਤੇ ਹੋਰ ਅਧਿਕਾਰੀਆਂ ਵੱਲੋਂ ਵੀ ਸ਼ਿਰਕਤ ਕੀਤੀ ਗਈ।

# ਪਿੰਡ ਭਾਈਕਾ ਵਾੜਾ ਵਿੱਚ ਐਲਈਡੀ ਸਟਰੀਟ ਲਾਈਟਾਂ ਦੀ ਵੰਡ



**ਜੈਤੋ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਧਾਨ ਸਭਾ ਹਲਕਾ ਜੈਤੋ ਦੇ ਪਿੰਡ ਭਾਈਕਾ ਵਾੜਾ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਪਿੰਡ ਦੀ ਰੌਸ਼ਨੀ ਸਬੰਧੀ ਸਹੂਲਤ ਲਈ ਐਲਈਡੀ ਸਟਰੀਟ ਲਾਈਟਾਂ ਵੰਡੀਆਂ ਗਈਆਂ। ਲਾਈਟਾਂ ਹਲਕਾ ਜੈਤੋ ਦੀ ਇੰਚਾਰਜ ਬੀਬੀ ਸਨਦੀਪ ਕੌਰ ਖਾਲਸਾ ਵੱਲੋਂ ਪਿੰਡ ਦੀ ਪੰਚਾਇਤ ਨੂੰ ਸੌਂਪੀਆਂ ਗਈਆਂ।

ਪਾਰਟੀ ਆਗੂਆਂ ਅਨੁਸਾਰ ਇਹ ਲਾਈਟਾਂ ਫ਼ਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਦੇ ਐੱਮ.ਪੀ. ਕੋਟੇ ਵਿੱਚੋਂ ਮੁਹੱਈਆ ਕਰਵਾਈਆਂ ਗਈਆਂ ਹਨ।

ਲਾਈਟਾਂ ਦੀ ਵੰਡ ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਵਿੱਲੋਂ ਦਬੜੀਖਾਨਾ ਦੀ ਅਗਵਾਈ ਹੇਠ ਕੀਤੀ ਗਈ।

ਇਸ ਮੌਕੇ ਸਨਦੀਪ ਕੌਰ ਖਾਲਸਾ ਨੇ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਟਰੀਟ ਲਾਈਟਾਂ ਲੱਗਣ ਨਾਲ ਪਿੰਡ ਦੀਆਂ ਗਲੀਆਂ ਵਿੱਚ ਰਾਤ ਸਮੇਂ ਰੌਸ਼ਨੀ ਦੀ ਸਹੂਲਤ ਵਿੱਚ ਸੁਧਾਰ ਹੋਵੇਗਾ।

ਪਾਰਟੀ ਆਗੂਆਂ ਨੇ ਦੱਸਿਆ ਕਿ ਲਾਈਟਾਂ ਪਿੰਡ ਦੀ ਪੰਚਾਇਤ ਨੂੰ ਸੌਂਪ ਦਿੱਤੀਆਂ ਗਈਆਂ ਹਨ, ਤਾਂ ਜੋ ਇਨ੍ਹਾਂ ਨੂੰ ਲੋੜ ਅਨੁਸਾਰ ਪਿੰਡ ਦੀਆਂ ਵੱਖ-ਵੱਖ ਥਾਵਾਂ 'ਤੇ ਲਗਾਇਆ ਜਾ ਸਕੇ।

# ਧੰਨਵਾਦ ਸਰਕਾਰੇ ! ਮੇਰੇ ਕੋਲ ਵੀਲ੍ਹ ਚੇਅਰ ਹੈ; ਅੰਗਹੀਣ ਮੁੱਖ ਅਧਿਆਪਕ ਨੂੰ 250 ਕਿਲੋਮੀਟਰ ਦੂਰ ਤਰਨ ਤਾਰਨ ਤਾਇਨਾਤ ਕਰਨ 'ਤੇ ਉੱਠੇ ਸਵਾਲ

**ਚੰਡੀਗੜ੍ਹ, 30 ਸਤੰਬਰ**
**-ਹਰਮਨਪ੍ਰੀਤ ਕੌਰ-**

ਜਦੋਂ ਹਕੂਮਤ ਪੱਥਰ-ਦਿਲ ਹੋ ਜਾਵੇ ਤਾਂ ਵੀਲ੍ਹ ਚੇਅਰ 'ਤੇ ਬੈਠੇ ਇਨਸਾਨ ਦੀ ਪੀੜ ਵੀ ਮਹਿਸੂਸ ਨਹੀਂ ਹੁੰਦੀ। ਇੰਜ ਹੋਇਆ ਹੈ ਮਾਨਸਾ ਜ਼ਿਲ੍ਹੇ ਦੇ ਪਿੰਡ ਦਾਤੇਵਾਸ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਮੁੱਖ ਅਧਿਆਪਕ ਹਰਵਿੰਦਰ ਸਿੰਘ ਨਾਲ, ਜੋ ਬਚਪਨ ਉਮਰੇ ਹੀ ਪੋਲਿਓ ਦਾ ਸ਼ਿਕਾਰ ਹੋ ਗਿਆ ਸੀ। ਕੱਲ੍ਹ ਜਦੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਇਨਕਲਾਬੀ ਨਾਇਕ ਨੂੰ ਹਰ ਕੋਈ ਸਿਜਦਾ ਕਰ ਰਿਹਾ ਸੀ, ਤਾਂ ਠੀਕ ਉਸੇ ਦਿਨ ਅਪਾਹਜ ਹਰਵਿੰਦਰ ਸਿੰਘ ਨੂੰ ਵਿਭਾਗੀ ਤਰੱਕੀ ਦੇ ਲਿਖਤੀ ਹੁਕਮ ਮਿਲਦੇ ਹਨ। ਸਿੱਖਿਆ ਵਿਭਾਗ ਪੰਜਾਬ ਨੇ ਬਤੌਰ ਅੰਗਰੇਜ਼ੀ ਅਧਿਆਪਕ ਤਰੱਕੀ ਦੇਣ ਉਪਰੰਤ ਹਰਵਿੰਦਰ ਸਿੰਘ ਦੀ ਤਾਇਨਾਤੀ ਘਰ ਤੋਂ ਕਰੀਬ 250 ਕਿਲੋਮੀਟਰ ਦੂਰ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਕੱਸੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 'ਚ ਕਰ ਦਿੱਤੀ ਹੈ। ਉਹ ਇਨ੍ਹਾਂ ਹੁਕਮਾਂ ਨੂੰ ਕੀ ਸਮਝੇ, ਤਰੱਕੀ ਜਾਂ ਸਜ਼ਾ! ਉਹ ਦਸ ਸਾਲ ਪਹਿਲਾਂ ਇਸ ਤਰੱਕੀ ਦੇ ਯੋਗ ਹੋ ਗਿਆ ਸੀ। ਜਦੋਂ ਉਸ ਨੂੰ ਤਰੱਕੀ ਦਾ ਪਤਾ ਲੱਗਿਆ ਤਾਂ ਉਸ ਦੇ ਚਿਹਰੇ 'ਤੇ ਖ਼ੁਸ਼ੀ ਛਾ ਗਈ, ਪ੍ਰੰਤੂ ਜਦੋਂ 250 ਕਿਲੋਮੀਟਰ ਦੂਰ ਤਾਇਨਾਤੀ ਦਾ ਫ਼ਰਲਾ ਦੇਖਿਆ ਤਾਂ ਉਸ ਦੀ ਖ਼ੁਸ਼ੀ ਹੰਝੂਆਂ 'ਚ ਬਦਲ ਗਈ। ਹਰਵਿੰਦਰ ਸਿੰਘ ਨੂੰ ਇਹ ਹੁਕਮ ਪੀੜਾ ਦਾ ਪਰਵਾਨਾ ਜਾਪੇ। ਉਸ ਨੇ ਕਿਹਾ ਕਿ



'ਧੰਨਵਾਦ ਸਰਕਾਰੇ! ਵਰ੍ਹਿਆਂ ਬਾਅਦ ਮਿਲੀ 'ਇੰਗਲਿਸ਼ ਮਾਸਟਰ' ਦੀ ਤਰੱਕੀ 'ਤੇ ਅਜਿਹਾ ਤੋਹਫ਼ਾ ਦਿੱਤਾ ਕਿ ਯਾਦਗਾਰ ਬਣ ਗਈ।' ਉਸ ਨੇ ਕਿਹਾ ਕਿ ਘਰ ਤੋਂ 250 ਕਿਲੋਮੀਟਰ ਦੂਰ ਤਰਨ ਤਾਰਨ ਹੈ, ਸ਼ੁਕਰ ਹੈ ਮੇਰੇ ਕੋਲ ਵੀਲ੍ਹ ਚੇਅਰ ਹੈ, ਨਹੀਂ ਤਾਂ ਇੰਨੀ ਦੂਰੀ 'ਤੇ ਜਾਣਾ ਔਖਾ ਹੋ ਜਾਂਦਾ। ਸਰਕਾਰ ਦੀ ਇਸ ਦੂਰਅੰਦੇਸ਼ੀ ਨੀਤੀ ਨੂੰ ਸਲਾਮ।' ਇਹ ਮਹਿਜ਼ ਸ਼ਬਦ ਨਹੀਂ, ਬਲਕਿ ਇੱਕ ਅਪਾਹਜ ਇਨਸਾਨ ਦੀ ਚੀਕ ਹੈ।

ਉਹ ਦੱਸਦਾ ਹੈ ਕਿ ਮਾਨਸਾ ਜ਼ਿਲ੍ਹੇ ਅਤੇ ਨੇੜਲੇ ਜ਼ਿਲ੍ਹਿਆਂ 'ਚ ਵੀ ਅੰਗਰੇਜ਼ੀ ਅਧਿਆਪਕਾਂ ਦੀ ਤਾਇਨਾਤੀ ਹੋਈ ਹੈ, ਪ੍ਰੰਤੂ ਉਸ ਦੇ ਇਹ ਸਮਝੋਂ ਬਾਹਰ ਹੈ ਕਿ ਉਸ ਨਾਲ ਹੀ ਕਿਉਂ ਇਹ ਮਜ਼ਾਕ ਕੀਤਾ ਗਿਆ ਹੈ। ਹਰਵਿੰਦਰ ਸਿੰਘ ਆਖਦਾ ਹੈ ਕਿ ਉਹ ਤਰੱਕੀ ਲੈਣ ਤੋਂ ਇਨਕਾਰ ਕਰਦਾ ਹੈ। ਇਹ ਤਾਇਨਾਤੀ ਦੇ ਹੁਕਮ ਉਸ ਲਈ ਮਾਨਸਿਕ ਤਸ਼ੱਦਦ ਵਾਂਗ ਹਨ। ਜਦੋਂ ਪੰਜਾਬ ਸਰਕਾਰ ਨੇ ਅਧਿਆਪਕ ਫ਼ਿਨਲੈਂਡ ਭੇਜੇ ਤਾਂ ਹਰਵਿੰਦਰ ਸਿੰਘ ਨੇ ਸਾਬਤ ਕੀਤਾ ਕਿ ਉਹ ਕਿਸੇ ਗੱਲੋਂ ਘੱਟ ਨਹੀਂ, ਉਹ ਫ਼ਿਨਲੈਂਡ ਤੋਂ ਸਿਖਲਾਈ ਲੈ ਕੇ ਵਾਪਸ ਪਰਤਿਆ।

ਹਰਵਿੰਦਰ ਸਿੰਘ ਆਖਦਾ ਹੈ ਕਿ ਜ਼ਿੰਦਗੀ 'ਚ ਹਰ ਚੁਣੌਤੀ ਕਬੂਲ ਕੀਤੀ, ਪ੍ਰੰਤੂ ਸਰਕਾਰ ਨੇ ਇਹ ਚੁਣੌਤੀ ਜਾਣ-ਬੁੱਝ ਕੇ ਦਿੱਤੀ ਹੈ। ਹਰਵਿੰਦਰ ਸਿੰਘ ਦੀ ਜ਼ਿੰਦਗੀ ਨੇ ਬਚਪਨ ਉਮਰੇ ਪ੍ਰੀਖਿਆ ਲਈ। ਉਹ ਹਰ ਚੁਣੌਤੀ ਨੂੰ ਟਿੱਚਰ ਕਰਕੇ ਲੰਘਿਆ। ਉਸ ਨੇ ਪੋਸਟ ਗ੍ਰੈਜੂਏਸ਼ਨ ਅਤੇ ਬੀ.ਐੱਡ. ਕੀਤੀ। ਉਨ੍ਹਾਂ ਦੇ ਪਿਤਾ ਇਕਬਾਲ ਸਿੰਘ ਟੇਲਰ ਮਾਸਟਰ ਹਨ, ਜੋ ਆਪਣੇ ਅਪਾਹਜ ਲੜਕੇ ਨੂੰ ਅਸਲੀ ਮਾਸਟਰ ਵਜੋਂ ਦੇਖਣਾ ਚਾਹੁੰਦੇ ਸਨ। ਪਿਤਾ ਦਾ ਥਾਪੜਾ ਤੇ ਖ਼ੁਦ ਦੀ ਹਿੰਮਤ, ਦੋਵਾਂ ਨੇ ਮਿਲ ਕੇ ਹਰਵਿੰਦਰ ਨੂੰ 2006 'ਚ ਅਧਿਆਪਕ ਬਣਾ ਦਿੱਤਾ। ਆਪਣੀ ਪੜ੍ਹਾਈ ਦੌਰਾਨ ਹਰਵਿੰਦਰ ਵੀਲ੍ਹ ਚੇਅਰ ਨਹੀਂ ਲੈ ਸਕਿਆ। ਵਿੱਤੀ ਵਸੀਲੇ ਹੀ ਨਹੀਂ ਸਨ, ਜਿਸ ਕਰਕੇ ਹਰਵਿੰਦਰ ਸਿੰਘ ਆਪਣੀ ਪੜ੍ਹਾਈ ਦੌਰਾਨ ਵੀਲ੍ਹ ਚੇਅਰ ਵੀ ਨਹੀਂ ਲੈ ਸਕਿਆ। ਉਸ ਨੂੰ ਨੌਕਰੀ ਉਪਰੰਤ ਪਹਿਲੀ ਤਨਖ਼ਾਹ ਮਿਲੀ ਤਾਂ ਉਸ ਨੇ ਵੀਲ੍ਹ ਚੇਅਰ ਲਈ। ਅਧਿਆਪਕ ਹਰਵਿੰਦਰ ਸਿੰਘ ਨੂੰ ਸੰਗੀਤ ਦੀ ਚੰਗੀ ਸਮਝ ਹੈ। ਉਹ ਦੱਸਦਾ ਹੈ ਕਿ ਪੰਜਾਬ ਸਰਕਾਰ ਦੀ ਬਕਾਇਦਾ ਇੱਕ ਪਾਲਿਸੀ ਹੈ ਕਿ ਅੰਗਹੀਣ ਮੁਲਾਜ਼ਮ ਨੂੰ ਘਰ ਤੋਂ ਦੂਰ ਤਾਇਨਾਤ ਨਹੀਂ ਕਰਨਾ। ਅਧਿਆਪਕ ਜਥੇਬੰਦੀਆਂ ਦੇ ਆਗੂ ਆਖਦੇ ਹਨ ਕਿ ਇਕੱਲਾ ਹਰਵਿੰਦਰ ਸਿੰਘ ਨਹੀਂ, ਬਲਕਿ ਹੋਰ ਵੀ ਕਿੰਨੇ ਅਪਾਹਜ ਮੁਲਾਜ਼ਮ ਹਨ ਜਿਨ੍ਹਾਂ ਨੂੰ ਦੂਰ-ਦੁਰਾਡੇ ਦੇ ਸਟੇਸ਼ਨਾਂ 'ਤੇ ਭੇਜ ਦਿੱਤਾ ਗਿਆ ਹੈ।



# ਹਰਿਆਣਾ ਖ਼ਬਰਨਾਮਾ



# ਟੈਕਸ ਦੀਆਂ ਦਰਾਂ ਵਧਾ ਕੇ ਨਹੀਂ ਸਗੋਂ ਟੈਕਸ ਦਾ ਆਧਾਰ ਵਧਾ ਕੇ ਮਜ਼ਬੂਤ ਕਰਾਂਗੇ ਹਰਿਆਣਾ ਦੀ ਮਾਲੀ ਵਿਵਸਥਾ : ਮੁੱਖ ਮੰਤਰੀ

## ➢ ਨਾਇਬ ਸਿੰਘ ਸੈਣੀ ਨੇ ’ਹਰਿਆਣਾ ਦੀ ਆਪਣੀ ਕਰ-ਮਾਲੀ ਪ੍ਰਣਾਲੀ’ ਦੇ ਵਿਸ਼ਲੇਸ਼ਣ ਅਤੇ ਮਜ਼ਬੂਤੀ ਲਈ ਆਯੋਜਿਤ ਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਕੀਤਾ ➢ ਸਾਲ 2030 ਤੱਕ ਰਾਜ ਦੇ ਆਪਣੇ ਕਰ-ਮਾਲੀਏ ਨੂੰ ਜੀ.ਐੱਸ.ਡੀ.ਪੀ. ਦਾ 10 ਫੀਸਦੀ ਅਤੇ 2047 ਤੱਕ 15 ਫੀਸਦੀ ਕਰਨ ਦਾ ਟੀਚਾ

**ਚੰਡੀਗੜ੍ਹ 30 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੀ ਆਪਣੀ ਮਾਲੀ ਵਿਵਸਥਾ ਨੂੰ ਮਜ਼ਬੂਤ ਕਰਨ ਦਾ ਟੀਚਾ ਟੈਕਸਾਂ ਦੀ ਦਰ ਵਧਾ ਕੇ ਨਹੀਂ, ਸਗੋਂ ਟੈਕਸ ਆਧਾਰ ਦਾ ਵਿਸਤਾਰ, ਬਿਹਤਰ ਪਾਲਣਾ, ਮਾਲੀਏ ਦੇ ਨੁਕਸਾਨ ’ਤੇ ਰੋਕ ਅਤੇ ਆਧੁਨਿਕ ਤਕਨੀਕ ਦੀ ਪ੍ਰਭਾਵਸ਼ਾਲੀ ਵਰਤੋਂ ਰਾਹੀਂ ਹਾਸਲ ਕੀਤਾ ਜਾਵੇਗਾ। ਸਰਕਾਰ ਦਾ ਸਪੱਸ਼ਟ ਟੀਚਾ ਹੈ ਕਿ ਇਮਾਨਦਾਰ ਕਰਦਾਤਾ ’ਤੇ ਵਾਧੂ ਬੋਝ ਪਾਏ ਬਿਨਾਂ ਰਾਜ ਦੀ ਵਿੱਤੀ ਸਮਰੱਥਾ ਨੂੰ ਵਧਾਇਆ ਜਾਵੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਵਿਕਸਿਤ ਹਰਿਆਣਾ 2047 ਲਈ ’ਹਰਿਆਣਾ ਦੀ ਆਪਣੀ ਕਰ-ਮਾਲੀ ਵਿਵਸਥਾ’ ਦੇ ਵਿਸ਼ਲੇਸ਼ਣ ਅਤੇ ਮਜ਼ਬੂਤੀ ਲਈ ਆਯੋਜਿਤ ਰਾਸ਼ਟਰੀ ਕਾਨਫਰੰਸ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਸਵਰਨ ਜਯੰਤੀ ਹਰਿਆਣਾ ਇੰਸਟੀਚਿਊਟ ਫਾਰ ਫਿਸਕਲ ਮੈਨੇਜਮੈਂਟ ਵੱਲੋਂ ਆਯੋਜਿਤ ਇਸ ਕਾਨਫਰੰਸ ਵਿੱਚ ਭਾਰਤ ਸਰਕਾਰ ਦੇ ਮੁੱਖ ਆਰਥਿਕ ਸਲਾਹਕਾਰ ਡਾ. ਵੀ. ਅਨੰਤ ਨਾਗੇਸ਼ਵਰਨ, ਵਿੱਤ ਵਿਭਾਗ ਦੇ ਵਾਧੂ ਮੁੱਖ ਸਕੱਤਰ ਸ੍ਰੀ ਅਰੁਣ ਗੁਪਤਾ, ਆਬਕਾਰੀ ਅਤੇ ਕਰ ਵਿਭਾਗ ਦੀ ਕਮਿਸ਼ਨਰ ਅਤੇ ਸਕੱਤਰ ਸ਼੍ਰੀਮਤੀ ਆਸ਼ਿਮਾ ਬਰਾੜ, ਐਸਜੇਐਚਆਈਐਫਐਮ ਦੇ ਡਾਇਰੈਕਟਰ ਜਨਰਲ ਡਾ. ਰਾਜ ਨਹਿਰੂ ਅਤੇ ਸਲਾਹਕਾਰ ਸ੍ਰੀ ਐੱਨ.ਕੇ. ਬਿਸ਼ਨੋਈ ਸਮੇਤ ਨੀਤੀ-ਘਾੜੇ, ਟੈਕਸ ਪ੍ਰਸ਼ਾਸਕ, ਅਰਥ ਸ਼ਾਸਤਰੀ, ਸਿੱਖਿਆ ਸ਼ਾਸਤਰੀ ਅਤੇ ਤਕਨੀਕੀ ਮਾਹਰ ਸ਼ਾਮਲ ਹੋਏ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਜ਼ਬੂਤ ਮਾਲੀ ਪ੍ਰਣਾਲੀ ਦਾ ਅੰਤਿਮ ਉਦੇਸ਼ ਸਿਰਫ਼ ਵੱਧ ਮਾਲੀਆ ਇਕੱਠਾ ਕਰਨਾ ਨਹੀਂ, ਸਗੋਂ ਇਸ ਨਾਲ ਬਿਹਤਰ ਸੜਕਾਂ, ਸਕੂਲ, ਹਸਪਤਾਲ ਅਤੇ ਜਨਤਕ ਸੇਵਾਵਾਂ ਉਪਲਬਧ ਕਰਵਾ ਕੇ ਆਮ ਲੋਕਾਂ ਦੇ ਜੀਵਨ ਵਿੱਚ ਸੁਧਾਰ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਕਰਦਾਤਾ ਨੂੰ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਸਪੱਸ਼ਟ ਜਾਣਕਾਰੀ ਮਿਲੇ ਅਤੇ ਟੈਕਸ ਦੀ ਪਾਲਣਾ ਉਸ ਲਈ ਸੌਖੀ ਅਤੇ ਪਾਰਦਰਸ਼ੀ ਹੋਵੇ, ਇਹ ਸਰਕਾਰ ਦੀ ਪਹਿਲ ਹੈ।




**ਐੱਸ.ਜੀ.ਐੱਸ.ਟੀ. ਕੁਲੈਕਸ਼ਨ ਵਿੱਚ 29 ਫੀਸਦੀ ਦਾ ਵਾਧਾ:**

ਮੁੱਖ ਮੰਤਰੀ ਨੇ ਦੱਸਿਆ ਕਿ ਚਾਲੂ ਵਿੱਤ ਵਰ੍ਹੇ ਦੇ ਪਹਿਲੇ ਪੰਜ ਮਹੀਨਿਆਂ, ਅਪ੍ਰੈਲ ਤੋਂ ਅਗਸਤ ਤੱਕ, ਹਰਿਆਣਾ ਦਾ ਰਾਜ ਵਸਤੂ ਅਤੇ ਸੇਵਾ ਕਰ ਕੁਲੈਕਸ਼ਨ 29 ਫੀਸਦੀ ਵਧ ਕੇ 24,662 ਕਰੋੜ ਰੁਪਏ ਹੋ ਗਿਆ ਹੈ। ਪਿਛਲੇ ਸਾਲ ਇਸੇ ਸਮੇਂ ਦੌਰਾਨ ਇਹ ਕੁਲੈਕਸ਼ਨ 19,174 ਕਰੋੜ ਰੁਪਏ ਸੀ। ਅਗਸਤ 2026 ਵਿੱਚ ਵੀ ਹਰਿਆਣਾ ਦੇ ਐੱਸ.ਜੀ.ਐੱਸ.ਟੀ. ਕੁਲੈਕਸ਼ਨ ਵਿੱਚ 21 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ, ਜਦੋਂ ਕਿ ਰਾਸ਼ਟਰੀ ਔਸਤ ਵਾਧਾ 13 ਫੀਸਦੀ ਰਿਹਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਕੁੱਲ ਜੀ.ਐੱਸ.ਟੀ. ਕਰਦਾਤਾਵਾਂ ਵਿੱਚ ਹਰਿਆਣਾ ਦੀ ਹਿੱਸੇਦਾਰੀ 4 ਫੀਸਦੀ ਤੋਂ ਘੱਟ ਹੈ, ਪਰ ਦੇਸ਼ ਦੇ ਕੁੱਲ ਜੀ.ਐੱਸ.ਟੀ. ਕੁਲੈਕਸ਼ਨ ਵਿੱਚ ਰਾਜ ਦਾ ਯੋਗਦਾਨ ਲਗਭਗ 7.7 ਫੀਸਦੀ ਹੈ। ਹੁਣ ਲੋੜ ਇਸ ਵਾਧੇ ਨੂੰ ਸਥਾਈ ਮਾਲੀ ਸਮਰੱਥਾ ਵਿੱਚ ਬਦਲਣ ਦੀ ਹੈ।

**ਆਰਥਿਕ ਵਿਕਾਸ ਦੇ ਨਾਲ ਵਧੇਗਾ ਮਾਲੀਆ ਆਧਾਰ**

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਖੇਤੀਬਾੜੀ-ਪ੍ਰਧਾਨ ਅਰਥਚਾਰੇ ਤੋਂ ਉਦਯੋਗ ਅਤੇ ਸੇਵਾ ਖੇਤਰ ਅਧਾਰਤ ਅਰਥਚਾਰੇ ਵੱਲ ਤੇਜ਼ੀ ਨਾਲ ਅੱਗੇ ਵਧਿਆ ਹੈ। ਗੁਰੂਗ੍ਰਾਮ ਵਿੱਚ ਗਲੋਬਲ ਕੈਪੇਬਿਲਟੀ ਸੈਂਟਰ, ਆਈ.ਟੀ., ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਨਤ ਸੇਵਾਵਾਂ ਦਾ ਵਿਸਤਾਰ ਹੋ ਰਿਹਾ ਹੈ। ਗੰਨੌਰ ਵਿੱਚ ਇੰਡੀਆ ਇੰਟਰਨੈਸ਼ਨਲ ਹਾਰਟੀਕਲਚਰ ਮਾਰਕੀਟ, ਆਈ.ਐੱਮ.ਟੀ. ਖਰਖੌਦਾ ਵਿੱਚ ਵਾਹਨ ਨਿਰਮਾਣ ਨਿਵੇਸ਼ ਅਤੇ ਰੇਵਾੜੀ, ਹਿਸਾਰ ਅਤੇ ਹੋਰ ਖੇਤਰਾਂ ਵਿੱਚ ਉਦਯੋਗਿਕ ਅਤੇ ਲੌਜਿਸਟਿਕਸ ਪ੍ਰੋਜੈਕਟ ਰਾਜ ਦੀਆਂ ਆਧੁਨਿਕਲ ਗਤੀਵਿਧੀਆਂ ਨੂੰ ਨਵੀਂ ਗਤੀ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਪਾਣੀਪਤ ਦਾ ਟੈਕਸਟਾਈਲ ਉਦਯੋਗ, ਅੰਬਾਲਾ ਦਾ ਵਿਗਿਆਨਕ ਉਪਕਰਣ ਉਦਯੋਗ, ਹਿਸਾਰ ਦਾ ਸਟੀਲ ਉਦਯੋਗ, ਯਮੁਨਾਨਗਰ ਦਾ ਪਲਾਈਵੁੱਡ ਉਦਯੋਗ ਅਤੇ ਰੋਹਤਕ ਦਾ ਨਟ-ਬੋਲਟ ਅਤੇ ਆਟੋ-ਕੰਪੋਨੈਂਟ ਉਦਯੋਗ ਵਰਗੇ ਰਵਾਇਤੀ ਐੱਮ.ਐੱਸ.ਐੱਮ.ਈ. (ਕਲੱਸਟਰ ਵੀ ਰਾਜ ਦੀ ਆਰਥਿਕ ਸ਼ਕਤੀ ਦਾ ਮਹੱਤਵਪੂਰਨ ਆਧਾਰ ਹਨ। ਮੁੱਖ ਮੰਤਰੀ ਨੇ ਕਿਹਾ ਕਿ ਹਰ ਨਵਾਂ ਉਦਯੋਗ, ਨਿਵੇਸ਼ ਅਤੇ ਉੱਦਮ ਰੁਜ਼ਗਾਰ ਦੇ ਨਾਲ-ਨਾਲ ਨਵੇਂ ਮਾਲੀਆ ਆਧਾਰ ਦੀਆਂ ਸੰਭਾਵਨਾਵਾਂ ਵੀ ਪੈਦਾ ਕਰਦਾ ਹੈ।

**2030 ਤੱਕ 10 ਅਤੇ 2047 ਤੱਕ 15 ਫੀਸਦੀ ਦਾ ਟੀਚਾ:**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਦੀ ਆਰਥਿਕ ਸਮਰੱਥਾ ਦੇ ਮੁਕਾਬਲੇ ਹਰਿਆਣਾ ਦਾ ਆਪਣਾ ਕਰ-ਮਾਲੀਆ ਅਜੇ ਜੀ.ਐੱਸ.ਡੀ.ਪੀ. ਦੇ 7 ਫੀਸਦੀ ਤੋਂ ਘੱਟ ਹੈ। ਇਸ ਨੂੰ ਸਾਲ 2030 ਤੱਕ 10 ਫੀਸਦੀ ਅਤੇ ਸਾਲ 2047 ਤੱਕ 15 ਫੀਸਦੀ ਤੱਕ ਲਿਜਾਣ ਦਾ ਟੀਚਾ ਮਿਥਿਆ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਟੀਚਾ ਟੈਕਸਾਂ ਦੀਆਂ ਦਰਾਂ ਵਧਾ ਕੇ ਹਾਸਲ ਨਹੀਂ ਕੀਤਾ ਜਾਵੇਗਾ। ਇਸ ਲਈ ਮੌਜੂਦਾ ਮਾਲੀ ਪ੍ਰਣਾਲੀ ਦੀ ਕੁਸ਼ਲਤਾ, ਕਵਰੇਜ ਅਤੇ ਉਤਪਾਦਕਤਾ ਵਧਾਉਣ, ਟੈਕਸ ਆਧਾਰ ਦਾ ਵਿਸਤਾਰ ਕਰਨ, ਨਿਯਮਾਂ ਦੀ ਪਾਲਣਾ ਨੂੰ ਉਤਸ਼ਾਹਿਤ ਕਰਨ ਅਤੇ ਮਾਲੀਏ ਦੇ ਨੁਕਸਾਨ ਨੂੰ ਰੋਕਣ ’ਤੇ ਜ਼ੋਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦਰ ਨਹੀਂ, ਆਧਾਰ ਵਧਾਉਣਾ ਹੈ, ਬੋਝ ਨਹੀਂ, ਪਾਲਣਾ ਵਧਾਉਣੀ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਦੇਸ਼ ਦੀ ਵਾਗਡੋਰ ਸੰਭਾਲੀ ਹੈ, ਉਦੋਂ ਤੋਂ ਬਾਹਰੀ ਨਿਵੇਸ਼ਕਾਂ ਦਾ ਭਾਰਤ ਵਿੱਚ ਵਿਸ਼ਵਾਸ ਵਧਿਆ ਹੈ। ਵਿਕਸਿਤ ਹਰਿਆਣਾ ਤੋਂ ਹੀ ਵਿਕਸਿਤ ਭਾਰਤ ਦਾ ਰਸਤਾ ਸਾਫ਼ ਹੋਵੇਗਾ।

**ਵਨ ਟਾਈਮ ਸੈਟਲਮੈਂਟ ਦੀ ਮਿਆਦ 30 ਨਵੰਬਰ ਤੱਕ ਵਧੀ :**

ਮੁੱਖ ਮੰਤਰੀ ਨੇ ਦੱਸਿਆ ਕਿ ਪੁਰਾਣੇ ਲੰਬਿਤ ਕਰ ਵਿਵਾਦਾਂ ਦੇ ਹੱਲ ਲਈ ’ਹਰਿਆਣਾ ਵਨ-ਟਾਈਮ ਸੈਟਲਮੈਂਟ ਸਕੀਮ, 2026’ ਲਾਗੂ ਕੀਤੀ ਗਈ ਹੈ। ਇਸ ਦਾ ਉਦੇਸ਼ ਪੁਰਾਣੇ ਮਾਮਲਿਆਂ ਦਾ ਨਿਪਟਾਰਾ ਕਰਨਾ ਅਤੇ ਬੇਲੋੜੀ ਮੁਕੱਦਮੇਬਾਜ਼ੀ ਨੂੰ ਘਟਾਉਣਾ ਹੈ। ਸਾਲ 2025 ਦੀ ਯੋਜਨਾ ਦਾ ਲਾਭ ਲਗਭਗ 1 ਲੱਖ 15 ਹਜ਼ਾਰ ਵਪਾਰੀਆਂ ਨੇ ਲਿਆ ਸੀ। ਵਪਾਰੀਆਂ ਦੀ ਸਹੂਲਤ ਲਈ ਇਸ ਸਾਲ ਦੀ ਯੋਜਨਾ ਦੀ ਮਿਆਦ ਵਧਾ ਕੇ 30 ਨਵੰਬਰ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ’ਪੇਪਰਲੈੱਸ ਰਜਿਸਟ੍ਰੇਸ਼ਨ 2.0’ ਅਤੇ ’ਆਟੋ ਮਿਊਟੇਸ਼ਨ ਸਿਸਟਮ’ ਰਾਹੀਂ ਰਜਿਸਟ੍ਰੇਸ਼ਨ ਅਤੇ ਇੰਤਕਾਲ ਦੀਆਂ ਪ੍ਰਕਿਰਿਆਵਾਂ ਨੂੰ ਡਿਜੀਟਲ, ਪਾਰਦਰਸ਼ੀ ਅਤੇ ਸਮੇਂ ਸਿਰ ਬਣਾਇਆ ਜਾ ਰਿਹਾ ਹੈ।

**ਏ.ਆਈ. (19) ਅਤੇ ਡਾਟਾ ਵਿਸ਼ਲੇਸ਼ਣ ਨਾਲ ਆਧੁਨਿਕ ਬਣੇਗਾ ਕਰ ਪ੍ਰਸ਼ਾਸਨ:**

ਮੁੱਖ ਮੰਤਰੀ ਨੇ ਕਿਹਾ ਕਿ ਭਵਿੱਖ ਦੀ ਮਾਲੀ ਪ੍ਰਣਾਲੀ ਡਾਟਾ ਅਧਾਰਤ ਅਤੇ ਆਧੁਨਿਕ ਤਕਨੀਕ ਨਾਲ ਸਮਰੱਥ ਹੋਣੀ ਚਾਹੀਦੀ ਹੈ। ਜੀ.ਐੱਸ.ਟੀ., ਰਜਿਸਟ੍ਰੇਸ਼ਨ, ਟਰਾਂਸਪੋਰਟ, ਬਿਜਲੀ, ਸ਼ਹਿਰੀ ਵਿਕਾਸ ਅਤੇ ਹੋਰ ਸਰਕਾਰੀ ਪ੍ਰਣਾਲੀਆਂ ਦੇ ਅੰਕੜਿਆਂ ਨੂੰ ਆਪਸ ਵਿੱਚ ਜੋੜ ਕੇ ਆਰਥਿਕ ਗਤੀਵਿਧੀਆਂ ਦੀ ਵਿਆਪਕ ਤਸਵੀਰ ਤਿਆਰ ਕੀਤੀ ਜਾ ਸਕਦੀ ਹੈ। ਇਸ ਨਾਲ ਮਾਲੀਏ ਦੀਆਂ ਸੰਭਾਵਨਾਵਾਂ ਅਤੇ ਕਮੀਆਂ ਦੀ ਪਛਾਣ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ, ਉੱਨਤ ਡਾਟਾ ਵਿਸ਼ਲੇਸ਼ਣ ਅਤੇ ਏਕੀਕ੍ਰਿਤ ਡਾਟਾਬੇਸ ਰਾਹੀਂ ਜੋਖਮ ਦੀ ਪਛਾਣ, ਮਾਲੀਏ ਦੇ ਨੁਕਸਾਨ ਨੂੰ ਰੋਕਣ ਅਤੇ ਨਿਯਮਾਂ ਦੀ ਪਾਲਣਾ ਨੂੰ ਬਿਹਤਰ ਕੀਤਾ ਜਾ ਸਕਦਾ ਹੈ। ਹਾਲਾਂਕਿ, ਤਕਨੀਕ ਦਾ ਉਦੇਸ਼ ਸਿਰਫ਼ ਨਿਗਰਾਨੀ ਨਹੀਂ ਹੋਣਾ ਚਾਹੀਦਾ, ਸਗੋਂ ਇਮਾਨਦਾਰ ਕਰਦਾਤਾਵਾਂ ਨੂੰ ਬਿਹਤਰ ਸੇਵਾਵਾਂ ਉਪਲਬਧ ਕਰਵਾਉਣਾ ਵੀ ਹੋਣਾ ਚਾਹੀਦਾ ਹੈ।

**ਕਰਦਾਤਾ ਨੂੰ ਕੇਂਦਰ ਵਿੱਚ ਰੱਖ ਕੇ ਬਣੇ ਕਾਰਜਯੋਜਨਾ :**

ਮੁੱਖ ਮੰਤਰੀ ਨੇ ਕਾਨਫਰੰਸ ਵਿੱਚ ਮਾਹਰਾਂ ਨੂੰ ਅਗਲੇ ਇੱਕ-ਦੋ ਸਾਲਾਂ ਦੇ ਤਤਕਾਲ ਉਪਾਵਾਂ, ਮੱਧਮ ਮਿਆਦ ਦੇ ਸੁਧਾਰਾਂ, ਭਵਿੱਖ ਦੀ ਤਕਨੀਕ ਅਤੇ ਡਾਟਾ ਪ੍ਰਣਾਲੀਆਂ ਅਤੇ ਜ਼ਰੂਰੀ ਸੰਸਥਾਗਤ ਬਦਲਾਅ ’ਤੇ ਸਪੱਸ਼ਟ ਕਾਰਜਯੋਜਨਾ ਤਿਆਰ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੂਰੀ ਕਾਰਜਯੋਜਨਾ ਦੇ ਕੇਂਦਰ ਵਿੱਚ ਕਰਦਾਤਾ ਹੋਣਾ ਚਾਹੀਦਾ ਹੈ। ਸਾਰੇ ਵਿਭਾਗਾਂ ਵਿੱਚ ਬਿਹਤਰ ਤਾਲਮੇਲ ਹੋਵੇ, ਨਾਗਰਿਕ ਦਾ ਸਮਾਂ ਬਚੇ, ਉਸਦੀ ਅਨਿਸ਼ਚਿਤਤਾ ਘੱਟ ਹੋਵੇ ਅਤੇ ਉਸਨੂੰ ਬਿਹਤਰ ਸਹੂਲਤ ਮਿਲੇ। ਇਮਾਨਦਾਰੀ ਨਾਲ ਟੈਕਸ ਦੇਣ ਵਾਲੇ ਨਾਗਰਿਕ ਨੂੰ ਸਨਮਾਨ ਮਿਲੇ ਅਤੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲਿਆਂ ਵਿਰੁੱਧ ਪ੍ਰਭਾਵਸ਼ਾਲੀ ਵਿਵਸਥਾ ਹੋਵੇ।

**ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਨੇ ਦੱਸੀ ਮਹੱਤਵਪੂਰਨ ਪਹਿਲ :**

ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਤੇ ਵਿੱਤ ਵਿਭਾਗ ਦੇ ਵਾਧੂ ਮੁੱਖ ਸਕੱਤਰ ਸ੍ਰੀ ਅਰੁਣ ਗੁਪਤਾ ਨੇ ਕਿਹਾ ਕਿ ’ਵਿਕਸਿਤ ਭਾਰਤ-ਵਿਕਸਿਤ ਹਰਿਆਣਾ’ ਦੇ ਟੀਚੇ ਨੂੰ ਸਾਕਾਰ ਕਰਨ ਲਈ ਰਾਜ ਦੇ ਸਰੋਤਾਂ ਨੂੰ ਮਜ਼ਬੂਤ ਅਤੇ ਵਿਸ਼ਾਲ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਰਾਜ ਨੂੰ ਸਰੋਤ ਮੁੱਖ ਤੌਰ ’ਤੇ ਭਾਰਤ ਸਰਕਾਰ ਤੋਂ ਗ੍ਰਾਂਟ ਅਤੇ ਸਹਿਯੋਗ, ਕਰਜ਼ੇ ਅਤੇ ਆਪਣੇ ਖੁਦ ਦੇ ਮਾਲੀਏ ਰਾਹੀਂ ਪ੍ਰਾਪਤ ਹੁੰਦੇ ਹਨ। ਅਜਿਹੇ ਵਿੱਚ ਇਹ ਕਾਨਫਰੰਸ ਰਾਜ ਦੇ ਆਪਣੇ ਮਾਲੀਏ ਨੂੰ ਵਧਾਉਣ, ਮਾਲੀਆ ਇਕੱਠਾ ਕਰਨ ਦੀ ਕਾਰਜਪ੍ਰਣਾਲੀ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਅਤੇ ਨੀਤੀਗਤ ਪੱਧਰ ’ਤੇ ਜ਼ਰੂਰੀ ਬਦਲਾਅ ਕਰਕੇ ਮਾਲੀ ਪ੍ਰਣਾਲੀ ਵਿੱਚ ਮੌਜੂਦ ਸੰਭਾਵੀ ਕਮੀਆਂ ਨੂੰ ਦੂਰ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਕਿਹਾ ਕਿ ਸੰਮੇਲਨ ਵਿੱਚ ਪ੍ਰਾਪਤ ਮਾਰਗਦਰਸ਼ਨ ਤੇ ਸੁਝਾਵਾਂ ਨੂੰ ਨੀਤੀਗਤ ਪੱਧਰ ਉਤੇ ਅੱਗੇ ਵਧਾਉਂਦੇ ਹੋਏ ਰਾਜ ਦੇ ਰਾਜਸਵ ਸੰਸਾਧਨਾਂ ਨੂੰ ਮਜ਼ਬੂਤ ਕਰਨ ਅਤੇ ਹਰਿਆਣਾ ਦੇ ਆਰਥਿਕ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਠੋਸ ਯਤਨ ਕੀਤੇ ਜਾਣਗੇ।

**ਮੁੱਖ ਆਰਥਿਕ ਸਲਾਹਕਾਰ ਨੇ ਕੀਤੀ ਹਰਿਆਣਾ ਦੀ ਆਰਥਿਕ ਸਮਰੱਥਾ ਦੀ ਸ਼ਲਾਘਾ:**

ਭਾਰਤ ਸਰਕਾਰ ਦੇ ਮੁੱਖ ਆਰਥਿਕ ਸਲਾਹਕਾਰ ਡਾ. ਵੀ. ਅਨੰਤ ਨਾਗੇਸ਼ਵਰਨ ਨੇ ਹਰਿਆਣਾ ਦੀ ਆਰਥਿਕ ਸਮਰੱਥਾ ਨੂੰ ਰੇਖਾਂਕਿਤ ਕਰਦਿਆਂ ਕਿਹਾ ਕਿ ਰਾਜ ਕੋਲ ਸਾਲ 2047 ਤੱਕ 1.5 ਟ੍ਰਿਲੀਅਨ ਡਾਲਰ ਦੀ ਅਰਥਵਿਵਸਥਾ ਬਣਨ ਦੇ ਟੀਚੇ ਨੂੰ ਹਾਸਲ ਕਰਨ ਦੀ ਸਮਰੱਥਾ, ਆਰਥਿਕ ਗਤੀਸ਼ੀਲਤਾ, ਮਜ਼ਬੂਤ ਉਦਯੋਗਿਕ ਆਧਾਰ, ਉੱਦਮਤਾ ਦੀ ਭਾਵਨਾ ਅਤੇ ਸੁਸ਼ਾਸਨ ਮੌਜੂਦ ਹੈ। ਉਨ੍ਹਾਂ ਹਰਿਆਣਾ ਨੂੰ ਭਾਰਤ ਦੇ ਨਿਰਮਾਣ ਖੇਤਰ ਦੇ ਪ੍ਰਮੁੱਖ ਉਦਾਹਰਣਾਂ ਵਿੱਚੋਂ ਇੱਕ ਦੱਸਦਿਆਂ ਕਿਹਾ ਕਿ ਰਾਜ ਵਿਨਿਯਮ ਨੂੰ ਸਰਲ ਬਣਾਉਣ ਅਤੇ ਪਾਲਣਾ ਦੇ ਬੋਝ ਨੂੰ ਘਟਾਉਣ ਵਿੱਚ ਹੋਰ ਰਾਜਾਂ ਲਈ ਮਿਸਾਲ ਪੇਸ਼ ਕਰ ਰਿਹਾ ਹੈ। ਉਨ੍ਹਾਂ ਵਿਸ਼ਵਾਸ-ਅਧਾਰਤ ਅਤੇ ਜੋਖਮ-ਅਧਾਰਤ ਨਿਯਮਾਂ ਅਤੇ ਛੋਟੇ ਤੇ ਦਰਮਿਆਨੇ ਉਦਯੋਗਾਂ ਨੂੰ ਹੁਣੋਸ਼ੀ (ਉਤਸ਼ਾਹਿਤ) ਕਰਨ ’ਤੇ ਵੀ ਜ਼ੋਰ ਦਿੱਤਾ।

ਡਾ. ਵੀ ਅਨੰਤ ਨਾਗੇਸ਼ਵਰਨ ਨੇ ਦੱਸਿਆ ਕਿ ਹਰਿਆਣਾ ਦੇ ਆਪਣੇ ਰਾਜਸਵ ਵਿੱਚ ਲਗਭਗ ਆਧਾ ਹਿੱਸਾ ਰਾਜ ਜੀਐਸਟੀ ਨਾਲ ਗੱਲਾਤ ਹੈ ਅਤੇ ਇਸ ਵਿਚ ਸੂਬੇ ਵਿੱਚ ਹੋਣ ਵਾਲਾ ਕਾਰੋਬਾਰ 51 ਫੀਸਦੀ ਅਤੇ ਆਈਜੀਐਸਟੀ ਰਾਹੀਂ ਆਉਣਾ ਵਾਲਾ ਹਿੱਸਾ 49 ਫੀਸਦੀ ਹੈ, ਜਿਸ ਨਾਲ ਉਨ੍ਹਾਂ ਸਿਹਤ ਮਿਸ਼ਨ ਦੱਸਿਆ।

**ਡਾ. ਰਾਜ ਨਹਿਰੂ ਨੇ ਕਾਨਫਰੰਸ ਨੂੰ ਦੱਸਿਆ ਮਹੱਤਵਪੂਰਨ ਕੜੀ :**

ਸੁਵਰਨ ਜਯੰਤੀ ਹਰਿਆਣਾ ਇੰਸਟੀਚਿਊਟ ਫਾਰ ਫਿਸਕਲ ਮੈਨੇਜਮੈਂਟ ਦੇ ਡਾਇਰੈਕਟਰ ਜਨਰਲ ਡਾ. ਰਾਜ ਨਹਿਰੂ ਨੇ ਕਿਹਾ ਕਿ ਇਹ ਕਾਨਫਰੰਸ ਕੇਂਦਰ ਸਰਕਾਰ ਦੇ 2047 ਦੇ ਵਿਕਸਿਤ ਭਾਰਤ ਦੇ ਟੀਚੇ ਨੂੰ ਪੂਰਾ ਕਰਨ, ਹਰਿਆਣਾ ਨੂੰ 1.5 ਟ੍ਰਿਲੀਅਨ ਦੀ ਆਰਥਿਕਤਾ ਬਣਾਉਣ, 50 ਲੱਖ ਨਵੇਂ ਰੁਜ਼ਗਾਰ ਪੈਦਾ ਕਰਨ ਅਤੇ ਸੁਸ਼ਾਸਨ ਦੇ ਸੰਕਲਪ ਨੂੰ ਪੂਰਾ ਕਰਨ ਲਈ ਜ਼ਰੂਰੀ ਪਹਿਲੂਆਂ ’ਤੇ ਵਿਚਾਰ-ਵਟਾਂਦਰਾ ਕਰਨ ਅਤੇ ਮਾਹਰਾਂ ਦੇ ਸੁਝਾਵਾਂ ਨੂੰ ਅਪਨਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕੜੀ ਸਾਬਤ ਹੋਵੇਗੀ।

# 30 ਸਾਲ ਤੋਂ ਵੱਧ ਉਮਰ ਦੇ ਨਾਗਰਿਕ ਕਰਵਾਉਣ ਸਲਾਨਾ ਬਲੱਡ ਪ੍ਰੈਸ਼ਰ ਦੀ ਜਾਂਚ : ਆਰਤੀ ਸਿੰਘ ਰਾਵ

**ਚੰਡੀਗੜ੍ਹ, 30 ਸਤੰਬਰ**
**-ਹਰਮਨਪ੍ਰੀਤ ਕੌਰ-**



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਵ ਨੇ ’ਵਿਸ਼ਵ ਦਿਲ ਦਿਵਸ’ ਦੇ ਮੌਕੇ ’ਤੇ ਰਾਜ ਦੇ ਨਾਗਰਿਕਾਂ ਨੂੰ ਦਿਲ ਦੀ ਸਿਹਤ ਪ੍ਰਤੀ ਸੁਚੇਤ ਅਤੇ ਜਾਗਰੂਕ ਰਹਿਣ ਦੀ ਅਪੀਲ ਕੀਤੀ ਹੈ। ਰਾਸ਼ਟਰੀ ਗੈਰ-ਸੰਚਾਰੀ ਰੋਗ ਰੋਕਥਾਮ ਅਤੇ ਕੰਟਰੋਲ ਪ੍ਰੋਗਰਾਮ (NP-NCD) ਅਤੇ ਸਿਹਤ ਵਿਭਾਗ ਹਰਿਆਣਾ ਦੇ ਤਹਿਤ ਜਾਰੀ ਇੱਕ ਵਿਸ਼ੇਸ਼ ਜਨ-ਜਾਗਰੂਕਤਾ ਸੰਦੇਸ਼ ਵਿੱਚ ਸਿਹਤ ਮੰਤਰੀ ਨੇ ਕਿਹਾ ਕਿ ਹਾਈ ਬਲੱਡ ਪ੍ਰੈਸ਼ਰ (ਹਾਈਪਰਟੈਂਸ਼ਨ) ਦਿਲ ਦੇ ਰੋਗਾਂ ਦਾ ਸਭ ਤੋਂ ਵੱਡਾ ਅਤੇ ਰੋਕਿਆ ਜਾ ਸਕਣ ਵਾਲਾ ਖ਼ਤਰਨਾਕ ਕਾਰਕ ਹੈ, ਜਿਸ ਨੂੰ ਇੱਕ ’ਸਾਈਲੈਂਟ ਕਿੱਲਰ’ ਵੀ ਮੰਨਿਆ ਜਾਂਦਾ ਹੈ। ਇਸ ਖ਼ਤਰੇ ਤੋਂ ਬਚਣ ਲਈ 30 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਹਰੇਕ ਵਿਅਕਤੀ ਨੂੰ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਆਪਣੇ ਬਲੱਡ ਪ੍ਰੈਸ਼ਰ ਦੀ ਜਾਂਚ ਜ਼ਰੂਰ ਕਰਵਾਉਣੀ ਚਾਹੀਦੀ ਹੈ।

ਸਿਹਤ ਮੰਤਰੀ ਆਰਤੀ ਸਿੰਘ ਰਾਵ ਨੇ ਵਿਸ਼ੇਸ਼ ਤੌਰ ’ਤੇ ਹਾਈ ਬਲੱਡ ਪ੍ਰੈਸ਼ਰ ਤੋਂ ਪੀੜਤ ਮਰੀਜ਼ਾਂ ਨੂੰ ਰੈਗੂਲਰ ਸਲਾਹ ਲੈਣ, ਜਟਿਲਤਾਵਾਂ ਤੋਂ ਬਚਣ ਲਈ ਡਾਕਟਰਾਂ ਦੁਆਰਾ ਸੁਝਾਈਆਂ ਗਈਆਂ ਦਵਾਈਆਂ ਦਾ ਰੈਗੂਲਰ ਸੇਵਨ ਕਰਨ, ਖੁਦ ਤੋਂ ਦਵਾਈ ਨਾ ਬਦਲਣ ਅਤੇ ਆਪਣੇ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਜਾਂ ਐੱਨ.ਸੀ.ਡੀ. (NCD) ਕਲੀਨਿਕ ਵਿੱਚ ਰੈਗੂਲਰਲੀ ਫਾਲੋ-ਅੱਪ ਕਰਵਾਉਣ ਦੀ ਸਲਾਹ ਦਿੱਤੀ ਹੈ।

ਉਨ੍ਹਾਂ ਦੱਸਿਆ ਕਿ ਕਸਰਤ ਨਾ ਕਰਨਾ, ਮੋਟਾਪਾ, ਅਸੰਤੁਲਿਤ ਖਾਣ-ਪੀਣ, ਤੰਬਾਕੂ ਤੇ ਸ਼ਰਾਬ ਦਾ ਸੇਵਨ ਅਤੇ ਅੱਤਿਆਧਿਕ ਤਣਾਅ ਦਿਲ ਦੀਆਂ ਬੀਮਾਰੀਆਂ ਦੇ ਮੁੱਖ ਜੋਖਮ ਕਾਰਨ ਹਨ। ਇਹਨਾਂ ਤੋਂ ਬਚਾਅ ਲਈ ਨਾਗਰਿਕਾਂ ਨੂੰ ਹਫ਼ਤੇ ਵਿੱਚ ਘੱਟੋ-ਘੱਟ 5 ਦਿਨ ਰੋਜ਼ਾਨਾ 30 ਤੋਂ 45 ਮਿੰਟ ਰੈਗੂਲਰ ਕਸਰਤ ਕਰਨੀ ਚਾਹੀਦੀ ਹੈ, ਆਪਣੇ ਸਰੀਰ ਦਾ ਵਜ਼ਨ ਕੰਟਰੋਲ ਰੱਖਣਾ ਚਾਹੀਦਾ ਹੈ ਅਤੇ ਭੋਜਨ ਵਿੱਚ ਨਮਕ ਦੀ ਮਾਤਰਾ ਘੱਟ ਰੱਖਦੇ ਹੋਏ ਤਾਜ਼ੇ ਫਲ ਤੇ ਸਬਜ਼ੀਆਂ ਦਾ ਵੱਧ ਸੇਵਨ ਕਰਨਾ ਚਾਹੀਦਾ ਹੈ।

ਇਸ ਦੇ ਨਾਲ ਹੀ, ਤੰਬਾਕੂ ਤੇ ਸ਼ਰਾਬ ਦੇ ਸੇਵਨ ਤੋਂ ਦੂਰ ਰਹਿ ਕੇ ਅਤੇ ਯੋਗ ਤੇ ਧਿਆਨ (ਮੈਡੀਟੇਸ਼ਨ) ਨੂੰ ਆਪਣੀ ਰੋਜ਼ਾਨਾ ਵਿੱਚ ਸ਼ਾਮਲ ਕਰਕੇ ਇੱਕ ਸਿਹਤਮੰਦ ਤੇ ਖ਼ੁਸ਼ਹਾਲ ਜੀਵਨ ਬਤੀਤ ਕੀਤਾ ਜਾ ਸਕਦਾ ਹੈ।

# ਹਰਿਆਣਾ ਸਰਕਾਰ ਦਾ ਬਾਗਬਾਨੀ ਸਿਖਲਾਈ ਸੰਸਥਾਨ ਉਚਾਨੀ ਲੈ ਕੇ ਆ ਰਿਹਾ ਹੈ ਅਕਤੂਬਰ ’ਚ 5-ਦਿਨਾਂ ਸਿਖਲਾਈ ਪ੍ਰੋਗਰਾਮ; ਆਨਲਾਈਨ ਅਰਜ਼ੀਆਂ ਸ਼ੁਰੂ

**ਚੰਡੀਗੜ੍ਹ, 30 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਦੇ ਬਾਗਬਾਨੀ ਵਿਭਾਗ ਦੇ ਤਹਿਤ ਬਾਗਬਾਨੀ ਸਿਖਲਾਈ ਸੰਸਥਾਨ, ਉਚਾਨੀ (ਕਰਨਾਲ) ਵੱਲੋਂ ਅਕਤੂਬਰ 2026 ਮਹੀਨੇ ਵਿੱਚ ਵੱਖ-ਵੱਖ ਬਾਗਬਾਨੀ ਵਿਸ਼ਿਆਂ ’ਤੇ ਪੰਜ ਦਿਨਾਂ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਿਖਲਾਈ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਹਰਿਆਣਾ ਰਾਜ ਦੇ ਸਾਰੇ ਜ਼ਿਲ੍ਹਿਆਂ ਦੇ ਚਾਹਵਾਨ ਉਮੀਦਵਾਰ ਬਾਗਬਾਨੀ ਵਿਭਾਗ ਦੀ ਅਧਿਕਾਰਤ ਵੈਬਸਾਈਟ kaushal.hortharyana.gov.in ਰਾਹੀਂ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਬਿਨੈਕਾਰਾਂ ਦੀ ਘੱਟੋ-ਘੱਟ ਉਮਰ 18 ਸਾਲ ਹੋਣੀ ਚਾਹੀਦੀ ਹੈ ਅਤੇ ਉਮੀਦਵਾਰਾਂ ਦੀ ਚੋਣ ’ਪਹਿਲਾਂ ਆਓ, ਪਹਿਲਾਂ ਪਾਓ’ ਦੇ ਆਧਾਰ ’ਤੇ ਕੀਤੀ ਜਾਵੇਗੀ। ਰਜਿਸਟਰਡ ਉਮੀਦਵਾਰਾਂ ਨੂੰ ਸਿਖਲਾਈ ਲਈ ਆਉਂਦੇ ਸਮੇਂ ਆਪਣਾ ਆਧਾਰ ਕਾਰਡ, ਬੈਂਕ ਪਾਸਬੁੱਕ ਅਤੇ ਪੈਨ ਕਾਰਡ ਨਾਲ ਲਿਆਉਣਾ ਲਾਜ਼ਮੀ ਹੈ।

ਯੋਜਨਾ ਦੇ ਤਹਿਤ ਸਿਖਿਆਰਥੀਆਂ ਨੂੰ ਬੱਸ ਕਰਾਇਆ ਡੀ.ਬੀ.ਟੀ. (42“) ਰਾਹੀਂ ਦਿੱਤਾ ਜਾਵੇਗਾ, ਜਦੋਂ ਕਿ ਸਿਖਲਾਈ ਦੌਰਾਨ ਉਨ੍ਹਾਂ ਦੇ ਰਹਿਣ ਅਤੇ ਖਾਣ ਦੀ ਵਿਵਸਥਾ ਪੂਰੀ ਤਰ੍ਹਾਂ ਮੁਫ਼ਤ ਰਹੇਗੀ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਜਿਨ੍ਹਾਂ ਉਮੀਦਵਾਰਾਂ ਨੇ ਪਹਿਲਾਂ ਇਹਨਾਂ ਵਿਸ਼ਿਆਂ ’ਤੇ ਸਿਖਲਾਈ ਪ੍ਰਾਪਤ ਕਰ ਲਈ ਹੈ, ਉਹ ਮੁੜ ਉਸੇ ਵਿਸ਼ੇ ਲਈ ਰਜਿਸਟ੍ਰੇਸ਼ਨ ਨਾ ਕਰਵਾਉਣ।

ਅਕਤੂਬਰ ਮਹੀਨੇ ਵਿੱਚ ਆਯੋਜਿਤ ਹੋਣ ਵਾਲੇ ਸਿਖਲਾਈ ਪ੍ਰੋਗਰਾਮਾਂ ਵਿੱਚ ਪਹਿਲੀ ਸਿਖਲਾਈ ਫਲ ਅਤੇ ਸਬਜ਼ੀਆਂ ਵਿੱਚ ਪ੍ਰੋਸੈਸਿੰਗ, ਸੰਭਾਲ ਅਤੇ ਮੁੱਲ ਵਾਧਾ (Value Addition) ’ਤੇ 5 ਤੋਂ 9 ਅਕਤੂਬਰ ਤੱਕ ਆਯੋਜਿਤ ਹੋਵੇਗੀ, ਜਿਸ ਦੀਆਂ 40 ਸੀਟਾਂ ਲਈ ਰਜਿਸਟ੍ਰੇਸ਼ਨ 28 ਸਤੰਬਰ (ਸਵੇਰੇ 10:00 ਵਜੇ) ਤੋਂ 4 ਅਕਤੂਬਰ (ਸ਼ਾਮ 5:00 ਵਜੇ) ਤੱਕ ਖੁੱਲ੍ਹੀ ਰਹੇਗੀ। ਦੂਜਾ ਪ੍ਰੋਗਰਾਮ ਫਲ ਉਤਪਾਦਨ ਤਕਨੀਕ 12 ਤੋਂ 16 ਅਕਤੂਬਰ ਦੇ ਵਿਚਕਾਰ ਆਯੋਜਿਤ ਕੀਤਾ ਜਾਵੇਗਾ, ਜਿਸ ਲਈ 40 ਸੀਟਾਂ ’ਤੇ ਅਰਜ਼ੀਆਂ 28 ਸਤੰਬਰ ਤੋਂ 11 ਅਕਤੂਬਰ (ਸ਼ਾਮ 5:00 ਵਜੇ) ਤੱਕ ਕੀਤੀਆਂ ਜਾ ਸਕਣਗੀਆਂ। ਇਸੇ ਮਿਆਦ ਵਿੱਚ 12 ਤੋਂ 16 ਅਕਤੂਬਰ ਤੱਕ Nursery Management as per HHN Rules-2026 ’ਤੇ 20 ਸੀਟਾਂ ਲਈ ਸਿਖਲਾਈ ਹੋਵੇਗੀ, ਜਿਸ ਦੀਆਂ ਅਰਜ਼ੀਆਂ 5 ਅਕਤੂਬਰ ਤੋਂ 9 ਅਕਤੂਬਰ (ਸ਼ਾਮ 5:00 ਵਜੇ) ਤੱਕ ਲਈਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ, ਸਬਜ਼ੀਆਂ ਅਤੇ ਫੁੱਲਾਂ ਦੀ ਸੁਰੱਖਿਅਤ ਖੇਤੀ ਅਤੇ ਪੋਲੀ ਹਾਊਸ ਦੀ ਦੇਖਭਾਲ ’ਤੇ 19 ਤੋਂ 23 ਅਕਤੂਬਰ ਤੱਕ 40 ਸੀਟਾਂ ਲਈ ਸਿਖਲਾਈ ਆਯੋਜਿਤ ਹੋਵੇਗੀ, ਜਿਸ ਲਈ ਰਜਿਸਟ੍ਰੇਸ਼ਨ 5 ਅਕਤੂਬਰ ਤੋਂ 18 ਅਕਤੂਬਰ (ਸ਼ਾਮ 5:00 ਵਜੇ) ਤੱਕ ਚਾਲੂ ਰਹੇਗੀ। ਅੰਤਿਮ ਪੜਾਅ ਵਿੱਚ ਖੁੰਭ (ਮਸ਼ਰੂਮ) ਉਤਪਾਦਨ ਅਤੇ ਤੁੜਾਈ ਤੋਂ ਬਾਅਦ ਪ੍ਰਬੰਧਨ ’ਤੇ 26 ਤੋਂ 30 ਅਕਤੂਬਰ ਦੇ ਵਿਚਕਾਰ 40 ਸੀਟਾਂ ਲਈ ਸਿਖਲਾਈ ਦਿੱਤੀ ਜਾਵੇਗੀ, ਜਿਸ ਦੀਆਂ ਅਰਜ਼ੀਆਂ 16 ਅਕਤੂਬਰ ਤੋਂ 23 ਅਕਤੂਬਰ (ਸ਼ਾਮ 5:00 ਵਜੇ) ਤੱਕ ਸਵੀਕਾਰ ਕੀਤੀਆਂ ਜਾਣਗੀਆਂ।

ਬੁਲਾਰੇ ਨੇ ਅੱਗੇ ਦੱਸਿਆ ਕਿ ਆਨਲਾਈਨ ਅਰਜ਼ੀ ਤੋਂ ਇਲਾਵਾ, ਉਮੀਦਵਾਰ ਕੰਮਕਾਜ ਦੇ ਦਿਨਾਂ ਵਿੱਚ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਆਪਣੇ ਸੰਬੰਧਿਤ ਜ਼ਿਲ੍ਹਾ ਬਾਗਬਾਨੀ ਅਧਿਕਾਰੀ, ਬਾਗਬਾਨੀ ਵਿਕਾਸ ਅਧਿਕਾਰੀ ਜਾਂ ਬਾਗਬਾਨੀ ਸਿਖਲਾਈ ਸੰਸਥਾਨ ਉਚਾਨੀ (ਕਰਨਾਲ) ਵਿੱਚ ਹਾਜ਼ਰ ਹੋ ਕੇ ਵੀ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਕਿਸੇ ਵੀ ਸਹਾਇਤਾ ਜਾਂ ਸਵਾਲ ਲਈ ਮੋਬਾਈਲ ਨੰਬਰ 8570077877 ਜਾਂ ਟੋਲ-ਫ੍ਰੀ ਨੰਬਰ 18001802021 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਊਰਜਾ ਸੰਭਾਲ ’ਤੇ ਰਾਸ਼ਟਰੀ ਚਿੱਤਰਕਾਰੀ ਮੁਕਾਬਲਾ-2026 ਦਾ ਐਲਾਨ; ਸਕੂਲੀ ਵਿਦਿਆਰਥੀਆਂ ਲਈ ਆਕਰਸ਼ਕ ਇਨਾਮ ਜਿੱਤਣ ਦਾ ਮੌਕਾ

**ਚੰਡੀਗੜ੍ਹ, 30 ਸਤੰਬਰ**
**-ਸੰਜੀਵ ਸ਼ਰਮਾ-**

ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ ਵੱਲੋਂ ਆਪਣੀ ਕਲਪਨਾ ਨਾਲ ਭਵਿੱਖ ਨੂੰ ਰੰਗੋ ਸੰਦੇਸ਼ ਦੇ ਨਾਲ ’ਊਰਜਾ ਸੰਭਾਲ ’ਤੇ ਰਾਸ਼ਟਰੀ ਚਿੱਤਰਕਾਰੀ ਮੁਕਾਬਲੇ - 2026’ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਕੂਲੀ ਬੱਚਿਆਂ ਵਿੱਚ ਊਰਜਾ ਬਚਤ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਆਯੋਜਿਤ ਇਸ ਮੁਕਾਬਲੇ ਨੂੰ ਦੋ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ।

ਇੱਕ ਸਰਕਾਰੀ ਬੁਲਾਰੇ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਚ ’ਗਰੁੱਪ ਏ’ ਦੇ ਤਹਿਤ 5ਵੀਂ, 6ਵੀਂ ਅਤੇ 7ਵੀਂ ਜਮਾਤ ਦੇ ਵਿਦਿਆਰਥੀ ਅਤੇ ’ਗਰੁੱਪ ਬੀ’ ਦੇ ਤਹਿਤ 8ਵੀਂ, 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀ ਹਿੱਸਾ ਲੈ ਸਕਦੇ ਹਨ। ਦੋਵਾਂ ਹੀ ਗਰੁੱਪਾਂ ਲਈ ਚਿੱਤਰਕਾਰੀ ਦੇ ਮੁੱਖ ਵਿਸ਼ੇ ਸਕੂਲ ਅਤੇ ਘਰ ’ਚ ਊਰਜਾ ਬਚਾਓ ਅਤੇ ਊਰਜਾ ਸੰਭਾਲ ਊਰਜਾ ਸੁਰੱਖਿਆ ਦੀ ਕੁੰਜੀ ਹੈ ਨਿਰਧਾਰਿਤ ਕੀਤੇ ਗਏ ਹਨ। ਇਸ ਮੁਕਾਬਲੇ ਦੇ ਤਹਿਤ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਪੱਧਰ ਅਤੇ ਰਾਸ਼ਟਰੀ ਪੱਧਰ ’ਤੇ ਦੋਵਾਂ ਗਰੁੱਪਾਂ ਦੇ ਜੇਤੂਆਂ ਨੂੰ ਆਕਰਸ਼ਕ ਨਕਦ ਇਨਾਮ ਅਤੇ ਮੈਡਲ ਦਿੱਤੇ ਜਾਣਗੇ।

ਬੁਲਾਰੇ ਨੇ ਦੱਸਿਆ ਕਿ ਰਾਜ ਪੱਧਰੀ ਮੁਕਾਬਲੇ ਵਿੱਚ ਹਰੇਕ ਸ਼੍ਰੇਣੀ ਦੇ ਪਹਿਲੇ ਇਨਾਮ ਜੇਤੂ ਨੂੰ 50,000 ਤੇ ਸੋਨੇ ਦਾ ਮੈਡਲ, ਦੂਜੇ ਇਨਾਮ ਜੇਤੂ ਨੂੰ 30,000 ਤੇ ਚਾਂਦੀ ਦਾ ਮੈਡਲ, ਤੀਜੇ ਇਨਾਮ ਜੇਤੂ ਨੂੰ 20,000 ਤੇ ਕਾਂਸੀ ਦਾ ਮੈਡਲ ਅਤੇ 10 ਪ੍ਰਸ਼ੰਸਾ ਇਨਾਮ ਜੇਤੂਆਂ ਨੂੰ 7,500-7,500 ਦੀ ਰਾਸ਼ੀ ਦਿੱਤੀ ਜਾਵੇਗੀ। ਉੱਥੇ ਹੀ, ਰਾਸ਼ਟਰੀ ਪੱਧਰ ਦੇ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 1,00,000, ਇੱਕ ਲੈਪਟਾਪ ਤੇ ਸੋਨੇ ਦਾ ਮੈਡਲ; ਦੂਜੇ ਸਥਾਨ ਲਈ 50,000, ਇੱਕ ਲੈਪਟਾਪ ਤੇ ਚਾਂਦੀ ਦਾ ਮੈਡਲ; ਤੀਜੇ ਸਥਾਨ ਲਈ 30,000, ਇੱਕ ਲੈਪਟਾਪ ਤੇ ਕਾਂਸੀ ਦਾ ਮੈਡਲ ਅਤੇ 10 ਪ੍ਰਸ਼ੰਸਾ ਇਨਾਮ ਜੇਤੂਆਂ ਨੂੰ ?15,000-15,000 ਦੇ ਨਾਲ ਟੈਬਲੇਟ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਰਾਸ਼ਟਰੀ ਜੇਤੂਆਂ ਨੂੰ ਭਾਰਤ ਵਿੱਚ ਅਧਿਐਨ ਦੌਰ¶ (Study Tour) ਦਾ ਮੌਕਾ ਵੀ ਦਿੱਤਾ ਜਾਵੇਗਾ। ਮੁਕਾਬਲੇ ਵਿੱਚ ਹਿੱਸਾ ਲੈਣ ਲਈ ਪੇਂਟਿੰਗ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 15 ਅਕਤੂਬਰ, 2026 ਤੈਅ ਕੀਤੀ ਗਈ ਹੈ।

ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਵਿਦਿਆਰਥੀ ਆਪਣੀ ਪੇਂਟਿੰਗ ਡਾਕ ਦੁਆਰਾ ਜਾਂ ਹੱਥੋਂ-ਹੱਥ ਨੋਡਲ ਅਧਿਕਾਰੀ ਦੇ ਪਤੇ: ਇੰਜੀ. ਰਾਜੀਵ ਸ਼ਾਹੀ, ਡਾਇਰੈਕਟਰ/ਮਾਨਵ ਸੰਸਾਧਨ ਵਿਕਾਸ—ਕਮ—ਨੋਡਲ ਅਧਿਕਾਰੀ, ਬੀ.ਬੀ.ਐਮ.ਬੀ. (22$2), ਪਲਾਟ ਨੰਬਰ 6-ਬੀ, ਮੱਧ ਮਾਰਗ, ਸੈਕਟਰ 19-ਬੀ, ਚੰਡੀਗੜ੍ਹ-160019 ’ਤੇ ਭੇਜ ਸਕਦੇ ਹਨ।




